ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 3 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਨਹੀਂਓਂ ਭੁੱਲਣਾ ਜੂਨ 84

### ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਅਤੇ ਕਤਲੇਆਮ ਦੀ ਤੁਲਨਾ ਅਸੀਂ ਤੁਰਕੀ ਅਤੇ ਇਰਾਕ ਦੀਆਂ ਕੁਰਦਿਸ਼ ਲੋਕਾਂ ਨੂੰ ਦਬਾਉਣ ਨਾਲ ਕਰ ਸਕਦੇ ਹਾਂ

3

ਇਕ ਫੌਜੀ ਕਹਿ ਰਿਹਾ ਸੀ "ਹਮਾਰੇ ਬਹੁਤ ਸਾਰੇ ਆਦਮੀ ਮਾਰੇ ਗਏ ਹੈਂ।"

ਜਿਸ ਤਰ੍ਹਾਂ ਪਹਿਲਾ ਦੱਸਿਆ ਜਾ ਚੁੱਕਾ ਹੈ ਕਿ ਫੌਜ ਦੇ ਕਬਜ਼ੇ ਵਿੱਚ ਆਉਣ ਵਾਲੀ ਸਭ ਤੋਂ ਪਹਿਲੀ ਬਿਲਡਿੰਗ ਗੁਰੂ ਰਾਮਦਾਸ ਸਰਾਂ ਸੀ। ਇਥੇ ਕੋਈ 50 ਕੁ ਖਾੜਕੂ ਸਿੰਘ ਸਨ ਜੋ ਹੁਣ ਇਥੋਂ ਜਾ ਚੁੱਕੇ ਸਨ। ਇਥੇ ਹੁਣ ਬੱਚੇ, ਬੁੱਢੇ ਅਤੇ ਬੀਬੀਆਂ ਸਨ ਇਨ੍ਹਾਂ ਵਿੱਚੋਂ ਕੁਝ ਜਵਾਨ ਵੀ ਸਨ। ਇਥੇ ਫੌਜ ਵੱਲੋਂ ਕੀਤੇ ਜ਼ੁਲਮ ਹੁਣ ਤੱਕ ਹੋਏ ਹਕੂਮਤੀ ਜ਼ੁਲਮਾਂ ਨੂੰ ਫਿੱਕਾ ਕਰ ਦਿੰਦੇ ਹਨ। ਹਿਟਲਰ ਦੇ ਗੈਸ ਚੈਮਬਰ ਇਤਿਹਾਸ ਵਿੱਚ ਪੜ੍ਹਦੇ ਹਾਂ ਜਿਥੇ ਹਜ਼ਾਰਾਂ ਯਹੂਦੀਆਂ ਨੂੰ ਇਕ ਵੱਡੇ ਸਾਰੇ ਹਾਲ ਵਿੱਚ ਬੰਦ ਕਰਕੇ ਅੰਦਰ ਗੈਸ ਚੈਮਬਰ ਇਤਿਹਾਸ ਵਿੱਚ ਪੜ੍ਹਦੇ ਹਾਂ ਜਿਥੇ ਹਜ਼ਾਰਾਂ ਯਹੂਦੀਆਂ ਨੂੰ ਇਕ ਵੱਡੇ ਸਾਰੇ ਹਾਲ ਵਿੱਚ ਬੰਦ ਕਰਕੇ ਅੰਦਰ ਗੈਸ ਛੱਡ ਦਿੱਤੀ ਜਾਂਦੀ ਸੀ ਇਥੇ ਸਾਨੂੰ ਸਟਾਲਿਨ ਦੇ ਵੀ ਕਾਰਨਾਮੇ ਯਾਦ ਆ ਜਾਂਦੇ ਹਨ ਕਿ ਜਿਵੇਂ ਨਵੇਂ ਯੁੱਗ ਦੀ ਸ਼ੁਰੂਆਤ ਮੰਨਦੇ ਹਾਂ ਜਦੋਂ ਹਕੂਮਤ ਲੋਕਾਂ 'ਤੇ ਜ਼ੁਲਮ ਵੀ ਕਰਦੀ ਹੈ ਉਨ੍ਹਾਂ ਦੀ ਨਸਲਕੁਸ਼ੀ ਕਰਦੀ ਹੈ ਪਰ ਇਹ ਛੁਪਾ ਕੇ ਰੱਖੇ ਜਾਂਦੇ ਹਨ ਇਹ ਸਟਾਲਿਨਿਸਟ ਨੀਤੀ ਕਹਾਉਂਦੀ ਹੈ।ਆਪਣੇ ਰਾਜਨੀਤਕ ਵਿਰੋਧੀ ਕੌਮਾਂ ਜਾਂ ਪਾਰਟੀ ਦੇ ਲੋਕਾਂ ਨੂੰ ਕਿਵੇਂ ਦੁਨੀਆਂ ਦੀਆਂ ਅੱਖਾਂ ਵਿੱਚ ਘੱਟਾ ਪਾ ਕੇ ਖ਼ਤਮ ਕਰਨਾ ਹੈ।

ਦੁਨੀਆ ਦੇ ਇਤਿਹਾਸ ਵਿੱਚ ਹੋਰ ਬਹੁਤ ਸਾਰੀਆਂ ਉਦਾਹਰਣਾਂ ਇਸ ਤਰ੍ਹਾਂ ਦੀਆਂ ਮਿਲ ਜਾਂਦੀਆਂ ਹਨ ਜਿਸ ਤਰ੍ਹਾਂ ਕਿ ਦੂਸਰੇ ਸੰਸਾਰ ਯੁੱਧ ਵਿੱਚ ਜਾਪਾਨੀ ਫੌਜਾਂ ਨੇ ਕੋਰੀਆਈ ਲੋਕਾਂ 'ਤੇ ਅੰਨ੍ਹੇਵਾਹ ਜ਼ੁਲਮ ਕੀਤੇ ਸਨ। ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਅਤੇ ਕਤਲੇਆਮ ਦੀ ਤੁਲਨਾ ਅਸੀਂ ਤੁਰਕੀ ਅਤੇ ਇਰਾਕ ਦੀਆਂ ਕੁਰਦਿਸ਼ ਲੋਕਾਂ ਨੂੰ ਦਬਾਉਣ ਨਾਲ ਕਰ ਸਕਦੇ ਹਾਂ। ਇਨ੍ਹਾਂ ਲੋਕਾਂ ਨੂੰ ਦਬਾਉਣ ਲਈ ਇਸ ਤਰ੍ਹਾਂ ਦੇ ਹੀ ਹੱਥਕੰਡੇ ਅਪਨਾਏ ਗਏ। ਲੋਕਾਂ ਨੂੰ ਇਸ ਤਰ੍ਹਾਂ ਮਾਰਿਆ ਅਤੇ ਦਬਾਇਆ ਗਿਆ ਕਿ ਉਹ ਲੰਮੇ ਸਮੇਂ ਤੱਕ ਉਠ ਨਾ ਸਕਣ। ਸਿੱਖਾਂ ਦੇ ਆਪਣੇ ਇਤਿਹਾਸ ਵਿੱਚ ਛੋਟੇ ਅਤੇ ਵੱਡੇ ਦੋ ਘੱਲੂਘਾਰੇ 18ਵੀਂ ਸਦੀ ਵਿੱਚ ਵਾਪਰੇ। ਇਹ ਕਤਲੇਆਮ ਬਿਨਾ ਕਿਸੇ ਭੇਦ ਦੇ ਕੀਤਾ ਗਿਆ ਹੈ ਜਦੋਂ ਔਰਤਾਂ, ਬੱਚੇ, ਬੁੱਢੇ ਵੀ ਫੌਜ ਨੇ ਮਾਰੇ ਕੁਝ ਇਸ ਤਰ੍ਹਾਂ ਦਾ ਇਥੇ ਗੁਰੂ ਰਾਮਦਾਸ ਸਰ੍ਹਾਂ ਵਿੱਚ ਵਾਪਰਿਆ ਕਿ ਕਿਵੇਂ ਅੰਦਰ ਤਹਿਖਾਨੇ ਵਿੱਚ ਬੰਦ ਔਰਤਾਂ ਤੇ ਬੱਚਿਆਂ ਨੂੰ ਅੱਗ ਵਾਲੇ ਬੰਬ ਸੁੱਟ ਕੇ ਅੰਦਰ ਹੀ ਖ਼ਤਮ ਕਰ ਦਿੱਤਾ ਗਿਆ। ਭੜਕੇ ਹੋਏ ਫੌਜੀਆਂ ਨੇ ਛੋਟੇ-ਛੋਟੇ ਮਾਸੂਮ ਬੱਚਿਆਂ ਨੂੰ ਉਨ੍ਹਾਂ ਦੀਆਂ ਮਾਵਾਂ ਤੋਂ ਖੋਹ ਕੇ ਸਰਾਂ ਵਿੱਚ ਦਰੀਆਂ ਅਤੇ ਰਜਾਈਆਂ ਵਾਲੇ ਕਮਰਿਆਂ ਵਿੱਚ ਲੱਗੀ ਹੋਈ ਅੱਗ ਵਿੱਚ ਸੁੱਟ ਦਿੱਤਾ।ਮੰਜੀ ਸਾਹਿਬ ਦੀਵਾਨ ਹਾਲ ਵਿੱਚ ਬੈਠੀ ਜ਼ਿਆਦਾਤਰ ਸੰਗਤ ਨੂੰ ਉਥੇ ਹੀ ਖ਼ਤਮ ਕਰ ਦਿੱਤਾ ਗਿਆ।ਇਨ੍ਹਾਂ ਵਿੱਚ ਜਵਾਨਾਂ ਨੂੰ ਪਹਿਲਾ ਕੱਢਿਆ ਗਿਆ ਇਨ੍ਹਾਂ ਦੇ ਹੱਥ ਪਿੱਛੋਂ ਇਨ੍ਹਾਂ ਦੀ ਹੀ ਪਗੜੀਆਂ ਨਾਲ ਬੰਨ੍ਹ ਕੇ ਪਰਕਰਮਾ ਵਿੱਚ ਲਿਜਾ ਕੇ ਗੋਲੀ ਮਾਰ ਦਿੱਤੀ। ਫੌਜੀਆਂ ਨੇ ਪਰਕਰਮਾ ਦੇ ਕਮਰਿਆਂ ਅਤੇ ਸਰਾਂ ਵਿੱਚ ਲੋਕਾਂ ਨੂੰ ਮਾਰਨ ਲਈ ਹਰ ਤਰੀਕਾ ਵਰਤਿਆ। ਜ਼ੁਲਮ ਹੱਦਾਂ ਬੰਨ੍ਹੇ ਟੱਪ ਗਿਆ।ਲੋਕ ਲੋਕਤਾਂਤਰਿਕ ਸਰਕਾਰ ਲੋਕਾਂ ਨਾਲ ਅਜਿਹਾ ਸਲੂਕ ਵੀ ਕਰ ਸਕਦੀ ਹੈ ਇਹ ਸਿੱਖਾਂ ਨੇ ਇਕ ਘੱਟਗਿਣਤੀ ਹੋਣ ਕਾਰਨ ਹੰਢਾਇਆ ਜੋ ਕਿ ਬਹੁਗਿਣਤੀ ਨੂੰ ਖ਼ੁਸ਼ ਕਰਨ ਅਤੇ ਉਨ੍ਹਾਂ ਦੀਆਂ ਵੋਟਾਂ ਲੈਣ ਲਈ ਕੀਤਾ ਗਿਆ ਸੀ।


6 ਜੂਨ ਨੂੰ ਦੁਪਹਿਰ ਤੱਕ ਫਾਇਰਿੰਗ ਬੰਦ ਹੋ ਚੁੱਕੀ ਸੀ। ਪਰਕਰਮਾ, ਸਰਾਵਾਂ ਅਤੇ ਅਕਾਲ ਤਖ਼ਤ ਸਾਹਿਬ ਦੇ 100 ਮੀਟਰ ਘੇਰੇ ਵਿੱਚ ਅਤੇ ਸਰਵੋਰ ਵਿੱਚ ਲਾਸ਼ਾਂ ਹੀ ਲਾਸ਼ਾਂ ਸਨ। ਇਸੇ ਦਿਨ ਹੀ ਮਿਊਂਸੀਪਲ ਕਾਰਪੋਰੇਸ਼ਨ ਦੇ ਲੋਕਾਂ ਦੀ ਡਿਊਟੀ ਇਨ੍ਹਾਂ ਲਾਸ਼ਾਂ ਨੂੰ ਸਾਂਭਣ ਵਿੱਚ ਲੱਗੀ। ਮਿਊਂਸੀਪਲ ਕਾਰਪੋਰੇਸ਼ਨ ਦਾ ਇਕ ਅਧਿਕਾਰੀ ਜੋ ਉਸ ਸਮੇਂ ਆਪਣੀ ਡਿਊਟੀ ਕਰ ਰਿਹਾ ਸੀ ਤੇ ਆਪਣੀਆਂ ਅੱਖਾਂ ਨਾਲ ਇਹ ਸਭ ਕੁਝ ਵੇਖਿਆ ਉਸਨੇ ਦੱਸਿਆ- "ਅਸੀਂ ਸਭ ਤੋਂ ਪਹਿਲਾ ਸੰਤ ਜਰਨੈਲ ਸਿੰਘ, ਬਾਬਾ ਥਾਹਰਾ ਸਿੰਘ, ਭਾਈ ਅਮਰੀਕ ਸਿੰਘ ਅਤੇ ਜਨਰਲ ਸੁਬੇਗ ਸਿੰਘ ਦੀਆਂ ਲਾਸ਼ਾਂ ਕੱਢੀਆਂ। ਜਨਰਲ ਸੁਬੇਗ ਸਿੰਘ ਦੀ ਲਾਸ਼ ਨੂੰ ਠੁਡੇ ਮਾਰ ਗਏ। ਜਨਰਲ ਸੁਬੇਗ ਸਿੰਘ ਨੇ ਉਸ ਸਮੇਂ ਸਟੈਚਲਾਨ ਦੀ ਨੀਲੀ ਪੈਂਟ ਪਾਈ ਹੋਈ ਸੀ ਤੇ ਡੱਬੀਆਂ ਵਾਲੀ ਚਿੱਟੀ ਕਮੀਜ਼। ਸਾਰੇ ਕਰਮਚਾਰੀਆਂ ਨੇ ਬੂਟ ਪਾਏ ਹੋਏ ਸਨ। ਪਰਕਮਾ ਵਿੱਚ ਲਾਸ਼ਾਂ, ਕੰਕਰੀਟ, ਗੋਲੀਆਂ ਅਤੇ ਗੋਲਿਆਂ ਦੇ ਖੋਲ ਪਏ ਸਨ।"

ਇਤਿਹਾਸ ਵਿੱਚ ਸਿੰਘਾਂ ਦੇ ਸਿਰ ਗੱਡਿਆਂ ਉਤੇ ਢੋਅ ਕੇ ਲੋਕਾਂ ਦੇ ਪ੍ਰਦਰਸ਼ਨ ਲਈ ਦਿੱਲੀ ਲਾਹੌਰ ਲੈ ਜਾਂਦੇ ਰਹੇ ਤਾਂ ਕਿ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਕੇ ਉਨ੍ਹਾਂ ਨੂੰ ਇਹ ਦੱਸ ਦਿੱਤਾ ਜਾਵੇ ਕਿ ਜਿਹੜਾ ਹਕੂਮਤ ਦੇ ਖਿਲਾਫ਼ ਉਠੇਗਾ ਉਨ੍ਹਾਂ ਨਾਲ ਅਜਿਹਾ ਸਲੂਕ ਹੀ ਕੀਤਾ ਜਾਵੇਗਾ।ਪਰ ਇਤਿਹਾਸ ਗਵਾਹ ਹੈ ਕਿ ਅਜਿਹੇ ਵਰਤਾਇਆ ਨੇ ਸਿੱਖੀ ਨੂੰ ਇਕ ਨਵੀਂ ਦਿਸ਼ਾ ਤੇ ਸਿੱਖਾਂ ਵਿੱਚ ਇਕ ਨਵੀਂ ਰੂਹ ਫੂਕੀ। 6 ਜੂਨ ਤੱਕ ਦਰਬਾਰ ਸਾਹਿਬ ਕੰਪਲੈਕਸ ਵਿੱਚ ਹੋਈ ਕਤਲੋਗਾਰਤ ਤੋਂ ਬਾਅਦ ਸਿੰਘਾਂ ਸਿੰਘਣੀਆਂ ਬੱਚਿਆਂ ਦੀਆਂ ਬੁੱਢਿਆਂ ਦੀਆਂ ਲਾਸ਼ਾਂ ਤਾਂ ਪੁਰ ਥਾਂ ਪਈਆਂ ਸਨ। ਕਈ ਜਗਾ ਲਾਸ਼ਾਂ ਦੇ ਢੇਰ ਲੱਗੇ ਪਏ ਸਨ। ਹਕੂਮਤ ਹਰ ਸਦੀ ਵਿੱਚ ਸਿੱਖਾਂ ਨਾਲ ਅਜਿਹਾ ਸਲੂਕ ਕਰਦੀਆਂ ਰਹੀਆਂ ਹਨ। ਜੇ ਆਪਾਂ ਬਾਕੀ ਸਦੀਆਂ ਨੂੰ ਛੱਡ ਦੇਈਏ ਤਾਂ ਇਕ ਇਕੱਲੀ ਵੀਹਵੀਂ ਸਦੀ ਵਿੱਚ ਹੀ ਅੰਮ੍ਰਿਤਸਰ ਦੇ ਸਿੱਖਾਂ ਨੂੰ ਦੋ ਵਾਰ ਹਕੂਮਤੀ ਕਤਲੋਗਾਰਤ ਦਾ ਸਾਹਮਣਾ ਕਰਨਾ ਪਿਆ। ਇਹ ਸਨ 1919 ਅਤੇ 1984-1919 ਵਿੱਚ ਵਿਸਾਖੀ ਵਾਲੇ ਦਿਨ ਬ੍ਰਿਟਿਸ਼ ਹਕੂਮਤ ਦੇ ਖਿਲਾਫ਼ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਲੋਕਾਂ 'ਤੇ ਡਾਇਰ ਨੇ ਅੰਨ੍ਹੇਵਾਹ ਗੋਲੀ ਚਲਾਈ, ਤਿੰਨ ਹਜ਼ਾਰ ਤੋਂ ਵੱਧ ਲੋਕ ਮਾਰੇ ਗਏ ਸਨ ਇਨ੍ਹਾਂ ਵਿੱਚੋਂ 85% ਸਿੱਖ ਸਨ।ਮਾਰਸ਼ਲ ਲਾਅ ਲਾ ਦਿੱਤਾ ਗਿਆ ਸੀ। ਲੋਕਾਂ 'ਤੇ ਹਰ ਤਰ੍ਹਾਂ ਦਾ ਅਤਿਆਚਾਰ ਕੀਤਾ ਗਿਆ। ਲੋਕਾਂ ਨੂੰ ਗਲੀਆਂ ਵਿੱਚ ਕੂਹਣੀਆਂ ਭਾਰ ਚੱਲਣ ਲਈ ਮਜ਼ਬੂਰ ਕੀਤਾ ਗਿਆ ਸੀ। ਕਿਉਂਕਿ ਬਗਾਨੀ ਹਕੂਮਤ ਲੋਕਾਂ ਨਾਲ ਅਜਿਹਾ ਸਲੂਕ ਹੀ ਕਰਦੀ ਹੈ। ਗੁਲਾਮ ਲੋਕਾਂ ਨੂੰ ਅਵਾਜ਼ ਚੁੱਕਣ ਦੇ ਬਦਲੇ ਇਸ ਤਰ੍ਹਾਂ ਦੀ ਸਜ਼ਾ ਦਿੱਤੀ ਜਾਂਦੀ ਹੈ। ਠੀਕ 65 ਸਾਲ ਬਾਅਦ ਇਕ ਹੋਰ ਕਤਲੇਆਮ ਅਤੇ ਅਤਿਆਚਾਰ ਲੋਕਾਂ ਨੇ ਆਪਣੇ ਤਨਾਂ-ਮਨਾਂ 'ਤੇ ਦੇਖਿਆ, ਹੰਢਾਇਆ। ਇਨ੍ਹਾਂ ਅਤਿਆਚਾਰਾਂ ਦੇ ਮਨੋਵਿਗਿਆਨਿਕ ਪ੍ਰਭਾਵ ਅੱਜ ਵੀ ਅੰਮ੍ਰਿਤਸਰ ਦੇ ਲੋਕਾਂ ਵਿੱਚ ਦੇਖੇ ਜਾ ਸਕਦੇ ਹਨ ਲੋਕ ਇੰਨੇ ਜ਼ਿਆਦਾ ਪ੍ਰਭਾਵਿਤ ਹੋਏ ਕਿ ਇਕ ਅਜੀਬ ਜਿਹਾ ਸਹਿਮ ਅੱਜ ਵੀ ਇਨ੍ਹਾਂ ਲੋਕਾਂ ਦੇ ਚਿਹਰਿਆਂ 'ਤੇ ਪੜ੍ਹਿਆ ਜਾ ਸਕਦਾ ਹੈ। ਇਨ੍ਹਾਂ ਲੋਕਾਂ ਨੇ ਚੁੱਪ ਚੁਪੀਤੇ ਇਥੋਂ 6 ਜੂਨ 1984 ਤੋਂ ਬਾਅਦ ਸਸਕਾਰ ਲਈ ਲਿਜਾਈਆਂ ਗਈਆਂ ਲਾਸ਼ਾਂ ਦਾ ਇਕ ਭਿਆਨਕ ਦ੍ਰਿਸ਼ ਦੇਖਿਆ ਜਿਹੜਾ ਅੱਜ ਵੀ ਇਨ੍ਹਾਂ ਦੇ ਜਿਹਨ 'ਚੋਂ ਨਹੀਂ ਨਿਕਲਿਆ। 3 ਜੂਨ ਤੋਂ 6 ਜੂਨ ਤੱਕ ਹੋਈ ਕਤਲੋਗਾਰਤ ਜਿਸ ਵਿੱਚ ਹਜ਼ਾਰਾਂ ਲੋਕ ਮਾਰੇ, ਹਜ਼ਾਰਾਂ ਹੀ ਜਖ਼ਮੀ ਹੋਏ। ਇਸਤੋਂ ਬਾਅਦ ਦਾ ਨਜ਼ਾਰਾ ਦਿਲ ਕੰਬਾਊ ਸੀ ਲਾਸ਼ਾਂ ਗੰਨਿਆਂ ਵਾਂਗ ਟਰਾਲੀਆਂ ਵਿੱਚ ਲੱਦ ਕੇ ਸ਼ਮਸ਼ਾਨਘਾਟ ਲਿਜਾਈਆਂ ਜਾਂਦੀਆਂ ਸਨ। ਮਿਊਂਸਪਲ ਕਾਰਪੋਰੇਸ਼ਨ ਦਾ ਇਕ ਅਧਿਕਾਰੀ ਜਿਸਨੇ ਇਹ ਸਭ ਕੁਝ ਆਪਣੇ ਹੱਥੀਂ ਕੀਤਾ ਸੀ, ਦਸ ਰਿਹਾ ਸੀ "6 ਜੂਨ ਦੁਪਹਿਰ ਤੋਂ ਬਾਅਦ ਸਾਨੂੰ ਹੁਕਮ ਮਿਲਿਆ ਕਿ ਇਨ੍ਹਾਂ ਸਾਰੀਆਂ ਲਾਸ਼ਾਂ ਦਾ ਸਸਕਾਰ ਕਰਕੇ ਟਿਕਾਣੇ ਲਾ ਦਿਓ" ਉਸਨੇ ਦੱਸਿਆ ਕਿ 50 ਤੋਂ ਜ਼ਿਆਦਾ ਆਦਮੀ 10 ਗੱਡੀਆਂ ਵਿੱਚ ਲਾਸ਼ਾਂ ਢੋਹੰਦੇ ਰਹੇ।

ਪਰਕਰਮਾ ਵਿੱਚ ਲਾਸ਼ਾਂ ਹੀ ਲਾਸ਼ਾਂ ਸਨ। ਖ਼ੂਨ ਦੀਆਂ ਨਦੀਆਂ ਚੱਲ ਰਹੀਆਂ ਸਨ। ਅਸੀਂ ਇਹ ਸੁਣਿਆ ਹੀ ਹੋਵੇਗਾ ਪਰ ਅੰਮ੍ਰਿਤਸਰ ਦਰਬਾਰ ਸਾਹਿਬ ਦੇ ਆਸ-ਪਾਸ ਰਹਿਣ ਵਾਲੇ ਲੋਕਾਂ ਨੇ ਇਹ ਦੇਖਿਆ ਵੀ ਹੈ ਕਿ ਜਿਨ੍ਹਾਂ ਨਾਲਿਆਂ ਵਿੱਚ ਪਹਿਲਾ ਦਰਬਾਰ ਸਾਹਿਬ ਤੋਂ ਪਾਣੀ ਆਉਂਦਾ ਸੀ ਹੁਣ ਉਨ੍ਹਾਂ ਨਾਲਿਆਂ ਵਿੱਚ ਖ਼ੂਨ ਵਗ ਰਿਹਾ ਸੀ। ਮਿਊਂਸੀਪਲ ਕਾਰਪੋਰੇਸ਼ਨ ਦੇ ਲੋਕਾਂ ਨੇ ਇਸ ਸ਼ਰਤ 'ਤੇ ਲਾਸ਼ਾਂ ਚੁੱਕੀਆਂ ਕਿ ਜੋ ਪੈਸਾ, ਸੋਨਾ ਅਤੇ ਸਾਮਾਨ ਹੋਵੇਗਾ ਉਹ ਸਾਡਾ ਹੋਵੇਗਾ। ਇਨ੍ਹਾਂ ਦਾ ਕਹਿਣਾ ਸੀ ਕਿ ਇਕ ਦੋ ਦਿਨ ਤਾਂ ਸਾਡੇ ਕਰਮਚਾਰੀਆਂ ਨੇ ਇਹ ਕੰਮ ਕੀਤਾ ਪਰ ਪਿੱਛੋਂ ਜਦੋਂ ਫੌਜ ਨੇ ਇਹ ਵੇਖਿਆ ਕਿ ਇਹ ਸਾਰਾ ਕੁਝ ਲੈ ਜਾਣਗੇ ਤੀਜੇ ਦਿਨ ਫੌਜ ਵੀ ਪੈਸਾ ਸੋਨਾ ਅਤੇ ਸਾਮਾਨ 'ਕੱਠਾ ਕਰਨ ਵਿੱਚ ਜੁਟ ਗਈ।ਕਈ ਹਿਰਦੇਵੇਧਕ ਘਟਨਾਵਾਂ ਇਨ੍ਹਾਂ ਦੇ ਸਾਹਮਣੇ ਵਾਪਰੀਆਂ ਕਿ ਕਿਵੇਂ ਫੌਜੀ ਲਾਸ਼ਾਂ ਅਤੇ ਜ਼ਖਮੀਆਂ ਨੂੰ ਗਾਲਾਂ ਕੱਢ ਰਹੇ ਸਨ। ਇਕ ਬੀਬੀ ਦੀ ਲਾਸ਼ ਉਤੇ ਇਕ ਬੱਚਾ ਜੋ ਮਰ ਚੁੱਕਾ ਸੀ ਜਦੋਂ ਫੌਜੀਆਂ ਨੇ ਰਾਹ ਪੱਧਰਾ ਕਰਨ ਲਈ ਇਕ ਪਾਸੇ ਕੀਤੀ ਤਾਂ ਬੱਚਾ ਰੁੜ੍ਹ ਕੇ ਥੱਲੇ ਫਰਸ਼ ਉਥੇ ਆ ਡਿੱਗਾ। (ਚਲਦਾ)










# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

---


ਧਰਮ ਪ੍ਰਚਾਰ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net


---


# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ।।

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# GURDWARA BABA SANG JI SMETHWICK, BIRMINGHAM

# 6TH - 8TH JUNE




**Naujawan Sewak Sabha Birmingham UK**

## COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



**Sunday 8th June 2025 (12PM)**

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**

Design & Printed by Star Signs & Displays - 0121 572 0909

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


੪੧ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ
LIVE ON
ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਿਕ ਸੰਤ ਸਮਾਜ
ਵੱਲੋਂ: ਫੀਲਡ ਪੱਤਰਕਾਰ ਐਸੋਸੀਏਸ਼ਨ, ਬਾਬਾ ਬਕਾਲਾ ਸਾਹਿਬ, ਸਰਕਲ ਮਹਿਤਾ।


41 ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਿਕ ਸੰਤ ਸਮਾਜ
ਵੱਲੋਂ: ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸ੍ਰ. ਮੇਜਰ ਸਿੰਘ ਸਹੋਤਾ (ਸਾ.ਸਰਪੰਚ)



# 1 ਜੂਨ ਤੋਂ 6 ਜੂਨ 1984 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਵਾਪਰੇ ਘੱਲੂਘਾਰੇ 'ਚ ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਸ਼ਹਾਦਤ ਨੂੰ

# ਕੋਟਿ-ਕੋਟਿ ਪ੍ਰਣਾਮ



ਗਿਆਨੀ ਸੋਹਣ ਸਿੰਘ ਜੀ
ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਗਿਆਨੀ ਗੁਰਦੀਪ ਸਿੰਘ ਜੀ
'ਸੰਤ' ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਰਾਗੀ ਗੁਰਸ਼ਰਨ ਸਿੰਘ ਜੀ



ਭਾਈ ਜਸਬੀਰ ਸਿੰਘ ਜੀ 'ਅਰਿਫ਼ਕੇ'



ਭਾਈ ਦਵਿੰਦਰ ਸਿੰਘ ਜੀ 'ਲਾਡੀ' (ਡਰਾਈਵਰ)



ਭਾਈ ਗੁਰਰਾਜ ਸਿੰਘ ਜੀ

---★ ਵੱਲੋਂ ★---

# ਵਿਦਿਆਰਥੀ ਦਮਦਮੀ ਟਕਸਾਲ

## (ਜੱਥਾ ਭਿੰਡਰਾਂ), ਮਹਿਤਾ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 3 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਐਡਵੋਕੇਟ ਧਾਮੀ ਦੀ ਅਗਵਾਈ 'ਚ

# ਸ਼੍ਰੋਮਣੀ ਕਮੇਟੀ ਵਫ਼ਦ ਨੇ ਬਾਬਾ ਹਰਨਾਮ ਸਿੰਘ ਖਾਲਸਾ ਨਾਲ ਕੀਤੀ ਮੁਲਾਕਾਤ





**ਚੌਕ ਮਹਿਤਾ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨਾਲ ਮੁਲਾਕਾਤ ਕੀਤੀ। ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਈ ਇਸ ਮੁਲਾਕਾਤ ਦੌਰਾਨ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਰਣਜੀਤ ਸਿੰਘ ਕਾਹਲੋਂ, ਸ. ਜੋਧ ਸਿੰਘ ਸਮਰਾ, ਸ. ਬਲਜੀਤ ਸਿੰਘ ਜਲਾਲਉਸਮਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਹਾਜ਼ਰ ਸਨ।

ਮੀਟਿੰਗ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ 6 ਜੂਨ ਨੂੰ ਮਨਾਏ ਜਾ ਰਹੇ ਘਲੂਘਾਰਾ ਦਿਵਸ ਦੇ ਸਮਾਗਮ ਸਬੰਧੀ ਚੰਗੇ ਮਹੌਲ ਵਿੱਚ ਗਲਬਾਤ ਹੋਈ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਮੌਜੂਦਾ ਸਥਿਤੀ ਦਾ ਸੁਖਾਵਾਂ ਹੱਲ ਨਿਕਲ ਆਵੇਗਾ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸਬੰਧਤ ਟਕਸਾਲੀ ਅਕਾਲੀ ਆਗੂ ਅਤੇ ਸਮਰਪਿਤ ਪੰਥਕ ਸ਼ਖਸੀਅਤ ਮਾਸਟਰ ਕਿਸ਼ਨ ਸਿੰਘ ਨੀਲਾ ਨਰੋਆ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਐਡਵੋਕੇਟ ਧਾਮੀ ਨੇ ਮਾਸਟਰ ਕਿਸ਼ਨ ਸਿੰਘ ਨੀਲਾ ਨਰੋਆ ਦੀਆਂ ਪੰਥਕ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਅਜਿਹੀ ਸ਼ਖਸੀਅਤ ਦੇ ਮਾਲਕ ਸਨ, ਜਿਸ ਨੇ ਆਪਣੀ ਸਾਰੀ ਜ਼ਿੰਦਗੀ ਪੰਥਕ ਸੇਵਾਵਾਂ ਅਤੇ ਅਕਾਲੀ ਦਲ ਦੀ ਮਜ਼ਬੂਤੀ ਲਈ ਸਮਰਪਿਤ ਕਰ ਦਿੱਤੀ।

## ਪੰਜਾਬ ਰੋਡਵੇਜ਼ ਦੀ ਬੱਸ 'ਤੇ ਹਮਲਾ, ਮੰਜ਼ਰ ਦੇਖ ਸਵਾਰੀਆਂ ਦੇ ਸੁੱਕੇ ਸਾਹ

**ਅਬੋਹਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਪਿੰਡ ਸੀਡ ਫਾਰਮ ਦੇ ਕੁਝ ਨੌਜਵਾਨਾਂ ਨੇ ਰੋਡਵੇਜ਼ ਬੱਸ ਦੇ ਡਰਾਈਵਰ ਅਤੇ ਕੰਡਕਟਰ 'ਤੇ ਹਮਲਾ ਕੀਤਾ। ਇਸ ਦੇ ਵਿਰੋਧ 'ਚ ਬੱਸ ਡਰਾਈਵਰਾਂ ਨੇ ਮਲੋਟ ਚੌਕ 'ਤੇ ਆਵਾਜਾਈ ਜਾਮ ਕਰ ਦਿੱਤੀ। ਮਾਮਲਾ ਸਾਹਮਣੇ ਆਉਂਦੇ ਹੀ ਸਿਟੀ ਥਾਣਾ ਨੰਬਰ 1 ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ 2 ਲੋਕਾਂ ਨੂੰ ਗ੍ਰਿਫਤਾਰ ਕਰ ਕੇ ਉਨ੍ਹਾਂ ਤੋਂ ਪੁੱਛ-ਗਿੱਛ ਸ਼ੁਰੂ ਕਰ ਦਿੱਤੀ। ਬੱਸ ਡਰਾਈਵਰਾਂ ਨੇ ਕਿਹਾ ਕਿ ਉਹ ਉਦੋਂ ਤੱਕ ਆਵਾਜਾਈ ਨੂੰ ਸੁਚਾਰੂ ਨਹੀਂ ਕਰਨਗੇ ਜਦੋਂ ਤੱਕ ਉਨ੍ਹਾਂ 'ਤੇ ਹਮਲਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਨਹੀਂ ਕੀਤੀ ਜਾਂਦੀ।



ਜਾਣਕਾਰੀ ਦਿੰਦੇ ਹੋਏ ਰੋਡਵੇਜ਼ ਬੱਸ ਡਰਾਈਵਰ ਜ਼ੋਰਾ ਸਿੰਘ ਨੇ ਦੱਸਿਆ ਕਿ ਉਹ ਮਲੋਟ ਤੋਂ ਬੱਸ ਲਿਆ ਰਿਹਾ ਸੀ ਅਤੇ ਜਦੋਂ ਉਹ ਅਬੋਹਰ ਨੇੜੇ ਪਹੁੰਚਿਆ ਤਾਂ ਸੜਕ ਦੇ ਵਿਚਕਾਰ ਇਕ ਮੋਟਰਸਾਈਕਲ ਸਵਾਰ ਜਾ ਰਿਹਾ ਸੀ। ਜਦੋਂ ਉਸ ਨੇ ਹਾਰਨ ਵਜਾਇਆ ਤਾਂ ਉਕਤ ਮੋਟਰਸਾਈਕਲ ਸਵਾਰ ਨੇ ਉਸ ਨੂੰ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਆਪਣੇ ਦੋਸਤਾਂ ਨੂੰ ਫੋਨ ਕਰਕੇ ਬੁਲਾਇਆ। ਮਲੋਟ ਚੌਕ 'ਤੇ ਰੁਕਦੇ ਹੀ ਉਨ੍ਹਾਂ ਨੇ ਬੱਸ ਨੂੰ ਘੇਰ ਲਿਆ ਅਤੇ ਡਰਾਈਵਰ ਅਤੇ ਕੰਡਕਟਰ ਦੀ ਕੁੱਟਮਾਰ ਕੀਤੀ। ਇਸ ਦੌਰਾਨ ਬੱਸ ਵਿਚ ਬੈਠੀਆਂ ਸਵਾਰੀਆਂ ਵੀ ਸਹਿਮ ਗਈਆਂ। ਘਟਨਾ ਦਾ ਪਤਾ ਲੱਗਦੇ ਹੀ ਆਲੇ-ਦੁਆਲੇ ਦੇ ਲੋਕ ਇਕੱਠੇ ਹੋ ਗਏ ਤੇ ਰੋਡਵੇਜ਼ ਦੇ ਹੋਰ ਬੱਸ ਡਰਾਈਵਰ ਵੀ ਮੌਕੇ 'ਤੇ ਪਹੁੰਚ ਗਏ। ਉਨ੍ਹਾਂ ਨੇ ਚੌਕ 'ਤੇ ਸੜਕ ਜਾਮ ਕਰ ਦਿੱਤੀ ਜਦੋਂ ਕਿ ਲੜਾਈ 'ਚ ਸ਼ਾਮਲ ਨੌਜਵਾਨ ਉਥੋਂ ਭੱਜ ਗਏ। ਘਟਨਾ ਦਾ ਪਤਾ ਲੱਗਦੇ ਹੀ ਥਾਣਾ ਨੰਬਰ 1 ਦੀ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਰਣਜੀਤ ਸਿੰਘ ਅਤੇ ਇਕ ਹੋਰ ਨੌਜਵਾਨ ਨੂੰ ਗ੍ਰਿਫਤਾਰ ਕਰ ਲਿਆ। ਦੂਜੇ ਬੱਸ ਡਰਾਈਵਰ ਨਿਰਮਲ ਸਿੰਘ ਨੇ ਕਿਹਾ ਕਿ ਇਹ ਲੋਕ ਨਸ਼ੇ ਦਾ ਸੇਵਨ ਕਰਕੇ ਸੜਕ ਦੇ ਵਿਚਕਾਰ ਮੋਟਰਸਾਈਕਲ ਚਲਾਉਂਦੇ ਹਨ ਅਤੇ ਹਾਰਨ ਵਜਾਉਣ 'ਤੇ ਡਰਾਈਵਰ ਅਤੇ ਕੰਡਕਟਰ ਨਾਲ ਬਦਸਲੂਕੀ ਕਰਦੇ ਹਨ ਅਤੇ ਕੁੱਟਮਾਰ ਕਰਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਨ੍ਹਾਂ ਨੌਜਵਾਨਾਂ ਵਿਰੁੱਧ ਕਾਰਵਾਈ ਨਹੀਂ ਕੀਤੀ ਜਾਂਦੀ, ਉਹ ਬੱਸ ਨੂੰ ਸੜਕ ਤੋਂ ਨਹੀਂ ਹਟਾਉਣਗੇ ਅਤੇ ਪੂਰੇ ਪੰਜਾਬ ਦੀਆਂ ਰੋਡਵੇਜ਼ ਬੱਸਾਂ ਨੂੰ ਰੋਕ ਦੇਣਗੇ। ਮੌਕੇ 'ਤੇ ਪਹੁੰਚੇ ਪੁਲਸ ਮੁਲਾਜ਼ਮਾਂ ਨੇ ਕਿਹਾ ਕਿ ਦੋ ਨੌਜਵਾਨਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ ਅਤੇ ਉਨ੍ਹਾਂ ਤੋਂ ਪੁੱਛ-ਗਿੱਛ ਕੀਤੀ ਜਾ ਰਹੀ ਹੈ ਅਤੇ ਮਾਮਲੇ 'ਚ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਮੋਟਰਸਾਈਕਲ ਸਵਾਰ ਰਣਜੀਤ ਸਿੰਘ ਨੇ ਵੀ ਬੱਸ ਡਰਾਈਵਰ 'ਤੇ ਕੁੱਟਮਾਰ ਦਾ ਦੋਸ਼ ਲਾਇਆ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਸੰਤ ਭਿੰਡਰਾਂਵਾਲਿਆਂ ਦੇ ਪੁੱਤਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੋਂ ਸਨਮਾਨ ਨਹੀਂ ਲੈਣਗੇ

### ਸ਼੍ਰੋਮਣੀ ਕਮੇਟੀ ਸ਼ਹੀਦੀ ਸਮਾਗਮ ਮੌਕੇ ਭਾਈ ਗੜਗੱਜ ਨੂੰ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਤੋਂ ਰੋਕੇ : ਭਾਈ ਈਸ਼ਰ ਸਿੰਘ

**ਚੌਕ ਮਹਿਤਾ, 2 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਥਾਪਣ ਦਾ ਮਾਮਲਾ ਦਿਨੋਂ ਦਿਨ ਹੋਰ ਉਲਝਦਾ ਜਾ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 20ਵੀ ਸਦੀ ਦੇ ਮਹਾਨ ਸਿੱਖ ਦੀ ਉਪਾਧੀ ਨਾਲ ਨਿਵਾਜੇ ਗਏ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਅਤੇ ਭਾਈ ਇੰਦਰਜੀਤ ਸਿੰਘ ਨੇ ਕਿਹਾ ਕਿ 6 ਜੂਨ 1984 ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋ ਰਹੇ ਸਮਾਗਮ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਦੇ ਹਨ ਤਾਂ ਉਹ ਇਹ ਸਨਮਾਨ ਕਿਸੇ ਵੀ ਹਾਲਤ ਵਿੱਚ ਨਹੀਂ ਲੈਣਗੇ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ.ਹਰਜਿੰਦਰ ਸਿੰਘ ਧਾਮੀ ਨੂੰ ਸ਼ਹੀਦੀ ਸਮਾਗਮ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਤੋਂ ਰੋਕਣ ਦੀ ਅਪੀਲ ਕੀਤੀ ਹੈ। ਜੇਕਰ ਗੜਗੱਜ ਉਹਨਾਂ ਦਾ ਸਨਮਾਨ ਕਰਦੇ ਹਨ ਤਾਂ ਉਹ ਇਹ ਸਨਮਾਨ ਕਿਸੇ ਵੀ ਹਾਲਤ ਵਿੱਚ ਨਹੀਂ ਲੈਣਗੇ।" ਦਮਦਮੀ ਟਕਸਾਲ, ਸਿੱਖ ਸਟੂਡੈਂਟਸ ਫੈਡਰੇਸ਼ਨ, ਦਲ ਖ਼ਾਲਸਾ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਘੱਲੂਘਾਰੇ ਮੌਕੇ ਗੈਰ ਸਿਧਾਂਤਕ ਤਰੀਕੇ ਨਾਲ ਥੋਪੇ ਗਏ ਹੋਣ ਕਾਰਨ ਪੰਥ ਵੱਲੋਂ ਅਪ੍ਰਵਾਨ ਕੀਤੇ ਜਾ ਚੁੱਕੇ ਜਥੇਦਾਰ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਕਿਸੇ ਵੀ ਹਾਲਤ ਵਿੱਚ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਿਰੋਪੇ ਦੇਣ ਤੋਂ ਰੋਕਣ ਦੇ ਐਲਾਨ ਕੀਤੇ ਜਾ ਚੁੱਕੇ ਹਨ। ਯਾਦ ਰਹੇ ਕਿ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਹਰ ਸਾਲ ਸ਼ਹੀਦੀ ਸਮਾਗਮ ਕੀਤਾ ਜਾਂਦਾ ਹੈ। ਜਿੱਥੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅਰਦਾਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਕੌਮ ਦੇ ਨਾਮ ਸੰਦੇਸ਼ ਦਿੱਤਾ ਜਾਂਦਾ ਹੈ, ਉਪਰੰਤ ਸ਼ਹੀਦ ਪਰਿਵਾਰਾਂ ਨੂੰ ਜਥੇਦਾਰ ਵੱਲੋਂ ਸਨਮਾਨ ਦਿੱਤਾ ਜਾਂਦਾ ਹੈ।



## ਜੂਨ 1984 ਦੇ ਘੱਲੂਘਾਰੇ ਮੌਕੇ ਜ਼ਖ਼ਮੀ ਹੋਏ ਪਾਵਨ ਸਰੂਪ ਦੇ ਸੰਗਤਾਂ ਨੂੰ 6 ਜੂਨ ਤੱਕ ਕਰਵਾਏ ਜਾਣਗੇ ਦਰਸ਼ਨ



**ਅੰਮ੍ਰਿਤਸਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਜੂਨ 1984 'ਚ ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਜ਼ਖ਼ਮੀ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਦੇ ਇਸ ਵਾਰ ਵੀ 02 ਜੂਨ ਤੋਂ 6 ਜੂਨ ਤੱਕ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਣਗੇ। ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜੂਨ 1984 ਦਾ ਫ਼ੌਜੀ ਹਮਲਾ ਸਿੱਖ ਮਾਨਸਿਕਤਾ ਦਾ ਸਦੀਵ ਹਿੱਸਾ ਬਣ ਚੁੱਕਾ ਹੈ ਅਤੇ ਹਰ ਸਾਲ ਜੂਨ ਮਹੀਨਾ ਚੜ੍ਹਦਿਆਂ ਹੀ ਸਿੱਖ ਕੌਮ ਦੇ ਇਹ ਅੱਲ੍ਹੇ ਜ਼ਖ਼ਮ ਰਿਸਣ ਲੱਗਦੇ ਹਨ। ਉਨ੍ਹਾਂ ਕਿਹਾ ਕਿ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਇਸ ਫ਼ੌਜੀ ਹਮਲੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਉੱਤੇ ਹਮਲਾ ਕਰਕੇ ਜਿਥੇ ਹਜ਼ਾਰਾਂ ਸਿੱਖਾਂ ਨੂੰ ਸ਼ਹੀਦ ਕੀਤਾ ਉੱਥੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਗੋਲੀ ਨਾਲ ਜ਼ਖ਼ਮੀ ਕਰ ਦਿੱਤਾ ਗਿਆ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਸ ਪਾਵਨ ਸਰੂਪ ਨੂੰ ਅੱਜ ਤੋਂ 6 ਜੂਨ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਜ਼ਦੀਕ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਸੁਸ਼ੋਭਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇਸ ਘੱਲੂਘਾਰੇ ਨੂੰ ਕਦੇ ਵੀ ਭੁੱਲ ਨਹੀਂ ਸਕਦੀ ਅਤੇ ਜੂਨ ਮਹੀਨਾ ਆਉਂਦੇ ਹੀ ਇਨ੍ਹਾਂ ਜ਼ਖ਼ਮਾਂ ਦੀ ਪੀੜ ਹਰ ਸਿੱਖ ਮਹਿਸੂਸ ਕਰਦਾ ਹੈ। ਉਨ੍ਹਾਂ ਦੱਸਿਆ ਕਿ ਜ਼ਖ਼ਮੀ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਸ ਪਾਵਨ ਸਰੂਪ ਨੂੰ ਅੱਜ 2 ਜੂਨ ਤੋਂ 6 ਜੂਨ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਜ਼ਦੀਕ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਸੁਸ਼ੋਭਿਤ ਕੀਤਾ ਜਾਵੇਗਾ। ਇਸ ਦੌਰਾਨ ਸਵੇਰੇ ਤੋਂ ਲੈ ਕੇ ਸ਼ਾਮ ਤੱਕ ਸੰਗਤਾਂ ਪਾਵਨ ਸਰੂਪ ਦੇ ਦਰਸ਼ਨ ਕਰ ਸਕਣਗੀਆਂ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਘੱਲੂਘਾਰੇ ਦੀ ਯਾਦ ਵਿੱਚ ਹਜਾਰਾਂ ਸਿੱਖ ਸੰਗਤਾਂ ਨੇ

# ਲੰਡਨ ਵਿਖੇ ਰੋਸ ਮੁਜ਼ਾਹਰੇ ਵਿੱਚ ਸ਼ਮੂਲੀਅਤ ਕੀਤੀ

- ☛ ਪਾਕਿਸਤਾਨ ਵਿੱਚ ਅਕਾਲ ਚਲਾਣਾ ਕਰ ਗਏ ਜਲਾਵਤਨੀ ਯੋਧਿਆਂ ਤੇ ਧਰਮੀ ਫੌਜੀਆਂ ਨੂੰ ਕੀਤਾ ਗਿਆ ਯਾਦ
- ☛ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਵਲੋਂ ਸਿੱਖ ਸੰਗਤਾਂ,ਪ੍ਰਬੰਧਕ ਕਮੇਟੀਆਂ ਅਤੇ ਮੀਡੀਏ ਦਾ ਧੰਨਵਾਦ

















**ਲੰਡਨ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਜੂਨ 1984 ਦੌਰਾਨ ਸਿੱਖ ਤਵਾਰੀਖ ਵਿੱਚ ਵਾਪਰਿਆ ਤੀਸਰਾ ਖੂਨੀ ਘੱਲੂਘਾਰਾ ਅਜਿਹਾ ਕਹਿਰ ਹੈ ਜਿਸ ਨੂੰ ਸਿੱਖ ਕੌਮ ਕਦੇ ਵੀ ਭੁਲਾ ਨਹੀਂ ਸਕਦੀ ਬਲਕਿ ਇਸ ਘੱਲੂਘਾਰੇ ਨਾਲ ਸਿਰਜੇ ਗਏ ਆਜਾਦ ਸਿੱਖ ਰਾਜ ਖਾਲਿਸਤਾਨ ਰੂਪੀ ਕੌਮੀ ਨਿਸ਼ਾਨੇ ਦੀ ਪੂਰਤੀ ਵਾਸਤੇ ਸਿੱਖ ਕੌਮ ਯਤਨਸ਼ੀਲ ਰਹੇਗੀ । ਜਿਸ ਵਾਸਤੇ ਅਣਗਿਣਤ ਸਿੱਖਾਂ ਦੀਆਂ ਸ਼ਹਾਦਤਾਂ ਹੋ ਚੁੱਕੀਆਂ ਹਨ। ਭਾਰਤੀ ਫੌਜ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਟੈਂਕਾਂ ਤੋਪਾਂ ਨਾਲ ਅੱਤ ਵਹਿਸ਼ੀ ਹਮਲਾ ਕਰਨ ਤੋਂ ਇਲਾਵਾ 40 ਤੋਂ ਵੱਧ ਹੋਰ ਗੁਰਦਵਾਰਿਆਂ ਤੇ ਭਾਰਤੀ ਫੌਜ ਨੇ ਦਾਖਲ ਹੋ ਕੇ ਸਿੱਖ ਸੰਗਤਾਂ ਤੇ ਜ਼ੁਲਮ ਕੀਤੇ ਸਨ । ਬਰਤਾਨੀਆ ਵਿੱਚ ਅਜਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਲੰਡਨ ਵਿੱਚ ਘੱਲੂਘਾਰਾ ਜੂਨ 1984 ਦੀ ਯਾਦ ਨੂੰ ਸਮਰਪਿਤ ਭਾਰੀ ਰੋਸ ਮੁਜਾਹਰਾ ਐਤਵਾਰ ਵਾਲੇ ਦਿਨ ਕੀਤਾ ਕੀਤਾ ਗਿਆ, ਜਿਸ ਵਿੱਚ ਹਜਾਰਾਂ ਸਿੱਖ ਸੰਗਤਾਂ ਨੇ ਸ਼ਮੂਲੀਅਤ ਕਰਕੇ ਦਰਸਾ ਦਿੱਤਾ ਕਿ ਸਿੱਖ ਕੌਮ ਘੱਲੂਘਾਰੇ ਦੇ ਦਰਦ ਨੂੰ ਉਵੇਂ ਹੀ ਮਹਿਸੂਸ ਕਰਦੀ ਹੈ ਜਿਵੇਂ 41 ਸਾਲ ਪਹਿਲਾਂ ਮਹਿਸੂਸ ਕਰਦੀ ਸੀ। ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ਨਜ਼ ਯੂ,ਕੇ ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ , ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਨੇ ਜਾਰੀ ਪ੍ਰੈੱਸ ਰਿਲੀਜ਼ ਵਿੱਚ ਆਖਿਆ ਕਿ ਗਿਆਰਾਂ ਵਜੇ ਯੂ,ਕੇ ਭਰ ਤੋਂ ਸਿੱਖ ਸੰਗਤਾਂ ਕਾਰਾਂ ,ਕੋਚਾਂ ਰਾਹੀਂ ਗਿਆਰਾਂ ਵਜੇ ਵਲਿੰਗਟਨ ਆਰਚ ਵਿੱਚ ਇਕੱਤਰ ਹੋਣੀਆਂ ਅਰੰਭ ਹੋ ਗਈਆਂ ਸਨ ਅਤੇ ਇੱਕ ਵਜੇ ਪੰਜ ਸਿੰਘਾਂ ਦੀ ਅਗਵਾਈ ਵਿੱਚ ਰੋਸ ਮਾਰਚ ਸ਼ੁਰੂ ਹੋਇਆ। ਖਾਲਿਸਤਾਨ ਜਿੰਦਾਬਾਦ, ਸੰਤ ਭਿੰਡਰਾਂਵਾਲਿਆਂ ਦੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ ਵਰਗੇ ਅਕਾਸ਼ ਗੁੰਜਾਊ ਨਾਹਰੇ ਲਗਾਉਂਦਿਆ ਹੋਇਆ ਟਰਫਾਲਗਰ ਸੁਕਏਅਰ ਪੁੱਜਿਆ। ,ਜਿੱਥੇ ਪੰਜ ਵਜੇ ਤੱਕ ਸੱਚ, ਇਨਸਾਫ ਅਤੇ ਆਜ਼ਾਦੀ ਤੇ ਅਧਾਰਿਤ ਰੈਲੀ ਕੀਤੀ ਗਈ । ਵਲਿੰਗਟਨ ਆਰਚ ਅਤੇ ਟਰਫਾਲਗਰ ਸੁਕਏਅਰ ਵਿਖੇ ਲੱਗੀਆਂ ਸਟੇਜਾਂ ਤੋਂ ਸਿੱਖ ਆਗੂਆਂ ਨੇ ਸੰਬੋਧਨ ਕਰਦਿਆਂ ਘੱਲੂਘਾਰੇ ਦੀ ਯਾਦ, ਸਿੱਖ ਕੌਮ ਨਾਲ ਲਗਾਤਾਰ ਹੋ ਰਹੀਆਂ ਧੱਕੇਸ਼ਾਹੀਆਂ ,ਚੱਲ ਰਹੇ ਖਾਲਿਸਤਾਨ ਦੇ ਸੰਘਰਸ਼ ਬਾਰੇ ਵਿਚਾਰਾਂ ਦੀ ਸਾਂਝ ਪਾਈ । ਵਿਸ਼ੇਸ਼ ਤੌਰ ਤੇ ਘੱਲੂਘਾਰੇ ਵਿੱਚ ਬ੍ਰਿਟਿਸ਼ ਸਰਕਾਰ ਦੀ ਨਿਭਾਈ ਭੂਮਿਕਾ ਬਾਰੇ ਨਿਰਪੱਖ ਜਾਂਚ ਦੀ ਆਵਾਜ਼ ਬੁਲੰਦ ਕੀਤੀ ਗਈ ਅਤੇ ਬ੍ਰਿਟਿਸ਼ ਪ੍ਰਧਾਨ ਮੰਤਰੀ ਨੂੰ ਪਹਿਲੀ ਅਗਸਤ ਤੱਕ ਅਲਟੀਮੇਟਮ ਦਿੱਤਾ ਗਿਆ। ਘੱਲੂਘਾਰੇ ਅਤੇ ਖਾਲਿਸਤਾਨ ਦੀ ਜੰਗੇ ਆਜਾਦੀ ਦੇ ਸ਼ਹੀਦਾਂ ਸਮੇਤ ਪਾਕਿਸਤਾਨ ਵਿੱਚ ਗੁੰਮਨਾਮੀ ਦੀ ਜਿੰਦਗੀ ਬਤੀਤ ਕਰਦਿਆਂ ਅਕਾਲ ਚਲਾਣਾ ਗਏ ਭਾਈ ਮਹਿਲ ਸਿੰਘ ਬੱਬਰ, ਬੀਬੀ ਚਰਨਜੀਤ ਕੌਰ ਜੰਮੂ,ਭਾਈ ਬਲਵੀਰ ਸਿੰਘ ਸੰਧੂ, ਭਾਈ ਗਜਿੰਦਰ ਸਿੰਘ ਦਲ ਖਾਲਸਾ ,ਭਾਈ ਲਖਬੀਰ ਸਿੰਘ ਰੋਡੇ ,ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ ,ਸ਼ਹੀਦ ਭਾਈ ਹਰਮੀਤ ਸਿੰਘ ਪੀ.ਐੱਚ.ਡੀ ਅਤੇ ਡਾਕਟਰ ਪ੍ਰੀਤਮ ਸਿੰਘ ਸੇਖੋਂ ਸਮੇਤ ਘੱਲੂਘਾਰੇ ਦੀ ਖਬਰ ਸੁਣਦਿਆਂ ਬੈਰਕਾਂ ਛੱਡਣ ਵਾਲੇ ਧਰਮੀ ਫੌਜੀਆਂ ਨੂੰ ਯਾਦ ਕਰਦਿਆਂ ਸਿੱਜਦਾ ਕੀਤਾ ਗਿਆ ਅਤੇ ਪ੍ਰਣ ਦੁਹਰਾਇਆ ਗਿਆ ਕਿ ਖਾਲਿਸਤਾਨ ਦਾ ਸੰਘਰਸ਼ ਫਤਿਹ ਤੱਕ ਜਾਰੀ ਰਹੇਗਾ। ਸਿੱਖ ਸੰਗਤਾਂ ਨੂੰ ਹੋਰਨਾਂ ਤੋਂ ਇਲਾਵਾ ਅਮਰੀਕਾ ਤੋ ਪੁੱਜੇ ਡਾਕਟਰ ਗੁਰਤੇਜ ਸਿੰਘ, ਕੈਨੇਡਾ ਤੋਂ ਆਏ ਭਾਈ ਮਨਿੰਦਰ ਸਿੰਘ, ਵਰਲਡ ਸਿੱਖ ਪਾਰਲੀਮੈਂਟ ਦੇ ਭਾਈ ਮਨਪ੍ਰੀਤ ਸਿੰਘ, ਸਿੱਖ ਫੈਡਰੇਸ਼ਨ ਯੂ,ਕੇ ਦੇ ਭਾਈ ਦਵਿੰਦਰਜੀਤ ਸਿੰਘ, ਭਾਈ ਜਸ ਸਿੰਘ, ਭਾਈ ਨਰਿੰਦਰਜੀਤ ਸਿੰਘ, ਬੀਬੀ ਬਸੰਤ ਕੌਰ, ਬੀਬੀ ਪਰਦੀਪ ਕੌਰ ,ਬੀਬੀ ਸੁਰਿੰਦਰ ਕੌਰ, ਭਾਈ ਬਲਵਿੰਦਰ ਸਿੰਘ ਵੁਲਵਰਹੈਂਪਟਨ, ਭਾਈ ਅਮਰੀਕ ਸਿੰਘ ਸਹੋਤਾ,ਭਾਈ ਜਗਰੂਪ ਸਿੰਘ, ਭਾਈ ਟਹਿਲ ਸਿੰਘ, ਭਾਈ ਕਰਨਦੀਪ ਸਿੰਘ ਲਾਂਡਾ ,ਭਾਈ ਕੁਲਦੀਪ ਸਿੰਘ ਚਹੇੜੂ,ਭਾਈ ਲਵਸ਼ਿੰਦਰ ਸਿੰਘ ਡੱਲੇਵਾਲ, ਭਾਈ ਜੋਗਾ ਸਿੰਘ, ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦੇ ਪੋਤਰੇ ,ਭਾਈ ਅਮਰੀਕ ਸਿੰਘ ਗਿੱਲ, ਭਾਈ ਗੁਰਚਰਨ ਸਿੰਘ, ਭਾਈ ਗੁਰਪ੍ਰਤਾਪ ਸਿੰਘ ਢਿੱਲੋਂ ,ਭਾਈ ਦਇਆਪਾਲ ਸਿੰਘ ਆਦਿ ਨੇ ਸੰਬੋਧਨ ਕੀਤਾ। ।ਜਿਕਰਯੋਗ ਹੈ ਕਿ ਜੂਨ 1984 ਦੇ ਖੂਨੀ ਘੱਲੂਘਾਰੇ ਦੌਰਾਨ ਭਾਰਤੀ ਫੌਜ ਨੇ ਅਜਿਹੇ ਜ਼ੁਲਮ ਕੀਤੇ ਹਨ ਜਿਹਨਾਂ ਸਾਹਮਣੇ ਮੀਰ ਮੰਨੂ,ਅਬਦਾਲੀ ,ਜਕਰੀਏ ਵਰਗਿਆਂ ਦੇ ਜ਼ੁਲਮ ਵੀ ਬੌਣੇ ਪੈ ਗਏ । ਭਾਰਤੀ ਫੌਜ ਨੇ ਛੋਟੇ ਛੋਟੇ ਬੱਚਿਆਂ ਤੋਂ ਲੈ ਕੇ ਬੀਬੀਆਂ ,ਬਜੁਰਗ ਅਤੇ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਸ਼ਹੀਦ ਕੀਤਾ ਗਿਆ। ਦਮਦਮੀ ਟਕਸਾਲ ਦੇ ਜਥੇਦਾਰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ,ਡਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਜੀ,ਮਹਾਨ ਜਰਨੈਲ ਜਨਰਲ ਸ਼ਾਬੇਗ ਸਿੰਘ ਜੀ ਦੀ ਅਗਵਾਈ ਵਿੱਚ ਜੁਝਾਰੂ ਸਿੰਘਾਂ ਨੇ ਭਾਰਤੀ ਫੌਜ ਦਾ ਆਖਰੀ ਦਮ ਤੱਕ ਮੁਕਾਬਲਾ ਕੀਤਾ ਅਤੇ ਜੂਝ ਕੇ ਸ਼ਹਾਦਤਾਂ ਪਾਈਆਂ । ਇੱਕ ਅਜਿਹੀ ਆਸਾਵੀਂ ਜੰਗ ਲੜਦਿਆਂ ਸਿੰਘਾਂ ਨੇ ਚਮਕੌਰ ਦੀ ਗੜ੍ਹੀ ਦਾ ਇਤਿਹਾਸ ਦੁਹਰਾ ਦਿੱਤਾ ਜਿਸ ਤੇ ਸਿੱਖ ਕੌਮ ਨੂੰ ਸਦਾ ਮਾਣ ਰਹੇਗਾ । ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਸਮੂਹ ਗੁਰਦਵਾਰਾ ਪ੍ਰਬੰਧਕ ਕਮੇਟੀਆਂ ,ਸਿੱਖ ਸੰਗਤਾਂ ਅਤੇ ਮੀਡੀਏ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੱਲੂਘਾਰੇ ਦੀ ਯਾਦ ਵਿੱਚ ਹਜਾਰਾਂ ਸਿੱਖ ਸੰਗਤਾਂ ਨੇ

# ਲੰਡਨ ਵਿਖੇ ਰੋਸ ਮੁਜ਼ਾਹਰੇ ਵਿੱਚ ਸ਼ਮੂਲੀਅਤ ਕੀਤੀ

- ☛ ਪਾਕਿਸਤਾਨ ਵਿੱਚ ਅਕਾਲ ਚਲਾਣਾ ਕਰ ਗਏ ਜਲਾਵਤਨੀ ਯੋਧਿਆਂ ਤੇ ਧਰਮੀ ਫੌਜੀਆਂ ਨੂੰ ਕੀਤਾ ਗਿਆ ਯਾਦ
- ☛ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਵਲੋਂ ਸਿੱਖ ਸੰਗਤਾਂ,ਪ੍ਰਬੰਧਕ ਕਮੇਟੀਆਂ ਅਤੇ ਮੀਡੀਏ ਦਾ ਧੰਨਵਾਦ


























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲੰਡਨ 'ਚ ਜੂਨ 84 ਦੇ ਘੁੱਲੂਘਾਰੇ ਦੀ 41 ਵੀਂ ਯਾਦ ਵਿੱਚ ਭਾਰੀ ਰੋਸ ਮੁਜ਼ਾਹਰਾ ਅਤੇ ਸ਼ਰਧਾਂਜਲੀ ਸਮਾਗਮ

# ਲੇਬਰ ਪਾਰਟੀ ਦੀ ਚੁੱਪੀ ਤੇ ਯੂ . ਕੇ . ਸਿੱਖ ਭਾਈਚਾਰੇ ਵਿੱਚ ਨਿਰਾਸ਼ਾ

- ☛ ਲੇਬਰ ਐਮਪੀਜ਼ ਨੂੰ ਸਿੱਖਾਂ ਦੇ ਸਮਾਗਮਾਂ ਵਿੱਚ ਸੱਦੇ ਤੇ ਕੋਰੀ ਨਾਂਹ ਦੀ ਚੇਤਾਵਨੀ - ਪੰਥਕ ਜਥੇਬੰਦੀਆਂ ਯੂਕੇ
- ☛ ਸ਼ਹੀਦ ਹਰਦੀਪ ਸਿੰਘ ਨਿੱਜਰ, ਜਥੇਦਾਰ ਹਵਾਰਾ, ਭਾਈ ਤਾਰਾ ਦੇ ਹੱਕ ਤੇ ਖਾਲਿਸਤਾਨ ਜ਼ਿੰਦਾਬਾਦ ਦੇ ਲੱਗੇ ਨਾਅਰੇ


















**ਲੰਡਨ, 2 ਜੂਨ (ਸਰਬਜੀਤ ਸਿੰਘ ਬਨੂੜ)**-ਲੰਡਨ ਵਿੱਚ ਸਿੱਖ ਭਾਈਚਾਰੇ ਵੱਲੋਂ "ਜੂਨ 1984 ਯਾਦਗਾਰੀ ਮਾਰਚ ਅਤੇ ਆਜ਼ਾਦੀ ਰੈਲੀ" ਆਯੋਜਿਤ ਕੀਤੀ ਗਈ। ਇਹ ਮਾਰਚ 1984 ਵਿੱਚ ਭਾਰਤੀ ਫੌਜ ਵੱਲੋਂ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਹਮਲੇ ਦੀ 41ਵੀਂ ਵਰ੍ਹੇਗੰਢ ਨੂੰ ਸਮਰਪਿਤ ਸੀ। ਯੂ.ਕੇ ਦੀਆਂ ਸਿੱਖ ਸੰਗਤਾਂ ਵੱਲੋਂ ਦਰਬਾਰ ਸਾਹਿਬ ਤੇ ਅਕਾਲ ਤਖਤ ਸਾਹਿਬ ਤੇ ਹੋਏ ਫ਼ੌਜੀ ਹਮਲੇ ਵਿੱਚ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦਿਆਂ ਖਾਲਿਸਤਾਨ ਲਈ ਆਪਣਾ ਹੱਕ ਜਿਤਾਈਆਂ ਗਿਆ।

ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨ ਦੇ ਸੱਦੇ ਤੇ

ਯੂ ਕੇ ਦੇ ਵੱਖ ਵੱਖ ਸ਼ਹਿਰਾਂ ਵਿੱਚੋਂ ਹਜ਼ਾਰਾਂ ਸਿੱਖ ਦਰਬਾਰ ਸਾਹਿਬ ਸਮੂਹ ਵਿੱਚ ਸ਼ਹੀਦ ਹੋਏ ਸਿੱਖਾਂ ਨੂੰ ਆਪਣੀ ਸਰਧਾ ਦੇ ਫੁੱਲ ਭੇਟ ਕਰਨ ਪਹੁੰਚੇ।

ਰੋਸ ਮੁਜ਼ਾਹਰਾ ਲੰਡਨ ਦੇ ਹਾਇਡ ਪਾਰਕ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਸੁਰੂ ਹੋਇਆ ਤੇ ਲੰਡਨ ਦੀਆਂ ਵੱਖ ਵੱਖ ਸੜਕਾਂ ਤੋਂ ਹੁੰਦਾ ਹੋਇਆ ਟ੍ਰੈਫਲਗਰ ਸੁਕੈਅਰ ਜਾ ਸਮਾਪਤੀ ਦੀ ਅਰਦਾਸ ਤੋਂ ਬਾਦ ਸਮਾਪਤ ਹੋਇਆ।

ਹਾਇਡ ਪਾਰਕ ਵਿੱਚ ਆਰਜ਼ੀ ਸਟੇਜ ਤੇ ਟ੍ਰੈਫਲਗਰ ਸੁਕੈਅਰ ਵਿੱਚ ਲੱਗੀ ਸਟੇਜ ਤੇ ਸ਼ਹੀਦਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਸਨ ਅਤੇ ਸਟੇਜ ਤੋਂ ਵੱਖ ਵੱਖ ਬੁਲਾਰਿਆਂ ਨੇ ਜੂਨ 84 ਦੇ ਘੁੱਲੂਘਾਰੇ ਦੌਰਾਨ ਸਮੂਹ ਸ਼ਹੀਦਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਭਾਰਤ ਵਿੱਚ ਘੱਟ ਗਿਣਤੀ ਕੋਮਾਂ ਤੇ ਹੋ ਰਹੇ ਜ਼ੁਲਮ ਖ਼ਿਲਾਫ਼ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆ ਸਖ਼ਤ ਨਿਖੇਧੀ ਕੀਤੀ ਗਈ ਅਤੇ ਭਾਰਤ ਦੀਆਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਲਈ ਹਾਅ ਦਾ ਨਾਅਰਾ ਮਾਰਿਆ ਗਿਆ ਤੇ ਖਾਲਿਸਤਾਨ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਕੀਤਾ ਗਿਆ।



ਇਸ ਮੌਕੇ ਬੁਲਾਰਿਆਂ ਵੱਲੋਂ ਯੂਕੇ ਦੇ ਸਿੱਖ ਭਾਈਚਾਰੇ ਵੱਲੋਂ ਲੇਬਰ ਪਾਰਟੀ ਨੇ 1984 ਦੀ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ ਵਿੱਚ ਬ੍ਰਿਟੇਨ ਦੀ ਸੰਭਾਵਿਤ ਭੂਮਿਕਾ ਬਾਰੇ ਕੀਤੇ ਵਾਅਦੇ ਜਾਂਚ ਦੀ ਸ਼ੁਰੂਆਤ ਨਾ ਕਰਨ 'ਤੇ ਨਾਰਾਜ਼ਗੀ ਜਤਾਈ ਗਈ ਹੈ। ਉਨ੍ਹਾਂ ਕਿਹਾ ਕਿ ਲੇਬਰ ਪਾਰਟੀ ਦੀ ਚੁੱਪੀ ਅਤੇ ਵਾਅਦੇ ਦੀ ਪੂਰੀ ਨਾ ਹੋਣ ਕਾਰਨ, ਯੂਕੇ ਸਿੱਖ ਭਾਈਚਾਰੇ ਵਿੱਚ ਨਿਰਾਸ਼ਾ ਅਤੇ ਗੁੱਸਾ ਵਧ ਰਿਹਾ ਹੈ। ਉਹਨਾਂ ਨੇ ਲੇਬਰ ਐਮਪੀਜ਼ ਨੂੰ "ਨੋ ਪਲੇਟਫਾਰਮ" ਕਰਨ ਦੀ ਚੇਤਾਵਨੀ ਦਿੱਤੀ ਹੈ, ਜਿਸਦਾ ਅਰਥ ਹੈ ਕਿ ਉਨ੍ਹਾਂ ਨੂੰ ਭਾਈਚਾਰੇ ਦੇ ਸਮਾਗਮਾਂ ਵਿੱਚ ਸੱਦਾ ਨਹੀਂ ਦਿੱਤਾ ਜਾਵੇਗਾ।

ਰੋਸ ਮਾਰਚ ਵਿੱਚ ਸਾਊਥਾਲ, ਹੇਜ਼, ਹੰਸਲੋ, ਸਲੋਹ, ਬਰਮਿੰਘਮ, ਰੈਡਿਗ, ਕਵੈਂਟਰੀ, ਗਲਾਸਗੋ, ਸਕਾਟਲੈਂਡ, ਵੂਲਵਰਹੈਪਟਨ, ਲੂਟਨ, ਨੋਰਵਿੱਚ, ਇੱਲਫੋਰਡ ਆਦਿ ਸ਼ਹਿਰਾਂ ਤੋਂ ਗੁਰਦਵਾਰਾ ਪ੍ਰਬੰਧਕਾਂ ਦੇ ਵੱਡੇ ਸਹਿਯੋਗ ਨਾਲ ਹਜ਼ਾਰਾਂ ਸੰਗਤਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਪਹੁੰਚੇ।

ਇਸ ਮੋਕੇ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਤੁਰ ਰਹੀਆਂ ਸਨ ਤੇ ਨੋਜਵਾਨਾਂ ਵੱਲੋਂ ਹੱਥਾਂ ਵਿੱਚ ਕੇਸਰੀ ਨਿਸ਼ਾਨ, ਖਾਲਿਸਤਾਨ ਝੰਡੇ ਤੇ ਖਾਲਿਸਤਾਨ ਜ਼ਿੰਦਾਬਾਦ, ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ, ਭਾਈ ਜਗਤਾਰ ਸਿੰਘ ਤਾਰਾ, ਭਾਈ ਜਗਤਾਰ ਸਿੰਘ ਹਵਾਰਾ ਜ਼ਿੰਦਾਬਾਦ ਦੇ ਨਾਅਰੇ ਲਾਏ ਜਾ ਰਹੇ ਸਨ। ਨੋਜਵਾਨਾਂ ਵੱਲੋਂ ਭਾਰਤ ਸਰਕਾਰ ਵੱਲੋਂ ਐਨ ਆਈ ਏ ਲਾ ਕੇ ਗ੍ਰਿਫਤਾਰ ਕੀਤੇ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੀ ਰਿਹਾਈ ਲਈ ਵੱਡੇ ਵੱਡੇ ਬੈਨਰ ਚੁੱਕੇ ਸਨ। ਇਸ ਮੌਕੇ ਬਰਤਾਨੀਆ ਬੱਚਿਆਂ ਵੱਲੋ ਖਾਲਿਸਤਾਨ ਪੱਖੀ ਕਾਵਿਤਾਵਾਂ ਸੁਣਾਈਆਂ ਗਈਆ। ਰੋਸ ਮਾਰਚ ਵਿੱਚ ਫਰੀਡੈਮ ਆਫ਼ ਈਰਾਨ, ਨਾਗੇ, ਕਸ਼ਮੀਰੀ ਅਜ਼ਾਦੀ ਦੇ ਕਾਰਕੁੰਨ ਨੇ ਵੀ ਵੱਡੀ ਪੱਧਰ ਤੇ ਸ਼ਿਰਕਤ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਇਸ ਮੌਕੇ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨ ਦੇ ਕੋਆਡੀਨੇਟਰ ਸ ਜੋਗਾ ਸਿੰਘ, ਸ ਕੁਲਦੀਪ ਸਿੰਘ ਚਹੇੜੂ, ਸ ਲਵਸ਼ਿੰਦਰ ਸਿੰਘ ਡੱਲੇਵਾਲ੍ਹ, ਭਾਈ ਹਰਵਿੰਦਰ ਸਿੰਘ, ਭਾਈ ਮਨਿੰਦਰ ਸਿੰਘ ਕਨੇਡਾ, ਬ੍ਰਿਟਿਸ਼ ਸਿੱਖ ਕੌਂਸਲ ਦੇ ਜਨਰਲ ਸਕੱਤਰ ਭਾਈ ਤਰਸੇਮ ਸਿੰਘ ਦਿਉਲ, ਭਾਈ ਜਗਵਿੰਦਰ ਸਿੰਘ, ਭਾਈ ਮਨਜੀਤ ਸਿੰਘ ਬਰਮਿੰਘਮ, ਭਾਈ ਬਲਵਿੰਦਰ ਸਿੰਘ, ਭਾਈ ਬਲਦੇਵ ਸਿੰਘ ਡਰਟ ਫੋਰਡ, ਸਿੱਖ ਫੈਡਰੇਸਨ ਦੇ ਚੈਅਰਮੈਨ ਸ ਅਮਰੀਕ ਸਿੰਘ ਗਿੱਲ, ਮਨਪ੍ਰੀਤ ਸਿੰਘ ਖ਼ਾਲਸਾ , ਸ ਕੁਲਵੰਤ ਸਿੰਘ ਮੁਠੱਡਾ, ਸ ਬਲਵਿੰਦਰ ਸਿੰਘ ਢਿੱਲੋਂ, ਸ ਦਵਿੰਦਰਜੀਤ ਸਿੰਘ, ਬੀਬੀ ਕਮਲਜੀਤ ਕੋਰ, ਸ ਜਸਪਾਲ ਸਿੰਘ ਸਲੋਹ, ਸ ਬਲਬੀਰ ਸਿੰਘ ਬਰਮਿੰਘਮ, ਸ ਰਣਧੀਰ ਸਿੰਘ ਆਦਿ ਨੇ ਸ਼ਹੀਦਾਂ ਨੂੰ ਆਪਣੀ ਸ਼ਰਧਾਂਜਲੀ ਦਿੱਤੀ ਗਈ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਲੰਡਨ 'ਚ ਜੂਨ 84 ਦੇ ਘੁੱਲੂਘਾਰੇ ਦੀ 41 ਵੀਂ ਯਾਦ ਵਿੱਚ ਭਾਰੀ ਰੋਸ ਮੁਜ਼ਾਹਰਾ ਅਤੇ ਸ਼ਰਧਾਂਜਲੀ ਸਮਾਗਮ**

# ਲੇਬਰ ਪਾਰਟੀ ਦੀ ਚੁੱਪੀ ਤੇ ਯੂ . ਕੇ . ਸਿੱਖ ਭਾਈਚਾਰੇ ਵਿੱਚ ਨਿਰਾਸ਼ਾ

- ☛ ਲੇਬਰ ਐਮਪੀਜ਼ ਨੂੰ ਸਿੱਖਾਂ ਦੇ ਸਮਾਗਮਾਂ ਵਿੱਚ ਸੱਦੇ ਤੇ ਕੋਰੀ ਨਾਂਹ ਦੀ ਚੇਤਾਵਨੀ - ਪੰਥਕ ਜਥੇਬੰਦੀਆਂ ਯੂ. ਕੇ.
- ☛ ਸ਼ਹੀਦ ਹਰਦੀਪ ਸਿੰਘ ਨਿੱਜਰ, ਜਥੇਦਾਰ ਹਵਾਰਾ, ਭਾਈ ਤਾਰਾ ਦੇ ਹੱਕ ਤੇ ਖਾਲਿਸਤਾਨ ਜ਼ਿੰਦਾਬਾਦ ਦੇ ਲੱਗੇ ਨਾਅਰੇ










ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੱਲੂਘਾਰਾ 1984

# ਦੁਸ਼ਮਣਾਂ ਯੁੱਧ ਨਾਦ ਦਾ ਸ਼ੰਖ ਸੀ ਵਜਾਇਆ








ਦੁਸ਼ਮਣਾਂ ਯੁੱਧ ਨਾਦ ਦਾ ਸ਼ੰਖ ਸੀ ਵਜਾਇਆ
ਤਖ਼ਤ ਪਵਿੱਤਰ ਨੂੰ ਫੌਜਾਂ ਰਲ ਘੇਰਾ ਪਾਇਆ।

ਪੈਦਲ ਸਿਪਾਹੀਆਂ ਦੀ ਮਚੀ ਹਾਲ ਦੁਹਾਈ
ਯੁੱਧ ਵੱਡਾ ਆਖ ਪੂਰੇ ਮੁਲਕੋਂ ਫੌਜ ਮੰਗਾਈ।।

ਕਹਿਣੀ ਕਥਨੀ ਦਾ ਪੂਰਾ ਸਿੰਘ ਰਣ ਅੜਿਆਂ
ਸੁਣ ਖ਼ਬਰ ਵੈਰੀ ਦਾ ਹੰਕਾਰ ਸਿਰ ਚੜ੍ਹਿਆ।

ਟੈਂਕ ਤੋਪਾਂ ਸੰਗ ਵਲੈਤੋਂ ਮਾਰਨ ਲਈ ਯੋਧੇ ਬੁਲਾਏ
ਬਾਹਰ ਵੇਖ ਲਾੜੀ ਮੌਤ ਸੂਰਿਆਂ ਨਿਸ਼ਾਨ ਝੁਲਾਏ।।

ਵੈਰੀਆਂ ਬੰਦੂਕਾਂ ਤੋਂ ਗੋਲੀਆਂ ਦਾ ਮੀਂਹ ਵਰ੍ਹਾਤਾਂ
ਧੁੱਪ ਦੀ ਚਾਨਣੀ ਨੂੰ ਢੱਕ ਧੂਆਂ ਧੂਆਂ ਕਰਾਤਾਂ।

ਸਿੰਘਾਂ ਅਰਦਾਸਾਂ ਸੋਧ ਅੰਦਰੋਂ ਜੈਕਾਰਾ ਗਜਾਇਆ
ਫੌਜ ਬੌਂਧਲੀ ਜਦੋਂ ਇੱਟ ਦਾ ਜਵਾਬ ਪੱਥਰ ਆਇਆ।।

ਘਾਬਰੇ ਅਫਸਰਾਂ ਰਾਜ ਦਰਬਾਰੇ ਤਾਰਾਂ ਖੜਕਾਈਆਂ
ਸੂਹਾਂ ਫੌਜੀ ਬਗਾਵਤ ਦੀਆਂ ਨੇ ਧੜਕਣਾਂ ਵੱਧਾਈਆਂ।

ਜ਼ਾਲਮ ਹਾਕਮ ਨੇ ਜ਼ਰਨੈਲਾਂ ਨੂੰ ਝਾੜਾਂ ਪਾਈਆਂ
ਬੱਤੀ ਪਾਣੀ ਕੱਟ ਸੋਧ ਤਖ਼ਤ ਮਿਜ਼ਾਈਲਾਂ ਚਲਾਈਆਂ।।

ਵੱਡੇ ਵੱਡੇ ਟੈਂਕਾਂ ਨੇ ਅੱਗ ਦੇ ਲਾਲ ਗੋਲੇ ਚਲਾਤੇ
ਉਮਰਾਂ ਦੇ ਨਿੱਕੇ ਨਿੱਕੇ ਯੋਧਿਆਂ ਵੱਡੇ ਵੱਡੇ ਪਾਰ ਬੁਲਾਤੇ।।

ਕਈ ਦਿਨ ਖ਼ੂਨ ਦੀ ਹੋਲੀ ਖੇਡਦੀ ਰਹੀ ਜ਼ਾਲਮ ਸਰਕਾਰ
ਬੰਗਲਾਦੇਸ਼ ਦੀ ਜੰਗ ਦਾ ਨਾਇਕ ਭੰਡਿਆ ਆਖ ਗ਼ੱਦਾਰ।

ਸਵਾ ਲੱਖ ਨਾਲ ਇੱਕ ਲੜਾ ਕੇ ਹੋਣੀ ਭਾਣਾ ਵਰਤਾ ਗਈ
ਬਾਣੀ ਬਾਣਾ ਜਾਨ ਤੋਂ ਪਿਆਰਾ ਕੌਮ ਗੁਰਾਂ ਦੀ ਦਿਖਾ ਗਈ।।

ਦਿਲ ਤੇ ਲੱਗੇ ਜ਼ਖਮ ਘੱਲੂਕਾਰੇ ਦੇ ਅੱਜ ਵੀ ਰਿਸਦੇ ਨੇ
ਪਰਿਕਰਮਾ ਅੰਦਰ ਬੈਠੇ ਚੌਂਕੜਾ ਮਾਰ ਸ਼ਹੀਦ ਦਿਸਦੇ ਨੇ।

ਸ਼ਸਤ੍ਰਨ ਕੇ ਅਧੀਨ ਹੈ ਰਾਜ ਹੈ ਇੱਕ ਅਟੱਲ ਸੱਚਾਈ
ਦਸਮ ਪਾਤਸ਼ਾਹ ਨੇ ਮਹਿਮਾ ਸ਼ਸਤ੍ਰਨ ਦੀ ਖ਼ੁਦ ਵਡਿਆਈ।।

**-ਸੁਰਿੰਦਰਪਾਲ ਸਿੰਘ,**
**ਸ੍ਰੀ ਅੰਮ੍ਰਿਤਸਰ ਸਾਹਿਬ**

ਜੂਨ 84 ਦੇ ਘੱਲੂਘਾਰੇ ਦੀ ਵਰ੍ਹੇਗੰਢ ਕੌਮ ਏਕਤਾ ਅਤੇ ਚੜ੍ਹਦੀ ਕਲਾ ਨਾਲ ਮਨਾਵੇ

# ਕੌਮ ਵੱਲੋਂ ਅਪ੍ਰਵਾਨ ਜਥੇਦਾਰਾਂ ਨੂੰ ਸੰਦੇਸ਼ ਦੇਣ ਦਾ ਨਹੀਂ ਕੋਈ ਅਧਿਕਾਰ :ਪੰਥਕ ਆਗੂ

**ਅੰਮ੍ਰਿਤਸਰ 2 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਥਕ ਆਗੂਆਂ ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਵੱਸਣ ਸਿੰਘ ਜ਼ਫਰਵਾਲ ਅਤੇ ਭਾਈ ਜਰਨੈਲ ਸਿੰਘ ਸਖੀਰਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਾਦਲ ਪਰਿਵਾਰ ਦਾ ਏਜੰਡਾ ਸਿੱਖ ਕੌਮ 'ਤੇ ਲਾਗੂ ਕਰਨ ਦੇ ਮਨੋਰਥ ਨਾਲ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਰਾਤ ਦੇ ਹਨੇਰੇ ਵਿੱਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ 'ਜਥੇਦਾਰ' ਵਜੋਂ ਥੋਪਣ ਨੂੰ ਸਿੱਖ ਪੰਥ ਵੱਲੋਂ ਮਾਨਤਾ ਨਹੀਂ ਦਿੱਤੀ ਗਈ ਹੈ। ਹੁਣ ਜਦ ਕੌਮ ਘੱਲੂਘਾਰੇ ਦੀ ਯਾਦ ਮਨਾ ਰਹੀ ਹੈ ਤਾਂ ਐਨ ਉਸ ਵੇਲੇ ਗੈਰ ਸਿਧਾਂਤਕ ਤਰੀਕੇ ਨਾਲ ਥੋਪੇ ਗਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਕਿਸੇ ਵੀ ਹਾਲਤ ਵਿੱਚ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਿਰੋਪੇ ਦੇਣ ਤੋਂ ਰੋਕਣ ਦਾ ਦਮਦਮੀ ਟਕਸਾਲ, ਦਲ ਖ਼ਾਲਸਾ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਐਲਾਨ ਕਰ ਦਿੱਤਾ ਗਿਆ ਹੈ ਅਸੀਂ ਜਥੇਬੰਦੀਆਂ ਦੇ ਇਨ੍ਹਾਂ ਵਿਚਾਰਾਂ ਦਾ ਸਮਰਥਨ ਕਰਦੇ ਹਾਂ, ਕਿਉਂਕਿ ਇਹਨਾਂ ਜਥੇਦਾਰਾਂ ਨੂੰ ਪੰਥ ਵੱਲੋਂ ਅਪ੍ਰਵਾਨ ਹੀ ਨਹੀਂ ਕੀਤਾ ਗਿਆ ਹੈ ਸਗੋਂ ਇਹ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਤਨਖ਼ਾਹੀਏ ਵੀ ਘੋਸ਼ਿਤ ਕੀਤੇ ਜਾ ਚੁੱਕੇ ਹਨ। ਇਹਨਾਂ ਨੂੰ ਸੰਦੇਸ਼ ਪੜ੍ਹਨਾ ਤਾਂ ਦੂਰ ਦੀ ਗੱਲ ਹੈ, ਜਿਨ੍ਹਾਂ ਚਿਰ ਤਨਖ਼ਾਹ ਨਹੀਂ ਲਗਵਾ ਲੈਂਦੇ ਓਨਾ ਚਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ 'ਤੇ ਜਾਣ ਦਾ ਵੀ ਇਨ੍ਹਾਂ ਨੂੰ ਇਖ਼ਲਾਕੀ ਹੱਕ ਨਹੀਂ। ਅਜਿਹੇ ਸਮੇਂ ਵਿੱਚ ਸ੍ਰ. ਸਿਮਰਨਜੀਤ ਸਿੰਘ ਮਾਨ ਵੱਲੋਂ ਭਾਈ ਗੜਗੱਜ ਦੇ ਸਮਰਥਨ ਵਿੱਚ ਦਿੱਤਾ ਗਿਆ ਬਿਆਨ ਵੀ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਨਹੀਂ ਕਰਦਾ, ਕਿਉਂਕਿ ਸ੍ਰ. ਮਾਨ ਸਰਬੱਤ ਖ਼ਾਲਸਾ ਦੀ ਇੱਕ ਮਹੱਤਵਪੂਰਨ ਧਿਰ ਸਨ, ਜਿਸ ਵਿੱਚ ਕੀਤੇ ਗਏ ਫ਼ੈਸਲਿਆਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਲਈ ਉਨ੍ਹਾਂ ਨੂੰ ਆਪਣੇ ਬਿਆਨ 'ਤੇ ਮੁੜ ਵਿਚਾਰ ਕਰਨੀ ਚਾਹੀਦੀ ਹੈ। ਅਜਿਹੇ ਨਾਜ਼ੁਕ ਸਮੇਂ 'ਤੇ ਸਾਡੀਆਂ ਸਮੁੱਚੀਆਂ ਪੰਥਕ ਧਿਰਾਂ ਅਤੇ ਸ਼ਹੀਦ ਪਰਿਵਾਰਾਂ ਨੂੰ ਬੇਨਤੀ ਹੈ ਕਿ ਛੋਟੇ ਮੋਟੇ ਵਖਰੇਵੇਂ ਛੱਡ ਕੇ ਕੌਮ ਦੀ ਚੜ੍ਹਦੀ ਕਲਾ ਲਈ ਲੱਖਾਂ ਸਿੱਖ ਸੰਗਤਾਂ ਵੱਲੋਂ ਸਰਬੱਤ ਖ਼ਾਲਸਾ ਰਾਹੀਂ ਨਿਯੁਕਤ ਜਥੇਦਾਰ ਸਿੰਘ ਸਾਹਿਬ ਭਾਈ ਜਗਤਾਰ ਸਿੰਘ ਜੀ ਹਵਾਰਾ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਗੈਰ ਹਾਜ਼ਰੀ ਵਿੱਚ ਭਾਈ ਧਿਆਨ ਸਿੰਘ ਮੰਡ ਨੂੰ ਕੌਮ ਦੇ ਨਾਮ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਕੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਕੇ ਕੌਮੀ ਫ਼ਰਜ਼ ਅਦਾ ਕਰਨਾ ਲੋੜੀਂਦਾ ਹੈ।

ਪੰਥਕ ਆਗੂਆਂ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੌਮ ਦੀ ਸਹਿਮਤੀ ਤੋਂ ਬਗੈਰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਥੋਪੇ 'ਜਥੇਦਾਰਾਂ' ਵੱਲੋਂ ਸਮੇਂ ਸਮੇਂ ਲਏ ਗਏ ਗੈਰ ਸਿਧਾਂਤਕ ਫ਼ੈਸਲਿਆਂ ਨਾਲ ਸਿੱਖ ਕੌਮ ਡੂੰਘੀ ਨਿਰਾਸ਼ਾ ਦੇ ਆਲਮ ਵਿੱਚੋਂ ਲੰਘਦੀ ਰਹੀ ਹੈ। ਸਤੰਬਰ 2015 ਦੇ ਉਸ ਸਮੇਂ ਦੇ ਜਥੇਦਾਰਾਂ ਦੇ ਸੌਧਾ ਸਾਧ ਨੂੰ ਦਿੱਤੀ ਬਿਨਾਂ ਮੰਗੀ ਮੁਆਫ਼ੀ ਦੇ ਫ਼ੈਸਲੇ, ਉਪਰੰਤ ਬਰਗਾੜੀ ਬੇਅਦਬੀ ਕਾਂਡ ਅਤੇ ਗੋਲੀ ਕਾਂਡ ਨੇ ਸਿੱਖ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ। ਸਿੱਟੇ ਵਜੋਂ ਸਿੱਖ ਕੌਮ ਨੇ ਸਰਬੱਤ ਖ਼ਾਲਸਾ ਬੁਲਾ ਕੇ ਸਿੱਖ ਵਿਰੋਧੀ ਫ਼ੈਸਲੇ ਕਰਨ ਵਾਲੇ ਜਥੇਦਾਰਾਂ ਨੂੰ ਬਰਖ਼ਾਸਤ ਕਰਕੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਭਾਈ ਧਿਆਨ ਸਿੰਘ ਮੰਡ ਨੂੰ ਕਾਰਜਕਾਰੀ ਜਥੇਦਾਰ ਵਜੋਂ ਨਾਮਜ਼ਦ ਕੀਤਾ ਸੀ। ਪ੍ਰਕਾਸ਼ ਸਿੰਘ ਬਾਦਲ ਤੋਂ ਫ਼ਖ਼ਰ ਏ ਕੌਮ ਪੰਥ ਰਤਨ ਦਾ ਸਨਮਾਨ ਵੀ ਵਾਪਸ ਲਿਆ ਸੀ। ਇਹਨਾਂ ਫ਼ੈਸਲਿਆਂ ਦਾ ਬਾਦਲ ਦਲ ਅਤੇ ਸ਼੍ਰੋਮਣੀ ਕਮੇਟੀ ਦੀ ਕਾਬਜ਼ ਧਿਰ ਵਿਰੋਧ ਕਰਦੀ ਰਹੀ ਪ੍ਰੰਤੂ ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਗਏ ਫ਼ੈਸਲਿਆਂ ਨੇ ਸਰਬੱਤ ਖ਼ਾਲਸਾ ਦੇ ਫ਼ੈਸਲੇ 'ਤੇ ਮੋਹਰ ਲਗਾਈ ਜਿਸ ਵਿੱਚ ਪ੍ਰਕਾਸ਼ ਸਿੰਘ ਬਾਦਲ ਅਤੇ ਉਸ ਦੀ ਜੁੰਡਲ਼ੀ ਨੂੰ ਸਮੇਤ ਉਸ ਸਮੇਂ ਦੇ ਅਖੌਤੀ ਜਥੇਦਾਰਾਂ ਨੂੰ ਦੋਸ਼ੀ ਕਰਾਰ ਦਿੱਤਾ। ਪੰਥਕ ਆਗੂਆਂ ਨੇ ਜੂਨ '84 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਸਮੁੱਚੀ ਕੌਮ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਸ਼ਰਧਾ ਪੂਰਵਕ ਮਨਾਉਣ ਦੀ ਵਕਾਲਤ ਕਰਦਿਆਂ ਕਿਹਾ ਕਿ ਭਾਰਤ ਦੀ ਸਭਿਅਤਾ ਦੀ ਰਾਖੀ ਅਤੇ ਅਤੇ ਅਜ਼ਾਦੀ ਲਈ ਸਿੱਖਾਂ ਨੇ ਅੱਸੀ ਪ੍ਰਤੀਸ਼ਤ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਫਾਂਸੀਆਂ ਦੇ ਰੱਸੇ ਚੁੰਮੇ ਕਾਲੇ ਪਾਣੀਆਂ ਦੀਆਂ ਜੇਲ੍ਹਾਂ ਵਿੱਚ ਤਸੀਹੇ ਝੱਲੇ, ਜ਼ਮੀਨਾਂ ਕੁਰਕ ਕਰਵਾਈਆਂ, ਜਾਨ ਤੋਂ ਵੱਧ ਪਿਆਰੇ ਗੁਰਧਾਮਾਂ ਦਾ ਵਿਛੋੜਾ ਝੱਲਿਆ ਪਰ ਅਜ਼ਾਦੀ ਤੋਂ ਬਾਅਦ ਹਿੰਦੁਸਤਾਨ ਦੀ ਕਾਂਗਰਸ ਹਕੂਮਤ ਵੱਲੋਂ ਸਿੱਖ ਕੌਮ ਨਾਲ ਹਮੇਸ਼ਾ ਹੀ ਦੂਜੇ ਦਰਜੇ ਦੇ ਸ਼ਹਿਰੀਆਂ ਵਾਂਗ ਸਲੂਕ ਕੀਤਾ ਜਾਂਦਾ ਰਿਹਾ। ਇਸੇ ਸੰਦਰਭ ਵਿੱਚ ਹੀ ਜੂਨ '84 ਵਿੱਚ ਸਿੱਖਾਂ ਦੇ ਪਵਿੱਤਰ ਅਤੇ ਸਰਵਉੱਚ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਉੱਤੇ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕਰਕੇ ਸਿੱਖ ਪ੍ਰਭੂਸਤਾ ਸੰਪੰਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕੀਤਾ ਗਿਆ। ਜਿਸ ਵਿੱਚ ਮਰਦ ਏ ਮੁਜਾਹਿਦ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਭਾਈ ਅਮਰੀਕ ਸਿੰਘ ਜੀ, ਜਨਰਲ ਸ਼ੁਬੇਗ ਸਿੰਘ ਅਤੇ ਬਾਬਾ ਠਾਹਰਾ ਸਿੰਘ ਸਮੇਤ ਅਨੇਕਾਂ ਮਰਜੀਵੜਿਆਂ ਨੇ ਛਾਤੀਆਂ ਡਾਹ ਕੇ ਮੁਕਾਬਲਾ ਕਰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ ਇੱਥੇ ਹੀ ਬੱਸ ਨਹੀਂ ਪੰਚਮ ਪਾਤਸ਼ਾਹ ਜੀ ਦਾ ਸ਼ਹੀਦੀ ਗੁਰਪੁਰਬ ਮਨਾਉਣ ਆਏ ਸ਼ਰਧਾਲੂ ਬੱਚਿਆਂ ਅਤੇ ਬੀਬੀਆਂ ਨੂੰ ਵੀ ਨਹੀਂ ਬਖ਼ਸ਼ਿਆ ਗਿਆ। ਇਸ ਤੋਂ ਇਲਾਵਾ ਪੰਜਾਬ ਵਿੱਚ ਅਨੇਕਾਂ ਹੋਰ ਗੁਰਧਾਮਾਂ ਤੇ ਵੀ ਹਮਲੇ ਕੀਤੇ ਗਏ। ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਘੱਲੂਘਾਰੇ ਦੀ ਵਰ੍ਹੇਗੰਢ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਕੌਮ ਏਕਤਾ ਅਤੇ ਚੜ੍ਹਦੀ ਕਲਾ ਸ਼ਰਧਾ ਪੂਰਵਕ ਮਨਾਇਆ ਜਾਣਾ ਚਾਹੀਦਾ ਹੈ।



## ਸਿਮਰਨਜੀਤ ਸਿੰਘ ਮਾਨ ਆਪਣੇ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਸਰਬੱਤ ਖ਼ਾਲਸਾ ਦੇ ਫ਼ੈਸਲਿਆਂ 'ਤੇ ਪਹਿਰਾ ਦੇਣ

ਆਵਾਜ਼ਿ ਕੌਮ AWAZE QAUM International Newspaper & WEB TV

# ਰਾਤ ਦੇ ਹਨੇਰੇ ਵਿੱਚ ਬਣੇ ਜਥੇਦਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 6 ਜੂਨ ਨੂੰ ਕਿਸੇ ਹਾਲਤ ਵਿੱਚ ਸੰਦੇਸ਼ ਨਹੀ ਦੇਣ ਦਿੱਤਾ ਜਾਵੇਗਾ - ਢੋਟ

## ਦਮਦਮੀ ਟਕਸਾਲ ਖਿਲਾਫ ਬੇਤੁੱਕੀ ਬਿਆਨਬਾਜੀ ਕਰਕੇ ਸਿਮਰਨਜੀਤ ਮਾਨ ਤੇ ਗੁਰਪ੍ਰੀਤ ਝੱਬਰ ਆਪਣੇ ਦਿਮਾਗੀ ਦੀਵਾਲਿਆਪਨ ਦਾ ਸਬੂਤ ਨਾ ਦੇਣ



**ਅੰਮ੍ਰਿਤਸਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਸਰਵ ਪ੍ਰਵਾਨਤ ਅਤੇ ਅਕਾਲੀ ਬਾਬਾ ਫੂਲਾ ਸਿੰਘ ਜੀ ਵਰਗੇ ਜਥੇਦਾਰ ਚਾਹੁੰਦੀ ਹੈ ਰਾਤ ਦੇ ਹਨੇਰੇ ਵਿੱਚ ਬਣੇ ਜਥੇਦਾਰ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਸੰਦੇਸ਼ ਦੇਣ ਦਾ ਕੋਈ ਹੱਕ ਨਹੀਂ।

ਇਹ ਵਿਚਾਰ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਪ੍ਰਧਾਨ ਅਮਰਬੀਰ ਸਿੰਘ ਢੋਟ ਨੇ ਪ੍ਰਗਟ ਕਰਦਿਆਂ ਕਿਹਾ ਕਿ 6 ਜੂਨ ਨੂੰ ਸ਼ਹੀਦੀ ਘੱਲੂਘਾਰੇ ਦੌਰਾਨ ਧਾਰਮਿਕ ਭਾਵਨਾਵਾਂ ਅਤੇ ਮਰਿਆਦਾ ਦਾ ਘਾਣ ਨਹੀਂ ਹੋਣ ਦਿੱਤਾ ਜਾਵੇਗਾ ਕੁਲਦੀਪ ਸਿੰਘ ਗੜਗੱਜ ਸਿਰਫ ਅਕਾਲੀ ਦਲ ਬਾਦਲ ਦੇ ਜਥੇਦਾਰ ਹਨ ਨਾ ਕਿ ਸਿੱਖ ਕੌਮ ਦੇ ਉਹਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਲਿਆ ਸਟੈਂਡ ਬਿਲਕੁਲ ਸਪਸ਼ਟ ਹੈ ਅਤੇ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੈ ਬਾਬਾ ਜੀ ਨੇ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਆਪਣੇ ਹਿੱਤਾਂ ਲਈ ਵਰਤਨ ਵਾਲਿਆਂ ਨੂੰ ਸਖਤ ਸੰਦੇਸ਼ ਦਿੱਤਾ ਹੈ ਕਿਸੇ ਵੀ ਕੀਮਤ ਤੇ ਕੁਲਦੀਪ ਸਿੰਘ ਗੜਗੱਜ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਸੰਦੇਸ਼ ਨਹੀਂ ਦੇ ਦਿੱਤਾ ਜਾਵੇਗਾ ਫੈਡਰੇਸ਼ਨ ਵੱਲੋਂ ਹਰ ਹੀਲੇ ਅਤੇ ਹਰ ਹਾਲਾਤ ਵਿੱਚ ਇਹ ਨਹੀਂ ਹੋਣ ਦਿੱਤਾ ਜਾਵੇਗਾ ਢੋਟ ਨੇ ਕਿਹਾ ਕਿ ਇਹ ਗਲ ਸਮਝ ਤੋਂ ਪਰੇ ਹੈ ਕਿ ਇੱਕ ਪਾਸੇ ਸਿਮਰਨਜੀਤ ਸਿੰਘ ਮਾਨ ਸਰਬੱਤ ਖਾਲਸਾ ਵੱਲੋਂ ਥਾਪੇ ਜਥੇਦਾਰ ਧਿਆਨ ਸਿੰਘ ਮੰਡ ਨਾਲ ਸੰਦੇਸ਼ ਦੌਰਾਨ ਖੜੇ ਹਨ ਅਤੇ ਦੂਜੇ ਪਾਸੇ ਕੁਲਦੀਪ ਸਿੰਘ ਗੜ ਗੱਜ ਦੀ ਪਿੱਠ ਥਾਪੜ ਰਹੇ ਹਨ। ਸਿਮਰਨਜੀਤ ਸਿੰਘ ਮਾਨ ਪਹਿਲਾਂ ਇਹ ਸਪਸ਼ਟ ਕਰਨ ਕਿ ਉਹ ਧਿਆਨ ਸਿੰਘ ਮੰਡ ਨੂੰ ਜਥੇਦਾਰ ਮੰਨਦੇ ਹਨ ਜਾਂ ਉਹ ਕੁਲਦੀਪ ਸਿੰਘ ਗੜਗੱਜ ਨੂੰ ਜਥੇਦਾਰ ਮੰਨਦੇ ਹਨ। ਫੈਡਰੇਸ਼ਨ ਪ੍ਰਧਾਨ ਨੇ ਕਿਹਾ ਕਿ ਮਾਨ ਨੂੰ ਸ਼ਹੀਦਾਂ ਦੀ ਜਥੇਬੰਦੀ ਦਮਦਮੀ ਟਕਸਾਲ ਦੇ ਮੁਖੀ ਖਿਲਾਫ ਸੋਚ ਵਿਚਾਰ ਕੇ ਅਤੇ ਸ਼ਬਦਾਂ ਨੂੰ ਨਾਪ ਤੋਲ ਕੇ ਬੋਲਣਾ ਚਾਹੀਦਾ ਹੈ। ਬੇਤੁਕੀ ਬਿਆਨਬਾਜ਼ੀ ਕਰਕੇ ਆਪਣੇ ਦਿਮਾਗ ਦੇ ਦੀਵਾਲੀਆਪਾਂਨ ਦਾ ਸਬੂਤ ਨਹੀਂ ਦੇਣਾ ਚਾਹੀਦਾ। ਫੈਡਰੇਸ਼ਨ ਪ੍ਰਧਾਨ ਨੇ ਸੋਸ਼ਲ ਮੀਡੀਆ 'ਤੇ ਦਿੱਤੀ ਗਈ ਗੁਰਪ੍ਰੀਤ ਸਿੰਘ ਝੱਬਰ ਦੀ ਸਟੇਟਮੈਂਟ ਦਾ ਨੋਟਿਸ ਲੈਂਦਿਆਂ ਕਿਹਾ ਕਿ, ਝੱਬਰ ਵਰਗਿਆਂ ਨੇ ਜੇ ਅਕਾਲ ਤਖਤ ਸਾਹਿਬ ਦੇ ਭਗੌੜਿਆਂ ਦੇ ਝੋਲੀ ਚੁੱਕ ਬਣਨਾ ਹੈ ਤਾਂ ਸ਼ੌਂਕ ਨਾਲ ਬਣਨ ਪਰ ਦਮਦਮੀ ਟਕਸਾਲ ਵਰਗੀ ਮਹਾਨ ਜਥੇਬੰਦੀ ਨੂੰ ਨਸੀਹਤਾਂ ਦੇਣ ਤੋਂ ਗੁਰੇਜ ਕਰਨ।

## ਜਿੰਨਾ ਚਿਰ ਜਥੇਦਾਰਾ ਨੂੰ ਲਗਾਉਣ ਅਤੇ ਹਟਾਉਣ ਦਾ ਵਿਧੀ ਵਿਧਾਨ ਨਹੀ ਬਣਦੇ, ਗੱੜਗੱਜ ਸਾਹਿਬ 6 ਜੂਨ ਵਾਲੇ ਸਵੇਦਨਸੀਲ ਮੁੱਦੇ ਤੋ ਦੂਰ ਹੀ ਰਹਿਣ

## 6 ਜੂਨ ਸਬੰਧੀ ਦਮਦਮੀ ਟਕਸਾਲ ਦਾ ਬਿਆਨ ਪੰਥਕ ਜਜ਼ਬਾਤਾ ਦੀ ਤਰਜਮਾਨੀ ਕਰਦਾ ਹੈ : ਪੰਜੋਲੀ



**ਨਵੀਂ ਦਿੱਲੀ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਅਸਲ ਵਿਚ ਜਿਸ ਤਰੀਕੇ ਨਾਲ ਆਪਾਧਾਪੀ ਕਰਦਿਆਂ ਬਾਦਲ ਦਲ ਨੇ ਗੜਗਜ ਸਾਹਿਬ ਤੇ ਭਾਈ ਟੇਕ ਸਿੰਘ ਧਨੌਲਾ ਨੂੰ ਜਥੇਦਾਰ ਥਾਪਿਆ ਓਹ ਸਭ ਕੁਛ ਸੰਗਤ ਨੂੰ ਮਨਜੂਰ ਨਹੀ ਸੰਗਤ ਨੂੰ ਆਸ ਸੀ ਕਿ ਸ਼੍ਰੋਮਣੀ ਕਮੇਟੀ ਦੇ ਪਰਧਾਨ ਸ ਹਰਜਿੰਦਰ ਸਿੰਘ ਧਾਮੀ ਜਥੇਦਾਰ ਸਾਹਿਬਾਨ ਦੇ ਸੇਵਾ ਨਿਯਮ ਘੜਨ ਦੀ ਪ੍ਰਕਿਰਿਆ ਮੁਕੰਮਲ ਕਰਕੇ ਓਸ ਅਨੁਸਾਰ ਜਥੇਦਾਰ ਥਾਪਣ ਵਲ ਵਧਣਗੇ ਪਰ ਸ ਧਾਮੀ ਦਾ ਰਵੱਈਆ ਢਿਲ ਮਠ ਵਾਲਾ ਹੀ ਹੈ ਬਾਦਲ ਦਲ ਨੇ ਗਿਆਨੀ ਹਰਪ੍ਰੀਤ ਸਿੰਘ ਸਮੇਤ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਸੁਲਤਾਨ ਸਿੰਘ ਨੂੰ ਬਰਖਾਸਤ ਕਰਨ ਅਤੇ ਆਪਦੀ ਮਰਜੀ ਦੇ ਜਥੇਦਾਰ ਥਾਪਣ ਮੌਕੇ ਕੌਮ ਦੇ ਜਜਬਾਤ ਦਾ ਭੋਰਾ ਖਿਆਲ ਨਹੀ ਕੀਤਾ ਮਰਿਆਦਾ ਦੀ ਰਾਖੀ ਕਰਨ ਵਾਲੀ ਸ਼੍ਰੋਮਣੀ ਕਮੇਟੀ ਨੇ ਤਖਤਾਂ ਦੇ ਜਥੇਦਾਰ ਚੋਰੀ ਛਪੋਰੀ ਅਹੁਦਿਆਂ ਉਤੇ ਬਿਰਾਜਮਾਨ ਕਰਕੇ ਇਤਿਹਾਸ ਕਲੰਕਤ ਕੀਤਾ ਹਰ ਸਿਖ ਦੁਖੀ ਹੈ ਹਰ ਸਿਖ ਨਿਰਾਸ਼ ਹੈ ਉਪਰੋ ਬਾਦਲ ਦਲ ਦੀ ਸ਼ਿਹ ਉਤੇ ਭਾਈ ਕੁਲਦੀਪ ਸਿੰਘ ਗੜਗਜ ਆਪਦੀ ਜਥੇਦਾਰੀ ਨੂੰ ਮਾਨਤਾ ਦਿਵਾਉਣ ਲਈ ਜੋ ਕੁਛ ਕਰ ਰਹੇ ਹਨ ਓਹਦੇ ਕਰਕੇ ਹੋਰ ਭੜਕਾਹਟ ਵੱਧ ਰਹੀ ਹੈ ਸਾਫ ਦਿਸਦਾ ਸੀ ਕਿ ਕਦੇ ਨਾ ਕਦੇ ਟਕਰਾਅ ਹੋ ਜਾਣਾ ਹੈ ਹੁਣ ਘੱਲੂਘਾਰਾ ਦਿਹਾੜਾ ਆ ਰਿਹਾ ਹੈ ਤੇ ਟਕਸਾਲ ਨੇ ਲਕੀਰ ਖਿਚ ਦਿਤੀ ਹੈ ਅਕਾਲ ਤਖਤ ਸਾਹਿਬ ਸ਼੍ਰੋਮਣੀ ਕਮੇਟੀ ਤੇ ਟਕਸਾਲ ਵਿਚਾਲੇ ਇਸ ਟਕਰਾਅ ਲਈ ਜਿੰਮੇਵਾਰ ਸਿਰਫ ਤੇ ਸਿਰਫ ਸ ਸੁਖਬੀਰ ਸਿੰਘ ਬਾਦਲ ਅਤੇ ਓਹਦੀ ਜੁੰਡਲੀ ਹੀ ਹੈ ਜੋ ਹੁਣ ਵੀ ਤਮਾਸ਼ਾ ਦੇਖ ਰਹੀ ਹੈ ਜਦਕਿ ਕੌਮ ਦਾ ਦਰਦ ਰਖਣ ਵਾਲੇ ਬੇਵਸ ਤੇ ਲਾਚਾਰ ਹਨ ਅਸੀ ਟਕਸਾਲ ਮੁਖੀ ਨੂੰ ਧੀਰਜ ਰਖਣ ਦੀ ਅਪੀਲ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪਰਧਾਨ ਨੂੰ ਅਪੀਲ ਕਰਦੇ ਹਾਂ ਕਿ ਮਸਲੇ ਦਾ ਸੁਖਾਵਾਂ ਹੱਲ ਲੱਭਿਆ ਜਾਵੇ ਇਸ ਮੌਕੇ ਸਹੀ ਇਹੀ ਜਾਪਦਾ ਹੈ ਕਿ ਗਿਆਨੀ ਰਘਬੀਰ ਸਿੰਘ ਜੀ ਹੀ ਕੌਮ ਨੂੰ ਸੰਦੇਸ਼ ਦੇਣ ਅਤੇ ਓਹ ਹੀ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਭਾਈ ਕੁਲਦੀਪ ਸਿੰਘ ਗੜਗਜ ਸੰਗਤੀ ਰੂਪ ਵਿਚ ਹਾਜਰੀ ਭਰਨ ਪਰ ਜਦ ਤੱਕ ਵਿਧੀ ਵਿਧਾਨ ਅਨੁਸਾਰ ਜਥੇਦਾਰ ਸਾਹਿਬਾਨ ਦੀ ਚੋਣ ਨਹੀ ਹੋ ਜਾਂਦੀ ਉਹ ਜਥੇਦਾਰ ਦੇ ਤੌਰ ਤੇ ਨਾ ਵਿਚਰਨ ਸਪੱਸ਼ਟ ਦਿਸ ਰਿਹਾ ਹੈ ਕਿ ਟਕਰਾਅ ਹੋਇਆ ਤਾਂ ਇਸ ਲਈ ਭਾਈ ਕੁਲਦੀਪ ਸਿੰਘ ਗੜਗਜ ਦੀ ਜਿਦ ਹੀ ਜਿੰਮੇਵਾਰ ਹੋਵੇਗੀ।

## ਵਿਧਾਇਕ ਦੀ ਅਗਵਾਈ 'ਚ ਹੁਸ਼ਿਆਰਪੁਰ 'ਚ ਕਰਵਾਇਆ ਗਿਆ ਨਸ਼ਾ ਮੁਕਤੀ ਸਮਾਗਮ

**ਹੁਸ਼ਿਆਰਪੁਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਛੁਡਾਊ ਮੁਹਿੰਮ ਤਹਿਤ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਵਿੱਚ ਵੀ ਜਾਗਰੂਕਤਾ ਦਾ ਬਿਗਲ ਵਜਾ ਦਿੱਤਾ ਗਿਆ ਹੈ। ਇਸੇ ਲੜੀ ਤਹਿਤ ਅੱਜ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਹੇਠ ਵਾਰਡ ਨੰਬਰ 49, 46, 23, 14, 16 ਅਤੇ 8 ਵਿੱਚ ਨਸ਼ਾ ਛੁਡਾਊ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਨਤਕ ਜਾਗਰੂਕਤਾ ਫੈਲਾਉਣਾ, ਸਮਾਜ ਨੂੰ ਇਸ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਦੇ ਚੁੰਗਲ ਤੋਂ ਦੂਰ ਰੱਖਣਾ ਹੈ। ਵਾਰਡ ਨਿਵਾਸੀਆਂ ਦੀ ਮੌਜੂਦਗੀ ਅਤੇ ਸਰਗਰਮ ਭਾਗੀਦਾਰੀ ਨੇ ਸਪੱਸ਼ਟ ਤੌਰ 'ਤੇ ਦਿਖਾਇਆ ਕਿ ਸ਼ਹਿਰ ਵਾਸੀ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਇੱਕਜੁੱਟ ਹਨ। ਵਿਧਾਇਕ ਜਿੰਪਾ ਨੇ ਇਸ ਮੌਕੇ ਮੌਜੂਦ ਨਾਗਰਿਕਾਂ ਨੂੰ ਸਮੂਹਿਕ ਤੌਰ 'ਤੇ ਸਹੁੰ ਚੁਕਾਈ ਕਿ ਉਹ ਕਿਸੇ ਵੀ ਹਾਲਤ ਵਿੱਚ ਨਸ਼ੇ ਦਾ ਸੇਵਨ ਨਾ ਕਰਨ, ਨਸ਼ੇ ਵੇਚਣ ਵਾਲਿਆਂ ਦਾ ਬਾਈਕਾਟ ਨਾ ਕਰਨ ਅਤੇ ਅਜਿਹੇ ਸਮਾਜ ਵਿਰੋਧੀ ਅਨਸਰਾਂ ਦੀ ਮਦਦ ਨਾ ਕਰਨ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਸੀਂ ਆਪਣੇ ਇਲਾਕੇ ਵਿੱਚ ਨਸ਼ੇ ਵੇਚਣ ਵਾਲਿਆਂ ਨੂੰ ਵਧਣ-ਫੁੱਲਣ ਨਹੀਂ ਦੇਵਾਂਗੇ। ਜੇਕਰ ਕੋਈ ਨਸ਼ੇ ਵੇਚਦਾ ਹੈ ਜਾਂ ਉਨ੍ਹਾਂ ਦਾ ਸਮਰਥਨ ਕਰਦਾ ਹੈ, ਤਾਂ ਅਸੀਂ ਉਸ ਨੂੰ ਜ਼ਮਾਨਤ ਵੀ ਨਹੀਂ ਦੇਵਾਂਗੇ। ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਦੀਆਂ ਜੜ੍ਹਾਂ ਨੂੰ ਕਮਜ਼ੋਰ ਕਰ ਰਿਹਾ ਹੈ।

## ਦਮਦਮੀ ਟਕਸਾਲ ਵਿਖੇ ਸ਼ਹੀਦੀ ਹਫਤੇ ਦੇ ਪਹਿਲੇ ਦਿਨ ਸਜੇ ਭਾਰੀ ਧਾਰਮਿਕ ਦੀਵਾਨ

# ਸ਼ਹੀਦੀ ਹਫਤੇ ਤੇ 6 ਜੂਨ ਦੇ ਮੁੱਖ ਸਮਾਗਮ ਚ ਸੰਗਤਾਂ ਵੱਧ ਚੜ੍ਹ ਕੇ ਹਾਜ਼ਰੀ ਭਰਨ : ਬਾਬਾ ਹਰਨਾਮ ਸਿੰਘ










ਆਵਾਜ਼ਿ ਕੌਮ AWAZE QAUM International Newspaper & WEB TV





**ਚੌਂਕ ਮਹਿਤਾ, 1 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਸਾਕਾ ਨੀਲਾ ਤਾਰਾ(ਤੀਸਰਾ ਘਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ 'ਚ ਮਨਾਏ ਜਾ ਰਹੇ ਜੂਨ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ ਹੋ ਚੁੱਕੀ ਹੈ,ਜਿਸ ਦੌਰਾਨ ਅੱਜ ਇੱਥੇ ਟਕਸਾਲ ਦੇ ਕੇਂਦਰੀ ਅਸਥਾਨ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੱਜ ਸ਼ਹੀਦੀ ਹਫਤੇ ਦੇ ਪਹਿਲੇ ਦਿਨ ਦੇ ਦੀਵਾਨ ਸਜਾਏ ਗਏ।ਇਹ ਸਮਾਗਮ ਤੀਸਰੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਨੂੰ ਸਮਰਪਿਤ ਹੋਣਗੇ।ਅੱਜ ਦੇ ਦੀਵਾਨ ਦੀ ਸ਼ੁਰੂਆਤ ਰਸਮਈ ਸ਼ਬਦ ਕੀਰਤਨ ਨਾਲ ਹੋਈ, ਜਿਸ ਦੌਰਾਨ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਤੰਤੀ ਸਾਜਾਂ ਰਾਹੀਂ ਮਨੋਹਰ ਕੀਰਤਨ ਗਾਇਨ ਕੀਤਾ ਅਤੇ ਸ੍ਰੀ ਹਰਿਮੰਦਿਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਸੇਵਕ ਸਿੰਘ ਦੇ ਜਥੇ ਨੇ ਵੀ ਆਨੰਦਮਈ ਸ਼ਬਦ ਕੀਰਤਨ ਦੀ ਸੇਵਾ ਨਿਭਾਈ।ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਲੜੀਵਾਰ ਕਥਾ ਨੂੰ ਅੱਗੇ ਤੋਰਦੇ ਹੋਏ ਗੁਰ ਪ੍ਰਤਾਪ ਸੂਰਜ ਗ੍ਰੰਥ 'ਚੋਂ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਅਤੇ ਬਾਦਸ਼ਾਹ ਜਹਾਂਗੀਰ ਦਰਮਿਆਨ ਹੋਈ ਵਾਰਤਾਲਾਪ ਪ੍ਰਸੰਗ ਸੰਗਤਾਂ ਨੂੰ ਸਰਵਨ ਕਰਾਇਆ। ਉਨ੍ਹਾਂ ਨੇ ਚੱਲ ਰਹੇ ਸ਼ਹੀਦੀ ਸਮਾਗਮਾਂ ਦੀ ਮਹੱਤਤਾ ਦੱਸਦੇ ਹੋਏ ਸਮੂਹ ਸੰਗਤਾਂ ਨੂੰ ਪੰਜ ਰੋਜ਼ਾਂ ਚੱਲਣ ਵਾਲੇ ਇੰਨ੍ਹਾਂ ਦੀਵਾਨਾਂ ਤੋਂ ਇਲਾਵਾ 6 ਜੂਨ ਨੂੰ ਵੱਡੇ ਪੱਧਰ 'ਤੇ ਕੀਤੇ ਜਾ ਰਹੇ ਸ਼ਹੀਦੀ ਸਮਾਗਮ 'ਚ ਵੀ ਵੱਧ ਚੜ੍ਹ ਕੇ ਹਾਜ਼ਰੀ ਭਰਨ ਦੀ ਅਪੀਲ ਕੀਤੀ। ਇਸ ਦੌਰਾਨ ਸਟੇਜ ਸੰਚਾਲਕ ਦੀ ਸੇਵਾ ਪ੍ਰਿੰ.ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਅੱਜ ਦੇ ਦੀਵਾਨ 'ਚ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ, ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ, ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ, ਸੰਤ ਬਾਬਾ ਬੀਰ ਸਿੰਘ ਭੰਗਾਲੀ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਸ਼ਮਸ਼ੇਰ ਸਿੰਘ ਜੇਠੂਵਾਲ,

ਗਿ.ਪ੍ਰਗਟ ਸਿੰਘ ਭੀਲੋਵਾਲ, ਜਥੇ.ਅਜੀਤ ਸਿੰਘ, ਜਥੇ.ਸੁਖਦੇਵ ਸਿੰਘ, ਜਥੇ.ਬੋਹੜ ਸਿੰਘ, ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਜਤਿੰਦਰ ਸਿੰਘ ਲੱਧਾਮੁੰਡਾ, ਤਜਿੰਦਰਪਾਲ ਸਿੰਘ ਲਾਡੀ, ਇਕਬਾਲ ਸਿੰਘ ਮਾਨ, ਗੁਲਜਿੰਦਰ ਸਿੰਘ ਲਾਡੀ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੇਂਟ ਸੋਲਜ਼ਰ ਸਕੂਲ ਵਿਖੇ ਸਹਿਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ ਗਿਆ



**ਜੰਡਿਆਲਾ ਗੁਰੂ 2 ਜੂਨ ( ਕੁਲਵੰਤ ਸਿੰਘ ਵਿਰਦੀ )**- ਬੀਤੇ ਦਿਨ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸਕੂਲ ਅਸੈਂਬਲੀ ਵਿੱਚ ਬੱਚਿਆਂ ਵੱਲੋਂ ਗੁਰੂ ਸਾਹਿਬਾਨਾਂ ਦੀ ਸ਼ਹੀਦੀ ਨਾਲ ਸੰਬੰਧਿਤ ਸ਼ਬਦ ਗਾਇਨ ਕੀਤੇ ਗਏ ਉਪਰੰਤ ਦਸਵੀਂ ਕਲਾਸ ਦੀ ਵਿਦਿਆਰਥਨ ਗੁਰਲੀਨ ਕੌਰ ਨੇ ਆਪਣੇ ਸ਼ਬਦਾਂ ਰਾਹੀਂ ਗੁਰੂ ਸਾਹਿਬ ਜੀ ਦੀ ਜੀਵਨੀ ਬਾਰੇ ਦੱਸਿਆ ਉਪਰੰਤ ਸਕੂਲ ਦੇ ਆਡੋਟੋਰੀਅਮ ਵਿੱਚ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਸਭ ਤੋਂ ਪਹਿਲਾਂ ਬੱਚਿਆਂ ਨੇ ਸੰਗਤ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਉਪਰੰਤ ਸਕੂਲ ਦੇ ਬੱਚਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਬੱਚਿਆਂ ਵੱਲੋਂ "ਤੱਤੀ ਤਵੀ ਤੇ ਬੈਠਾ ਏ ਕੋਈ ਸ਼ਿਹਨਸ਼ਾਹ ਜਾਪੇ" ਰਸ ਭਿੰਨਾ ਸ਼ਬਦ ਗਾ ਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਵਾਈ ਅਤੇ ਮਾਹੌਲ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਕਿੰਡਰ ਗਾਰਡਨ ਸੈਕਸ਼ਨ ਦੀ ਐਲਕੇਜੀ ਕਲਾਸ ਦੀ ਬੱਚੀ ਰਹਿਮਤਦੀਪ ਕੌਰ ਨੇ ਸ਼ਹੀਦੀ ਪੁਰਬ ਸਬੰਧੀ ਬੜੀ ਹੀ ਵੈਰਾਗਮਈ ਕਵਿਤਾ ਪੇਸ਼ ਕੀਤੀ । ਇਸ ਦੇ ਨਾਲ ਹੀ ਸਕੂਲ ਦੀ ਅੱਠਵੀਂ ਕਲਾਸ ਦੀ ਵਿਦਿਆਰਥਨ ਸੀਰਤ ਕੌਰ ਨੇ ਵੀ ਕਵਿਤਾ ਰਾਹੀਂ ਗੁਰੂ ਸਾਹਿਬ ਜੀ ਦੀ ਉਸਤਤ ਕੀਤੀ। ਉਪਰੰਤ ਬੱਚਿਆਂ ਨੂੰ ਪੀਪੀਟੀ ਵਿਜੂਅਲ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ :ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਬੱਚਿਆਂ ਨੂੰ ਗੁਰੂ ਸਾਹਿਬਾਂ ਦੇ ਸ਼ਹੀਦੀ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਸ਼ਹੀਦੀ ਵਾਲੇ ਦਿਨ ਗੁਰਦੁਆਰਾ ਸਾਹਿਬ ਜਾ ਕੇ ਨਤਮਸਤਕ ਹੋਣ ਲਈ ਕਿਹਾ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਸਕੂਲਾਂ ਵਿੱਚ ਗੁਰੂ ਸਾਹਿਬਾਨਾਂ ਦੇ ਦਿਹਾੜੇ ਮਨਾਉਣੇ ਬਹੁਤ ਜਰੂਰੀ ਹਨ ਤਾਂ ਕਿ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਗੁਰ ਇਤਿਹਾਸ ਦਾ ਪਤਾ ਲੱਗੇ ਆਉਣ ਵਾਲੀ ਪੀੜ੍ਹੀ ਇਹ ਜਾਣ ਸਕੇ ਕਿ ਸਾਡੇ ਗੁਰੂਆਂ ਨੇ ਸਾਡੇ ਲਈ ਕਿੰਨੀਆਂ ਕੁਰਬਾਨੀਆਂ ਕੀਤੀਆਂ। ਆਓ ਉਹਨਾਂ ਮਹਾਨ ਗੁਰੂ ਸਾਹਿਬਾਨਾਂ ਨੂੰ ਯਾਦ ਕਰੀਏ ਜਿਨਾਂ ਨੇ ਸਾਡੇ ਲਈ ਸਿੱਖ ਕੌਮ ਲਈ ਸ਼ਹੀਦੀਆਂ ਦਿੱਤੀਆਂ। ਇਸ ਮੌਕੇ ਤੇ ਸਾਰੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

**ਬੱਚਿਆਂ ਵੱਲੋਂ "ਤੱਤੀ ਤਵੀ ਤੇ ਬੈਠਾ ਏ ਕੋਈ ਸ਼ਿਹਨਸ਼ਾਹ ਜਾਪੇ" ਸ਼ਬਦ ਗਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਣਾ ਕੀਤਾ**

### 18 ਕਰੋੜ ਦੀ ਲਾਗਤ ਨਾਲ ਗਹਿਰੀ ਮੰਡੀ ਤੋਂ ਮਹਿਤੇ ਨੂੰ

# ਜੋੜਨ ਵਾਲੀ ਸੜਕ ਦਾ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਰੱਖਿਆ ਨੀਂਹ ਪੱਥਰ





**ਜੰਡਿਆਲਾ ਗੁਰੂ 2 ਜੂਨ (ਕੁਲਵੰਤ ਸਿੰਘ ਵਿਰਦੀ )**-ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੇ ਬੀਤੇ ਦਿਨ ਆਪਣੇ ਹਲਕੇ ਦੇ ਮਸ਼ਹੂਰ ਪਿੰਡ ਗਹਿਰੀ ਮੰਡੀ ਤੋਂ ਮਹਿਤੇ ਨੂੰ ਜੋੜਨ ਵਾਲੀ ਸੜਕ ਨੂੰ ਚੌੜਾ ਅਤੇ ਮਜ਼ਬੂਤ ਕਰਨ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਹੋਏ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੈਬਨਟ ਮੰਤਰੀ ਹਰਭਜਨ ਸਿੰਘ ਨੇ ਦੱਸਿਆ ਕਿ ਕਰੀਬ 21 ਕਿਲੋਮੀਟਰ ਦੀ ਇਸ ਸੜਕ ਉੱਤੇ ਕੁੱਲ 17.65 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਸੜਕ ਨੂੰ ਛੇ ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਜੰਡਿਆਲਾ ਹਲਕੇ ਦੇ ਮੁੱਖ ਪਿੰਡ ਡੇਹਰੀਵਾਲ, ਸਰਜਾ, ਬੇਰੀਆਂਵਾਲਾ, ਮਹਿਸਮਪੁਰ, ਕੋਹਾਟਵਿੰਡ ਹਿੰਦੂਆਂ ਦੇ ਵਾਸੀਆ ਨੂੰ ਬਹੁਤ ਹੀ ਲਾਭ ਮਿਲੇਗਾ ਅਤੇ ਰੋਜ਼ਾਨਾ ਦੀ ਆਵਾਜਾਈ ਆਸਾਨ ਹੋਵੇਗੀ। ਉਹਨਾਂ ਦੱਸਿਆ ਕਿ ਅੱਜ ਇਸ ਸੜਕ ਦਾ ਕੇਵਲ ਨੀਂਹ ਪੱਥਰ ਹੀ ਨਹੀਂ ਰੱਖਿਆ ਬਲਕਿ ਜੱਬੋਵਾਲ ਵਿੱਚ ਇਸ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਉਹਨਾਂ ਇਸ ਮੌਕੇ ਹਲਕੇ ਦੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੈਂ ਤੇ ਮੇਰੀ ਪਾਰਟੀ ਰਾਜਨੀਤੀ ਨਹੀਂ ਕਰਦੇ ਬਲਕਿ ਵਿਕਾਸ ਕਰਦੇ ਹਾਂ ਅਤੇ ਮੇਰੀ ਸੋਚ ਹੈ ਕਿ ਜਿਸ ਭਾਵਨਾ ਨਾਲ ਲੋਕਾਂ ਨੇ ਮੈਨੂੰ ਵੋਟਾਂ ਪਈਆਂ ਹਨ, ਮੈਂ ਉਹਨਾਂ ਦੀ ਸੋਚ ਉੱਤੇ ਪੂਰਾ ਉਤਰ ਸਕਾਂ। ਉਹਨਾਂ ਦੱਸਿਆ ਕਿ ਜੰਡਿਆਲਾ ਗੁਰੂ ਤੋਂ ਤਰਨ ਤਾਰਨ ਸਾਹਿਬ ਨੂੰ ਜਾਣ ਵਾਲੀ ਮੁੱਖ ਸੜਕ ਜੋ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵਸਾਏ ਹੋਏ ਨਗਰ ਦਾ ਮੁੱਖ ਰਸਤਾ ਹੈ, ਦਾ ਨਾਂ ਪਿਛਲੀ ਸਰਕਾਰ ਵੇਲੇ ਦੇ ਮੰਤਰੀ ਦੇ ਤਤਕਾਲੀਨ ਵਿਧਾਇਕ ਜੋ ਕਿ ਉਹਨਾਂ ਦਾ ਪੁੱਤਰ ਹੈ, ਨੇ ਆਪਣੇ ਪਿਤਾ ਦੇ ਨਾਮ ਉੱਤੇ ਨਿਯਮਾਂ ਵਿੱਚ ਛੇੜਛਾੜ ਕਰਕੇ ਕਰ ਲਿਆ ਸੀ ਪਰ ਮੈਂ ਪਿਛਲੇ ਸਾਲ ਇਸ ਸੜਕ ਨੂੰ ਜਿੱਥੇ ਚੌੜਾ ਕਰਵਾਇਆ ਉਥੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਨਾਮ ਉੱਤੇ ਸੜਕ ਦਾ ਨਾਂ ਰੱਖਿਆ ਅਤੇ ਜੰਡਿਆਲਾ ਵਿਖੇ ਇਹ ਸੜਕ ਉੱਤੇ ਸ਼ਾਨਦਾਰ ਗੇਟ ਉਸਾਰੇ। ਇਸ ਮੌਕੇ ਡਰੇਨ ਉਤੇ ਪੁਲ ਬਨਾਉਣ ਦੀ ਮਨਜ਼ੂਰੀ ਵੀ ਦਿੱਤੀ। ਇਸ ਮੌਕੇ ਚੇਅਰਮੈਨ ਗੁਰਵਿੰਦਰ ਸਿੰਘ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ, ਜਰਮਨਜੀਤ ਸਿੰਘ, ਭੁਪਿੰਦਰ ਸਿੰਘ, ਬਲਰਾਜ ਸਿੰਘ ਤਰਸਿਕਾ, ਚੇਅਰਮੈਨ ਸ਼ਨਾਖ ਸਿੰਘ, ਸਰਪੰਚ ਗੁਰਵਿੰਦਰ ਸਿੰਘ ਬੇਰੀਆਂ, ਚਰਨਜੀਤ ਸਿੰਘ, ਮੁਖਵਿੰਦਰ ਸਿੰਘ ਸਾਬਕਾ ਸਰਪੰਚ ਅਤੇ ਹੋਰ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

**ਛੇ ਮਹੀਨਿਆਂ ਵਿੱਚ ਮੁਕੰਮਲ ਹੋਵੇਗੀ ਸੜਕ ਈ.ਟੀ.ਓ.**

# ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਵਿਖੇ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ : ਬਾਬਾ ਸੁਖਵਿੰਦਰ ਸਿੰਘ




**ਜੰਡਿਆਲਾ ਗੁਰੂ, 2 ਜੂਨ ( ਕੁਲਵੰਤ ਸਿੰਘ ਵਿਰਦੀ)**-ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਨੰਗਲ ਬੇਟ ਫਿਲੌਰ ਲੁਧਿਆਣਾ ਵਿਖੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਗੁਰਮਤਿ ਸਮਾਗਮ ਕਰਵਾਇਆ ਗਿਆ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ, ਸ੍ਰੀ ਅਖੰਡ ਪਾਠ ਸ਼ਰਧਾਲੂਆਂ ਤੇ ਧਾਰਮਿਕ ਬੁਲਾਰਿਆਂ ਦੇ ਨਾਲ ਨਾਲ ਹੋਰ ਪੰਥਕ ਸ਼ਖਸ਼ੀਅਤਾਂ ਤੇ ਸੰਤਾਂ ਮਹਾਪੁਰਸ਼ਾਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ,ਉਹਨਾਂ ਦੱਸਿਆ ਇਸ ਧਾਰਮਿਕ ਅਸਥਾਨ ਤੇ ਗੁਰੂ ਸਾਹਿਬਾਨਾ ਨਾਲ ਸਬੰਧਤ ਸਾਰੇ ਦਿਹਾੜੇ ਮਨਾਉਣ ਦੀ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਅਤੇ ਸੰਤ ਜਰਨੈਲ ਸਿੰਘ ਜੀ ਵੱਲੋਂ ਚਲਾਈ ਧਾਰਮਿਕ ਲੜੀ ਤਹਿਤ ਅੱਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਗਿਆ, ਭਾਈ ਖਾਲਸਾ ਨੇ ਦੱਸਿਆ ਇਸ ਸਬੰਧੀ ਪੰਜ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬਾ ਦੇ ਸੰਪੂਰਨ ਭੋਗ ਅਰਦਾਸ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਗੁਰਬਾਣੀ ਸ਼ਬਦ ਵਿਚਾਰ ਕਥਾ ਕੀਤੀ ਗਈ, ਭਾਈ ਕਰਮ ਸਿੰਘ ਜਲੰਧਰ ਵਾਲਿਆਂ ਤੇ ਭਾਈ ਰਵਿੰਦਰ ਸਿੰਘ ਤੇ ਭਾਈ ਰਿੰਕੂ ਦੇ ਕੀਰਤਨੀ ਜਥਿਆਂ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ ਗਿਆ, ਇਸ ਮੌਕੇ ਤੇ ਕਥਾ ਵਿਚਾਰ ਕਰਦਿਆਂ ਸੰਤ ਸੁਖਵਿੰਦਰ ਸਿੰਘ ਜੀ ਨੇ ਸਪੱਸ਼ਟ ਕੀਤਾ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਜਿਨ੍ਹਾਂ ਨੂੰ ਸ਼ਹੀਦਾਂ ਦੇ ਸਿਰਤਾਜ ਵਜੋਂ ਜਾਣਿਆ ਜਾਂਦਾ ਹੈ,ਉਥੇ ਉਹ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰਚਨਹਾਰ ਹਨ, ਉਹਨਾਂ ਨੇ ਮਹਾਨ ਕੁਰਬਾਨੀ ਦੇ ਕੇ ਸਿੱਖਾਂ ਨੂੰ ਭਾਣਾ ਮੰਨਣ ਨਾਲ ਜੋੜਿਆ, ਇਸ ਮੌਕੇ ਤੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਸਮੂਹ ਅਖੰਡ ਪਾਠ ਸ਼ਰਧਾਲੂਆਂ, ਧਾਰਮਿਕ ਬੁਲਾਰਿਆ ਤੇ ਹੋਰ ਧਾਰਮਿਕ ਸਿਆਸੀ ਤੇ ਸਮਾਜਿਕ ਆਗੂਆ ਨੂੰ ਸੀਰੀ ਪਾਓ ਦੇ ਕੇ ਨਿਵਾਜਿਆ ਗਿਆ ਅਤੇ ਗੁਰੂ ਕੇ ਲੰਗਰ ਦੇ ਨਾਲ ਨਾਲ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।।

ਆਵਾਜ਼ਿ ਕੌਮ AWAZE QAUM
International Newspaper & WEB TV

# ਕਾਂਗਰਸ ਦੀਆਂ ਸੰਵਿਧਾਨ ਬਚਾਓ ਰੈਲੀਆਂ ਮਹਿਜ਼ ਸਿਆਸੀ ਡਰਾਮਾ : - ਸਾਮ ਸਿੰਗਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਕਾਂਗਰਸ ਪਾਰਟੀ ਵੱਲੋਂ ਸੂਬੇ ਭਰ ਵਿੱਚ ਚਲਾਈ ਜਾ ਰਹੀ ਸੰਵਿਧਾਨ ਬਚਾਓ ਰੈਲੀਆਂ ਦੇ ਆਯੋਜਨ ਦੀ ਮੁਖ਼ਾਲਫ਼ਤ ਕਰਦਿਆਂ ਆਮ ਆਦਮੀ ਪਾਰਟੀ ਦੇ ਨਵ ਨਿਯੁਕਤ ਜਿਲ੍ਹਾ ਪ੍ਰਧਾਨ ਸਾਮ ਸਿੰਗਲਾ ਨੇ ਕਿਹਾ ਕਾਂਗਰਸ ਪਾਰਟੀ ਆਪਣੀ ਖਿਸਕੀ ਸਿਆਸੀ ਜ਼ਮੀਨ ਬਚਾਉਣ ਲਈ ਡਾਕਟਰ ਭੀਮ ਰਾਓ ਅੰਬੇਦਕਰ ਦੇ ਨਾਮ ਤੇ ਦੇਸ਼ ਦੇ ਮਿਹਨਤਕਸ਼ ਕਿਰਤੀ ਲੋਕਾਂ ਨੂੰ ਗੁੰਮਰਾਹ ਕਰਨ ਦਾ ਕੋਝਾ ਯਤਨ ਕਰ ਰਹੀ ਹੈ , ਜਦ ਕਿ ਸੱਚਾਈ ਇਹ ਹੈ ਕਿ ਕਾਂਗਰਸ ਪਾਰਟੀ ਨੇ ਸਾਲ 1952 ਵਿੱਚ ਹੋਈਆਂ ਆਮ ਪਾਰਲੀਮਾਨੀ ਚੋਣਾਂ ਦੌਰਾਨ ਸੰਵਿਧਾਨ ਨਿਰਮਾਤਾ ਡਾਕਟਰ ਅੰਬੇਦਕਰ ਨੂੰ ਆਪਣੇ ਉਮੀਦਵਾਰ ਨਾਰਾਇਣ ਸਦੋਬਾ ਕਾਜਰੋਲਕਰ ਰਾਹੀਂ ਮੁੰਬਈ ਸੀਟ ਤੋਂ ਹਰਾਇਆ ਸੀ ।ਉਨ੍ਹਾਂ ਕਿਹਾ ਕਿ ਕਾਂਗਰਸ ਦੇ ਦੋਹਰੇ ਚਿਹਰੇ ਅਤੇ ਉਸਦੇ ਦਲਿਤ ਅਤੇ ਸਿੱਖ ਵਿਰੋਧੀ ਕੁਲਿਹਣੇ ਕਿਰਦਾਰ ਬਾਰੇ ਲੋਕ ਭਲੀ-ਭਾਂਤ ਜਾਣੂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਖੁਸ਼ ਹਨ, ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੋ ਕਹਿੰਦੇ ਹਨ ਉਹ ਕਰ ਕੇ ਦਿਖਾਉਂਦੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਅਰਜ਼ੀਆਂ ਦੀ ਮੰਗ

## ਚਾਹਵਾਨ ਬੱਚੇ 31 ਜੁਲਾਈ ਤੋਂ ਪਹਿਲਾਂ ਰਜਿਸਟ੍ਰੇਸ਼ਨ ਕਰਵਾਉਣ - ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ

ਸੰਗਰੂਰ ( ਰਣਜੀਤ ਸਿੰਘ ਪੇਧਨੀ ) - ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵੱਲੋਂ ਜਾਰੀ ਪੱਤਰ ਵਿੱਚ ਦਰਜ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸੰਗਰੂਰ ਨਵਨੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਹਰ ਸਾਲ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੈਸ਼ਲ ਬੱਚੇ ਜਿਨ੍ਹਾਂ ਨੇ ਅਸਾਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਾਧਾਰਣ ਉਪਲਬਧੀਆਂ ਹਾਸਿਲ ਕੀਤੀ ਹੋਵੇ, ਉਹ ਅਸਾਧਾਰਣ ਬੱਚੇ ਜਿਨ੍ਹਾਂ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ, ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ, ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਰਜ਼ੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਦੀ ਵੈਬਸਾਈਟ https://awards.gov.in ਉਤੇ ਆਪਣਾ ਰਜਿਸਟ੍ਰੇਸ਼ਨ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵੈਬਸਾਈਟ 'ਤੇ ਰਜਿਸਟ੍ਰੇਸ਼ਨ ਦੀ ਅੰਤਿਮ ਮਿਤੀ 31 ਜੁਲਾਈ 2025 ਹੈ। ਉਨ੍ਹਾਂ ਦੱਸਿਆ ਕਿ ਐਵਾਰਡ ਵਿੱਚ ਇੱਕ ਮੈਡਲ ਹੁੰਦਾ ਹੈ, ਜੋ ਕਿ ਪ੍ਰਧਾਨ ਮੰਤਰੀ ਵੱਲੋਂ ਦਿੱਤਾ ਜਾਂਦਾ ਹੈ ਉਨ੍ਹਾਂ ਨੇ ਅਪੀਲ ਕੀਤੀ ਹੈ ਕਿ ਜ਼ਿਲ੍ਹੇ ਦੇ ਹੋਣਹਾਰ ਬੱਚਿਆਂ ਦਾ ਰਜਿਸਟ੍ਰੇਸ਼ਨ ਕਰਵਾਇਆ ਜਾਵੇ ਤਾਂ ਜੋ ਇਨ੍ਹਾਂ ਬੱਚਿਆਂ ਨੂੰ ਇੱਕ ਵੱਖਰੀ ਪਹਿਚਾਣ ਮਿਲ ਸਕੇ। ਵਧੇਰੇ ਜਾਣਕਾਰੀ ਲਈ ਦਫ਼ਤਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸੰਗਰੂਰ ਦੇ ਫੋਨ ਨੰਬਰ 01672232100, 9256616132 ਤੇ ਸੰਪਰਕ ਕੀਤਾ ਜਾ ਸਕਦਾ ਹੈ।

### ਆਈਸੀਐਸਈ ਅਤੇ ਸੀਬੀਐਸਈ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ

# 43 ਵਿਦਿਆਰਥੀ ਮੈਡਲ ਅਤੇ ਸਰਟੀਫਿਕੇਟ ਨਾਲ ਹੋਏ ਸਨਮਾਨਿਤ



ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ):– ਬਿਸਤਪੁਰ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਇੱਕ ਪ੍ਰੋਗਰਾਮ ਵਿੱਚ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਆਈਸੀਐਸਈ ਅਤੇ ਸੀਬੀਐਸਈ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ 43 ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਸਮਾਜ ਸੇਵਕ ਸ੍ਰੀ ਅਮਰਪ੍ਰੀਤ ਸਿੰਘ ਕਾਲੇ ਨੇ ਬੱਚਿਆਂ ਦਾ ਸਨਮਾਨ ਕਰਦੇ ਹੋਏ ਕਿਹਾ ਪ੍ਰਤਿਭਾ ਨੂੰ ਪਛਾਣਨਾ ਅਤੇ ਇਸਦਾ ਸਨਮਾਨ ਕਰਨਾ ਨਾ ਸਿਰਫ਼ ਬੱਚਿਆਂ ਦਾ ਮਨੋਬਲ ਵਧਾਉਂਦਾ ਹੈ, ਸਗੋਂ ਉਹਨਾਂ ਨੂੰ ਸਮਾਜ ਪ੍ਰਤੀ ਜ਼ਿੰਮੇਵਾਰ ਅਤੇ ਪ੍ਰੇਰਿਤ ਨਾਗਰਿਕ ਵੀ ਬਣਾਉਂਦਾ ਹੈ। ਇਹ ਪ੍ਰੋਗਰਾਮ ਨੌਜਵਾਨਾਂ ਨੂੰ ਖੰਭ ਦੇਵੇਗਾ। ਇਸ ਮੌਕੇ 'ਤੇ ਆਧੁਨਿਕ ਸ਼ਕਤੀ ਦੇ ਉਪ ਪ੍ਰਧਾਨ ਰਾਜੇਸ਼ ਸ਼ਰਮਾ ਨੇ ਕਿਹਾ ਵਿਦਿਆਰਥੀਆਂ ਨੂੰ ਕਿਸੇ ਹੋਰ ਨਾਲ ਨਹੀਂ, ਸਗੋਂ ਆਪਣੇ ਆਪ ਨਾਲ ਮੁਕਾਬਲਾ ਕਰਨਾ ਚਾਹੀਦਾ ਹੈ। ਜਿਸ ਦਿਨ ਉਹ ਆਪਣੇ ਆਪ ਨੂੰ ਹਰਾਉਣਾ ਸਿੱਖਣਗੇ, ਸਾਰੀ ਦੁਨੀਆ ਉਨ੍ਹਾਂ ਦੇ ਪੈਰਾਂ 'ਤੇ ਹੋਵੇਗੀ। ਫੈਡਰੇਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਿਹਾ, "ਬੱਚਿਆਂ ਦਾ ਸਨਮਾਨ ਕਰਦੇ ਸਮੇਂ ਅਜਿਹਾ ਲੱਗਦਾ ਹੈ ਜਿਵੇਂ ਅਸੀਂ ਆਪਣੇ ਆਪ ਦਾ ਸਨਮਾਨ ਕਰ ਰਹੇ ਹਾਂ। ਇਹੀ ਸੱਚਾ ਸਮਾਜਿਕ ਸੰਤੁਲਨ ਹੈ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਸ੍ਰੀ ਅਮਰਪ੍ਰੀਤ ਸਿੰਘ ਕਾਲੇ ਅਤੇ ਰਾਜੇਸ਼ ਸ਼ਰਮਾ ਨੂੰ ਫੈਡਰੇਸ਼ਨ ਵੱਲੋਂ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸ੍ਰੀ ਕਾਲੇ, ਸ੍ਰੀ ਸ਼ਰਮਾ, ਸ੍ਰੀ ਬ੍ਰਿਜ ਭੂਸ਼ਨ ਸਿੰਘ ਅਤੇ ਸ੍ਰੀ ਸਤਨਾਮ ਸਿੰਘ ਗੰਭੀਰ ਵੱਲੋਂ ਸਾਰੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੋਨਾਰੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਤਾਰਾ ਸਿੰਘ, ਤੁਲਾਡੂੰਗਰੀ ਗੁਰਦੁਆਰਾ ਦੇ ਰਣਜੀਤ ਸਿੰਘ, ਅਵਤਾਰ ਸਿੰਘ, ਮਨਜੀਤ ਸਿੰਘ ਗਿੱਲ, ਦਿਲਬਾਗ ਸਿੰਘ, ਮਹਿੰਦਰ ਸਿੰਘ ਭੂਈ, ਇੰਦਰਪਾਲ ਸਿੰਘ ਭਾਟੀਆ, ਮਨਦੀਪ ਸਿੰਘ ਸ਼ੈਂਕੀ, ਅਮਰਜੀਤ ਸਿੰਘ, ਮਨਮੀਤ ਲੂਥਰਾ, ਪਰਵਿੰਦਰ ਸਿੰਘ ਭਾਟੀਆ, ਮਨਵੀਰ ਸਿੰਘ ਜੋਧਾਂ, ਨਨਇੰਦਰ ਸਿੰਘ ਰੰਘੜ, ਰੰਘੜ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਤਿਭਾ ਦਾ ਸਤਿਕਾਰ ਕਰਨਾ ਮਹੱਤਵਪੂਰਨ ਹੈ: ਸਤਨਾਮ ਸਿੰਘ ਗੰਭੀਰ

### ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ

# ਸ਼ਲਾਘਾਯੋਗ ਕਦਮ ਹੈ : ਸਰਪੰਚ ਜੱਗਾ ਭੋਜੋਵਾਲੀ ਚੇਅਰਮੈਨ ਸੋਹੀ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਸੂਬੇ ਦੀ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਹੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਭੋਜੋਵਾਲੀ ਵਿਖੇ ਸਰਪੰਚ ਜਗਸੀਰ ਸਿੰਘ ਜੱਗਾ ਅਤੇ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਰਕ ਪਲਾਟ ਦੀ ਅਗਵਾਈ ਹੇਠ ਬੱਚਿਆਂ ਨੂੰ ਖੇਡਣ ਦੇ ਲਈ 1 ਜੂਨ ਤੋਂ ਵਿਸ਼ੇਸ਼ ਕੋਚ ਦਾ ਪ੍ਰਬੰਧ ਕਰਕੇ ਖੇਡਾਂ ਸ਼ੁਰੂ ਕਰਵਾਈਆਂ ਗਈਆਂ ਹਨ। ਇਸ ਮੌਕੇ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਦੇ ਲਈ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਅਤੇ ਅਮਰੀਕ ਸਿੰਘ ਸੋਹੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਗਿਆ ਹੈ ਜਿਸ ਦੇ ਸ਼ੁਰੂ ਤੋਂ ਹੀ ਜਿਹੜੀ ਨੌਜਵਾਨ ਪਨੀਰੀ ਨੂੰ ਖੇਡਾਂ ਵੱਲ ਉਤਸਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਅੱਜ ਦੇ ਨੌਜਵਾਨ ਨਸ਼ਿਆਂ ਦੀ ਦਲ ਦਲ ਵਿੱਚ ਨਾ ਧਸਣ । ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਣ ਦੇ ਲਈ ਗਰਾਊਂਡ ਅਤੇ ਖਾਣ ਪੀਣ ਦਾ ਸਮਾਨ ਮੁਹਈਆ ਕਰਵਾਇਆ ਜਾਵੇਗਾ ਜਿਸ ਦੀ ਟ੍ਰੇਨਿੰਗ ਦੇ ਲਈ ਵਿਸ਼ੇਸ਼ ਕੋਚ ਦਾ ਪ੍ਰਬੰਧ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਬਹੁਜਨ ਸਮਾਜ ਦੇ ਜੁਝਾਰੂ ਸਾਥੀਓ 22 ਤਰੀਕ ਨੂੰ ਸੰਗਰੂਰ ਦੀ ਦਾਣਾ ਮੰਡੀ ਵਿੱਚ ਹੁਮ ਹੁਮਾ ਕੇ ਪਹੁੰਚੋ: ਡਾ.ਜਗਜੀਵਨ ਸਿੰਘ ਸ਼ੇਰਪੁਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਭਾਰਤ ਵਿੱਚ ਮੂਲ ਨਿਵਾਸੀ ਗੁਲਾਮੀ ਝਲ ਰਹੇ ਹਨ ਅਤੇ ਮੈਂ ਕਹਿੰਦਾ ਹਾਂ ਕਿ ਉਹ ਗੁਲਾਮ ਹਨ ਅੱਜ ਸਾਰਾ ਬਹੁਜਨ ਸਮਾਜ ਗੁਲਾਮੀ ਦੀ ਮਾਨਸਿਕਤਾ ਹੰਡਾ ਰਿਹਾ ਹੈ ਬਹੁਤ ਦੁੱਖ ਹੋ ਰਿਹਾ ਹੈ ਕਿ ਹਰ ਇੱਕ ਬਹੁਜਨ ਸਮਾਜ ਦਾ ਸ਼ੁਭ ਚਿੰਤਕ ਜਾਂ ਭਲਾ ਚਾਹੁਣ ਵਾਲਾ ਕੋਈ ਕਿਸੇ ਧਾਰਮਿਕ ਜਥੇਬੰਦੀ ਦਾ ਮੈਂਬਰ ਹੈ ਅਤੇ ਦੂਸਰਾ ਕਿਸੇ ਹੋਰ ਨੂੰ ਧਾਰਮਿਕ ਜਥੇਬੰਦੀ ਦਾ ਹੋਣ ਦਾ ਦਾਅਵਾ ਕਰਦਾ ਹੈ ਇਸ ਤਰਾਂ ਪਤਾ ਹੀ ਨਹੀਂ ਕਿੰਨੇ ਕ ਸਾਰੇ ਗਰੁੱਪ ਪੈਦਾ ਹੋ ਗਏ ਹਨ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਸਾਥੀਓ ਕਿ ਅਸੀਂ ਗੁਰੂ ਸਾਹਿਬਾਨਾਂ ਦੇ ਕਹੇ ਹੋਏ ਬਚਨ ਨਹੀਂ ਮੰਨ ਰਹੇ ਹਾਂ। ਗੁਰੂ ਸਾਹਿਬਾਨਾਂ ਦੇ ਜਨਮ ਦਿਨ ਵੀ ਮਨਾਉਂਦੇ ਹਾਂ ਕਾਸ਼ੀ ਵਿੱਚ ਗੱਡੀਆਂ ਭਰ ਭਰ ਵੀ ਲੈ ਕੇ ਜਾਂਦੇ ਹਾਂ ਪਰੰਤੂ ਜੋ ਗੁਰੂ ਸਾਹਿਬ ਨੇ ਕਿਹਾ ਸੀ ਕਿ ਆਪਣਾ ਖੋਇਆ ਹੋਇਆ ਰਾਜ ਵਾਪਸ ਲੈ ਕੇ ਆਉਣਾ ਹੈ ਬੇਗਮਪੁਰਾ ਵਸਾਉਣਾ ਹੈ ਉਸ ਵੱਲ ਕਿਸੇ ਦਾ ਧਿਆਨ ਨਹੀਂ ਹੈ। ਮੈਂ ਧੰਨਵਾਦੀ ਹਾਂ ਉਹਨਾਂ ਕ੍ਰਾਂਤੀਕਾਰੀ ਯੋਧਿਆਂ ਦਾ ਜੋ ਇਹ ਸਭ ਕੁਝ ਦੇਖਦੇ ਹੋਏ ਵੀ ਸਮਝਦੇ ਹੋਏ ਵੀ ਵਿਰੋਧੀਆਂ ਨਾਲ ਦੋ ਜੋ ਸਾਨੂੰ ਵੋਟ ਦਾ ਹੱਕ ਲੈ ਕੇ ਦਿੱਤਾ ਹੈ ਉਸ ਦਾ ਸਹੀ ਇਸਤੇਮਾਲ ਕਰਕੇ ਅਸੀਂ ਆਪਣਾ ਰਾਜਾ ਭਾਵ ਮੁੱਖ ਮੰਤਰੀ ਜਾਂ ਪ੍ਰਧਾਨ ਮੰਤਰੀ ਬਣਾਉਣਾ ਹੈ ਪਰ ਇਹ ਗੁਲਾਮ ਲੋਕ ਜਾਂ ਰਾਸ਼ਟਰਪਤੀ ਬਣ ਜਾਂਦੇ ਹਨ ਜੋ ਰਬੜ ਦੀ ਮੋਹਰ ਦੀ ਤਰਾਂ ਸੱਤਾਧਾਰੀ ਪਾਰਟੀਆਂ ਵਰਦੀਆਂ ਹਨ ਅਤੇ ਇਹਨਾਂ ਗਰੀਬ ਲੋਕਾਂ ਦੀ ਰਹਿਣੀ ਬਹਿਣੀ ਵਿੱਚ ਕੋਈ ਫਰਕ ਨਹੀਂ ਪੈਂਦਾ ਹੈ ਭਾਵ ਗੁਲਾਮ ਦੇ ਗੁਲਾਮ ਹਨ ਸਹੀ ਗੱਲ ਤਾਂ ਇਹ ਹੈ ਬਾਬਾ ਸਾਹਿਬ ਨੇ ਇਹ ਵੋਟ ਤੁਹਾਨੂੰ ਵੇਚਣ ਲਈ ਨਹੀਂ ਲੈ ਕੇ ਦਿੱਤੀ ਸੀ ਸਗੋਂ ਆਪਣਾ ਰਾਜਾ ਆਪ ਚੁਣ ਲਈ ਲੈ ਕੇ ਦਿੱਤਾ ਸੀ। ਰਾਜ ਕਰਦੀਆਂ ਸ੍ਰੇਣੀਆਂ ਉਡੀਕ ਵਿੱਚ ਹਨ ਕਿ ਕਦੋਂ ਜਲਦੀ ਤੋਂ ਜਲਦੀ ਭਾਰਤ ਵਿੱਚ ਮਨੂੰਸਿਮਰਤੀ ਲਾਗੂ ਕੀਤੀ ਜਾਵੇ ਕਦੋਂ ਇਹਨਾਂ ਤੋਂ ਵੋਟ ਦਾ ਹੱਕ ਖੋਇਆ ਜਾਵੇ ?ਕਦੋਂ ਇਹਨਾਂ ਨੂੰ ਮੁੜ ਕੇ ਭੂਤਕਾਲ ਦੇ ਜਮਾਨੇ ਵਿੱਚ ਸੁੱਟਿਆ ਜਾਵੇ ?ਪ੍ਰੰਤੂ ਇਹ ਕੁੰਭਕਰਨੀ ਨੀਂਦ ਸੁੱਤੇ ਪਏ ਹਨ।ਇਹ ਆਟਾ ਦਾਲ ਸਕੀਮ ਦੇ ਪਿੱਛੇ ਲੱਗੇ ਪਏ ਹਨ।ਨੀਲੇ ਪੀਲੇ ਕਾਰਡਾਂ ਦੇ ਪਿੱਛੇ ਭੱਜੇ ਫਿਰਦੇ ਹਨ। ਇਹਨਾਂ ਦੀ ਮੱਤ ਮਾਰੀ ਗਈ ਹੈ। ਇਹਨਾਂ ਨੂੰ ਚਾਹੀਦਾ ਹੈ ਕਿ ਆਪਣੇ ਬੱਚਿਆਂ ਲਈ ਨੌਕਰੀਆਂ ਦਾ ਪ੍ਰਬੰਧ ਮੰਗੋ, ਜਮੀਨ ਮੰਗੋ, ਮਾਨ ਸਨਮਾਨ ਦੀ ਜ਼ਿੰਦਗੀ ਮੰਗੋ ਪ੍ਰੰਤੂ ਇਹ ਗੁਲਾਮ ਲੋਕ ਰਾਜ ਕਰਦੀ ਸ੍ਰੇਣੀ ਦੇ ਚਮਚੇ ਬਣੇ ਹੋਏ ਹਨ ਮੈਂ ਫਿਰ ਬੇਨਤੀ ਕਰਦਾ ਸਤਿਕਾਰਯੋਗ ਸਾਥੀਓ ਹੋਸ਼ ਵਿੱਚ ਆਓ ਸਮਾਂ ਰਹਿੰਦੇ ਆਪਣਾ ਵੋਟ ਇਸਤੇਮਾਲ ਕਰਕੇ ਆਪਣਾ ਰਾਜ ਲੈ ਕੇ ਆਓ ਕਿਉਂਕਿ ਜਿਨਾਂ ਦਾ ਰਾਜ ਹੁੰਦਾ ਹੈ ਉਹਨਾਂ ਕੋਈ ਅੱਖ ਚੱਕ ਕੇ ਨਹੀਂ ਵੇਖ ਸਕਦਾ ਉਮੀਦ ਕਰਦਾ ਹਾਂ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਕ ਕਿਰਪਾ ਕਰਨ ਇਹਨਾਂ ਦੀ ਹੋਸ਼ ਟਿਕਾਣੇ ਆ ਜਾਵੇ ਅਤੇ ਇਹ ਆਪਣਾ ਰਾਜ ਲੈ ਆਉਣ ਡਾਕਟਰ ਜਗਜੀਵਨ ਸਿੰਘ ਸਾਬਕਾ ਜਿਲ੍ਹਾ ਸਿਹਤ ਅਫਸਰ ਪਿੰਡ ਸ਼ੇਰਪੁਰ ਤਹਿਸੀਲ ਧੂਰੀ ਜਿਲਾ ਸੰਗਰੂਰ ਪੰਜਾਬ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਡੈਂਗੂ ਦੇ ਖ਼ਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ : ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਬਾਲੀਆਂ,ਧੰਦੀਵਾਲ ,ਲੱਡਾਂ,ਕਾਂਝਲਾ,ਬੇਨੜਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਨੇ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਹਰਜੀਤ ਸਿੰਘ, ਗੁਰਵਿੰਦਰ ਸਿੰਘ,ਅਮਰੀਕ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਿਮੰਦਰ ਸਾਹਿਬ ’ਤੇ ਜੂਨ 1984 ਦੇ ਹਮਲੇ ਵਿੱਚ ਬ੍ਰਿਟੇਨ ਦੀ ਭੂਮਿਕਾ ਬਾਰੇ

# ਯੂਕੇ ਦੀਆਂ ਸਿੱਖ ਜਥੇਬੰਦੀਆਂ ਵੱਲੋਂ ਲੇਬਰ ਪਾਰਟੀ ਨੂੰ ਅਲਟੀਮੇਟਮ





**ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ)**-2014 ਵਿੱਚ ਜਾਰੀ ਕੀਤੇ ਗਏ ਗੁਪਤ ਦਸਤਾਵੇਜ਼ਾਂ ਤੋਂ ਪਤਾ ਲੱਗਿਆ ਹੈ ਕਿ ਉਸ ਸਮੇਂ ਮਾਰਗਰੇਟ ਥੈਚਰ ਦੀ ਅਗਵਾਈ ਵਾਲੀ ਸਰਕਾਰ ਨੇ ਹਮਲੇ ਵਿੱਚ ਭਾਰਤ ਸਰਕਾਰ ਦੀ ਅਗਵਾਈ ਕਰਨ ਲਈ ਇੱਕ ਐਸਏਐਸ ਅਧਿਕਾਰੀ ਭੇਜਿਆ ਸੀ, ਜਿਸ ਵਿੱਚ ਸੈਂਕੜੇ ਨਾਗਰਿਕ ਮਾਰੇ ਗਏ ਸਨ। ਉਦੋਂ ਤੋਂ, ਯੂਕੇ ਦਾ ਸਿੱਖ ਭਾਈਚਾਰਾ ਇਸ ਮਾਮਲੇ ਵਿੱਚ ਪੂਰੀ ਪਾਰਦਰਸ਼ਤਾ ਦੀ ਮੰਗ ਕਰ ਰਿਹਾ ਹੈ, ਖਾਸ ਕਰਕੇ ਕਿਉਂਕਿ ਬਹੁਤ ਸਾਰੀਆਂ ਫਾਈਲਾਂ ਗੁਪਤ ਰੱਖੀਆਂ ਗਈਆਂ ਹਨ। ਯੂਕੇ ਦੀਆਂ 455 ਗੁਰਦੁਆਰਾ ਕਮੇਟੀਆਂ ਅਤੇ ਸਿੱਖ ਜਥੇਬੰਦੀਆਂ ਨੇ ਲੇਬਰ ਪਾਰਟੀ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ 1984 ਦੇ ਸ੍ਰੀ ਹਰਿਮੰਦਰ ਸਾਹਿਬ ’ਤੇ ਹਮਲੇ ਵਿੱਚ ਬ੍ਰਿਟੇਨ ਦੀ ਭੂਮਿਕਾ ਦੀ ਨਿਆਂਇਕ ਜਾਂਚ ਦਾ ਸਮਰਥਨ ਨਹੀਂ ਕੀਤਾ ਜਾਂਦਾ, ਤਾਂ ਲੇਬਰ ਸੰਸਦ ਮੈਂਬਰਾਂ ਲਈ “ਕੋਈ ਪਲੇਟਫਾਰਮ ਨਹੀਂ” ਨੀਤੀ ਅਪਣਾਈ ਜਾਵੇਗੀ। ਇਹ ਅਲਟੀਮੇਟਮ ਕੀਰ ਸਟਾਰਮਰ ਨੂੰ ਲਿਖੇ ਪੱਤਰ ਵਿੱਚ ਦਿੱਤਾ ਗਿਆ ਹੈ, ਜਿਸ ਵਿੱਚ ਲੇਬਰ ਲੀਡਰਸ਼ਿਪ ਦੀ ਜਾਂਚ ਸ਼ੁਰੂ ਕਰਨ ਬਾਰੇ “ਚੁੱਪ” ’ਤੇ ਨਿਰਾਸ਼ਾ ਜ਼ਾਹਰ ਕੀਤੀ ਗਈ ਹੈ। ਸਿੱਖ ਜਥੇਬੰਦੀਆਂ ਨੇ ਲੇਬਰ ਦੇ ਪਿਛਲੇ ਵਾਅਦਿਆਂ ਦੀ ਯਾਦ ਦਿਵਾਈ ਅਤੇ ਕਿਹਾ ਕਿ ਜੇ ਵਾਅਦਾ ਤੋੜਿਆ ਗਿਆ ਤਾਂ ਇਹ “ਵਿਸ਼ਵਾਸਘਾਤ” ਹੋਵੇਗਾ। ਟੈਫਲਗਰ ਸਕੁਏਅਰ ਵਿੱਚ 10,000 ਤੋਂ ਵੱਧ ਸਿੱਖ ਜੂਨ 1984 ਦੀ 41ਵੀਂ ਵਰ੍ਹੇਗੰਢ ਮਨਾਉਣ ਲਈ ਇਕੱਠੇ ਹੋਏ ਸਨ । ਯੋਜਨਾ ਅਨੁਸਾਰ, ਜੁਲਾਈ ਦੇ ਅੰਤ ਤੱਕ ਨਿਆਂਇਕ ਜਾਂਚ ਲਈ

ਵਿਅਕਤੀਗਤ ਲੇਬਰ ਸੰਸਦ ਮੈਂਬਰਾਂ ਦਾ ਲਿਖਤੀ ਸਮਰਥਨ ਮੰਗਿਆ ਜਾਵੇਗਾ। ਜਥੇਬੰਦੀਆਂ ਦਾ ਦਾਅਵਾ ਹੈ ਕਿ ਕਈ ਲੇਬਰ ਸੰਸਦ ਮੈਂਬਰ ਪਹਿਲਾਂ ਹੀ ਗੁਪਤ ਰੂਪ ਵਿੱਚ ਇਸ ਦਾ ਸਮਰਥਨ ਕਰਦੇ ਹਨ। ਸਿੱਖ ਜਥੇਬੰਦੀਆਂ ਦਾ ਮੰਨਣਾ ਹੈ ਕਿ ਜਾਂਚ ਇਹ ਸਾਬਤ ਕਰੇਗੀ ਕਿ 2014 ਵਿੱਚ ਸੰਸਦ ਨੂੰ ਗੁੰਮਰਾਹ ਕੀਤਾ ਗਿਆ ਸੀ ਅਤੇ ਬ੍ਰਿਟੇਨ ਦੀ ਸਹਾਇਤਾ “ਸਿਰਫ਼ ਸਲਾਹਕਾਰੀ” ਨਹੀਂ ਸੀ, ਸਗੋਂ ਇਸ ਵਿੱਚ ਹਮਲੇ ਤੋਂ ਪਹਿਲਾਂ ਗੁਪਤ ਸਿਖਲਾਈ ਅਤੇ ਉਪਕਰਣ ਸ਼ਾਮਲ ਸਨ। ਜੁਲਾਈ 2025 ਦੇ ਅੰਤ ਤੱਕ ਜਾਂਚ ਦਾ ਐਲਾਨ ਨਹੀਂ ਹੁੰਦਾ, ਤਾਂ 1 ਅਗਸਤ ਤੋਂ “ਕੋਈ ਪਲੇਟਫਾਰਮ ਨਹੀਂ” ਨੀਤੀ ਲਾਗੂ ਹੋਵੇਗੀ। ਇਸ ਮੁੱਦੇ ਦੇ ਕਈ ਲੇਬਰ ਸੰਸਦ ਮੈਂਬਰਾਂ ਦੇ ਮੁੜ ਚੋਣ ’ਤੇ ਵੱਡੇ ਨਤੀਜੇ ਹੋ ਸਕਦੇ ਹਨ, ਖਾਸ ਕਰਕੇ ਜਿੱਥੇ ਸਿੱਖ ਵੋਟ ਬੈਂਕ ਮਹੱਤਵਪੂਰਨ ਹੈ। ਵਿਰੋਧੀ ਧਿਰਾਂ, ਜਿਵੇਂ ਕਿ ਰਿਫਾਰਮ ਯੂਕੇ, ਲਿਬਰਲ ਡੈਮੋਕ੍ਰੇਟਸ ਅਤੇ ਐਸਐਨਪੀ ਨਾਲ ਵੀ ਗੱਲਬਾਤ ਚੱਲ ਰਹੀ ਹੈ। ਸੈਂਟਰਲ ਲੰਡਨ ਵਿਖੇ ਕੀਤੀ ਗਈ ਐਤਵਾਰ ਦੀ ਰੈਲੀ ਵਿੱਚ ਬੋਲਦਿਆਂ, ਸਿੱਖ ਫੈਡਰੇਸ਼ਨ (ਯੂਕੇ) ਦੇ ਰਾਜਨੀਤਿਕ ਸ਼ਮੂਲੀਅਤ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓਬੀਈ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ ਕਿ ਲੇਬਰ ਲੀਡਰਸ਼ਿਪ ਆਪਣੇ ਵਾਅਦੇ ’ਤੇ ਚੁੱਪ ਰਹੇ। ਜੱਜ ਦੀ ਅਗਵਾਈ ਹੇਠ ਇੱਕ ਜਨਤਕ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਸਾਡੇ ਕੋਲ ਪੂਰੀ ਸੱਚਾਈ ਹੋਵੇ। ਜੇਕਰ ਲੇਬਰ ਆਪਣਾ ਵਾਅਦਾ ਤੋੜਦੀ ਹੈ, ਤਾਂ ਇਹ ਵਿਸ਼ਵਾਸਘਾਤ ਦਾ ਕੰਮ ਹੋਵੇਗਾ। ਜੇਕਰ ਲੇਬਰ ਸਾਨੂੰ ਨਿਰਾਸ਼ ਕਰਦੇ ਹਨ ਤਾਂ ਉਹ ਸਿੱਖ ਵੋਟ ਦਾ ਬਹੁਤ ਹਿੱਸਾ ਗੁਆ ਦੇਣਗੇ। ਸਿੱਖ ਸੰਸਦ ਮੈਂਬਰ, ਤਨ ਢੇਸੀ ਨੇ ਦੱਸਿਆ ਕਿ ਉਨ੍ਹਾਂ ਨੇ ਕਈ ਮੰਤਰੀਆਂ ਅਤੇ ਹੋਰਾਂ ਨਾਲ ਗੱਲਬਾਤ ਕੀਤੀ ਹੈ” ਜਿਨ੍ਹਾਂ ਨੇ ਕਿਹਾ ਕਿ ਇੱਕ ਜਾਂਚ “ਵਿਚਾਰ ਅਧੀਨ” ਹੈ। ਉਨ੍ਹਾਂ ਨੇ ਕਿਹਾ ਕਿ “ਸਰਕਾਰ ਨੂੰ ਮੇਰਾ ਸੁਨੇਹਾ ਹੈ ਕਿ ਸਿੱਖ ਭਾਈਚਾਰੇ ਨੂੰ ਆਪਣੀ ਸੱਚਾਈ ਅਤੇ ਪਾਰਦਰਸ਼ਤਾ ਪ੍ਰਾਪਤ ਕਰਨ ਦਾ ਸਮਾਂ ਆ ਗਿਆ ਹੈ।

> **ਜੱਜ ਦੀ ਅਗਵਾਈ ਹੇਠ ਇੱਕ ਜਨਤਕ ਜਾਂਚ ਦੀ ਮੰਗ**

## ਗੁਰਦੁਆਰਾ ਸਾਹਿਬ ਸ੍ਰੀ ਗੁਰੂ ਨਾਨਕ ਦਰਬਾਰ ਪਿੰਡ ਕੁਹਾਲਾ ਵਿਖੇ ਸ਼ਹੀਦਾਂ ਨੂੰ ਸਮਰਪਿਤ ਛਬੀਲ 5 ਜੂਨ ਨੂੰ : ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ





**ਚੌਕ ਮਹਿਤਾ, 2 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਚਖੰਡ ਵਾਸੀ ਸੰਤ ਬਾਬਾ ਅਜੈਬ ਸਿੰਘ ਗੁਰੂ ਕੀ ਬਾਗ ਮੱਖਣਵਿੰਡੀ ਵਾਲਿਆਂ ਵੱਲੋਂ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਨਾਨਕ ਦਰਬਾਰ ਪਿੰਡ ਕੁਹਾਲਾ ਦੀ ਕਾਰ ਸੇਵਾ ਆਰੰਭ ਕੀਤੀ ਸੀ ਹੁਣ ਮੌਜੂਦਾ ਮੁੱਖੀ ਸੰਤ ਬਾਬਾ ਸਰਦਾਰਾਂ ਸਿੰਘ ਮੱਖਣਵਿੰਡੀ ਵਾਲਿਆਂ ਨੇ ਇਹ ਕਾਰ ਸੇਵਾ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਦਿੱਤੀ ਗਈ ਹੈ। ਹੁਣ ਇਸ ਅਸਥਾਨ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲੇ ਕਰਵਾ ਰਹੇ ਹਨ। ਇਸ ਪਵਿੱਤਰ ਪਾਵਨ ਅਸਥਾਨ ਤੇ ਸਹੀਦਾਂ ਸਿੰਘਾ ਨੂੰ ਸਮਰਪਿਤ 5 ਜੂਨ2025 ਦਿਨ ਵੀਰਵਾਰ ਨੂੰ ਸਾਰੀ ਦਿਹਾੜੀ ਠੰਡੇ ਮਿੱਠੇ ਜਲ ਦੀ ਛਬੀਲ ਦੇ ਲੰਗਰ ਲੱਗਣਗੇ। ਸਮੂਹ ਇਲਾਕੇ ਅਤੇ ਦੇਸਾ ਵਿਦੇਸ਼ਾ ਦੀਆਂ ਸੰਗਤਾ ਨੂੰ ਮੌਜੂਦਾ ਮੁੱਖੀ ਸੰਤ ਬਾਬਾ ਗੁਰਦੀਪ ਸਿੰਘ ਵੱਲੋਂ ਬੇਨਤੀ ਹੈ ਕਿ ਤਨ ਮਨ ਧੰਨ ਦੀ ਸੇਵਾ ਕਰਕੇ ਆਪਣੀਆ ਹਾਜਰੀਆ ਸਹੀਦਾਂ ਸਿੰਘਾ ਦੇ ਚਰਨਾਂ ਵਿੱਚ ਲਾਉ।

## ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੇ ਬੱਚਿਆਂ ਦੇ ਕਰਵਾਏ ਧਾਰਮਿਕ ਮੁਕਾਬਲੇ








ਫ਼ਿਰੋਜ਼ਪੁਰ, 2 ਜੂਨ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵੱਲੋਂ ਅੱਜ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਧਾਰਮਿਕ ਕੀਰਤਨ ਦਰਬਾਰ ਅਤੇ ਬੱਚਿਆ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਖਾਲਸਾ ਮਿਸ਼ਨ ਅਕੈਡਮੀ ਗੁਰੂਹਰਸਹਾਏ, ਦਸਮੇਸ਼ ਪਬਲਿਕ ਸਕੂਲ, ਸੈਂਟ ਫਰੀਦ ਸਕੂਲ, ਮਾਲਵਾ ਖਾਲਸਾ ਸਕੂਲ ਆਦਿ ਸਕੂਲਾਂ ਨੇ ਹਿੱਸਾ ਲਿਆ, ਜਿਨ੍ਹਾਂ ਦੇ ਤਕਰੀਬਨ 45 ਦੇ ਕਰੀਬ ਬੱਚਿਆ ਨੇ ਧਾਰਮਿਕ ਇਮਤਿਹਾਨ ਵਿਚ ਹਿੱਸਾ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਇਹ ਸਾਡਾ ਪਹਿਲਾ ਪ੍ਰੋਗਰਾਮ ਸੀ ਸਾਨੂੰ ਸੰਗਤਾ ਨੇ ਬੜਾ ਵਧਿਆ ਸਹਿਯੋਗ ਦਿੱਤਾ। ਬੀਬੀ ਮਲਕੀਤ ਕੌਰ ਖਾਲਸਾ ਹਨੂੰਮਾਨਗੜ ਵਾਲੇ ਵਿਸੇਸ਼ ਤੌਰ ਤੇ ਆਏ ਹੋਏ ਸਨ, ਜਿਨ੍ਹਾਂ ਨੇ ਬੱਚਿਆ ਨੂੰ ਪਹਿਲੇ ਦੂਜੇ ਅਤੇ ਤੀਜੇ ਅਸਥਾਨ ਉਪਰ ਆਉਣ ਵਾਲਿਆਂ ਨੂੰ ਸਨਮਾਨਿਤ ਕੀਤਾ, ਜਦੋਂ ਕਿ ਬਾਕੀ ਬੱਚਿਆਂ ਨੂੰ ਸਿਰੋਪਾਉ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਅਮਰਜੀਤ ਕੌਰ ਖਾਲਸਾ ਜਿਲਾ ਪ੍ਰਧਾਨ, ਦਵਿੰਦਰ ਸਿੰਘ ਛਾਬੜਾ ਮੀਤ ਪ੍ਰਧਾਨ, ਬਲਵਿੰਦਰ ਪਾਲ ਸ਼ਰਮਾ ਸਰਬਤ ਦਾ ਭਲਾ ਸੋਸਾਇਟੀ ਉਬਰਾਏ ਸਾਹਿਬ ਦੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੋਕੇ ਬਲਕਾਰ ਸਿੰਘ ਖਾਲਸਾ ਅਤੇ ਜਰਨੈਲ ਸਿੰਘ ਗਾਬੜੀਆ ਨੇ ਧਾਰਮਿਕ ਮੁਾਕਬਲਿਆਂ ਦਾ ਸੰਚਾਲਨ ਕੀਤਾ, ਜਦੋਂ ਕਿ ਸ੍ਰੀ ਗੁਰਦਿਆਲ ਸਿੰਘ ਵਿਰਕ ਨੇ ਕਿਹਾ ਕਿ ਅਸੀ ਅਗਲਾ ਪ੍ਰੋਗਰਾਮ ਇਸ ਤੋਂ ਵੀ ਵਧੀਆ ਤਰੀਕੇ ਨਾਲ ਕਰਾਂਗੇ।

ਇਨ੍ਹਾਂ ਸਮਾਗਮਾਂ ਵਿਚ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਸ਼ਿਰਕਤ ਕੀਤੀ, ਜ਼ੋ ਦੇਖਦਿਆਂ ਹੀ ਬਣਦੀ ਸੀ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ, ਰਣਬੀਰ ਸਿੰਘ, ਪਰਮਜੀਤ ਸਿੰਘ ਪੰਮਾ, ਰਾਜੇਸ਼ ਕੁਮਾਰ, ਇੰਦਰਪਾਲ ਸਿੰਘ ਪ੍ਰਿੰਸ, ਜੇ.ਬੀ ਪਨੇਸਰ, ਬਾਬਾ ਨਿਰਮਲ ਸਿੰਘ ਆਦਿ ਹਾਜਰ ਸਨ। ਸੰਗਤਾਂ ਦਾ ਭਾਰੀ ਇਕੱਠ ਸੀ ਸਾਰੇ ਇਲਾਕੇ ਵਿਚ ਇਸ ਦੀ ਚਰਚਾ ਚਲ ਰਹੀ ਹੈ।

ਸਮਾਗਮ ਦੌਰਾਨ ਬਾਬਾ ਸੰਦੀਪ ਸਿੰਘ, ਬਾਬਾ ਸਰੂਪ ਸਿੰਘ ਅਤੇ ਬਾਬਾ ਕੰਵਲਜੀਤ ਸਿੰਘ ਨੇ ਜੱਜ ਸਾਹਿਬਾਨ ਦੀ ਡਿਊਟੀ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਦੀ ਯਾਦ ਵਿੱਚ

# ਅੱਖਾਂ ਦਾ ਫ੍ਰੀ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ






ਹਠੂਰ/ਜਗਰਾਉਂ –(ਵਰਿਆਮ ਹਠੂਰ) ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਦੀ ਯਾਦ ਵਿੱਚ ਅੱਖਾਂ ਦਾ ਫ੍ਰੀ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲੜਕੀਆਂ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹਠੂਰ ਵਿਖੇ ਲਗਾਇਆ ਗਿਆ, ਜਿਸ ਵਿੱਚ ਸ਼ੰਕਰਾ ਆਈ ਹਸਪਤਾਲ ਭਨੋਹੜ (ਮੁੱਲਾਂਪੁਰ) ਦੀ ਡਾਕਟਰੀ ਟੀਮ ਨੇ ਮਰੀਜ਼ਾਂ ਦੀਆਂ ਅੱਖਾਂ ਦੇ ਚੈੱਕਅਪ ਕੀਤੇ, ਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ, ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਦੇ ਪਰਿਵਾਰ, ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ ਵੱਲੋਂ ਢੁਕਵੇਂ ਪ੍ਰਬੰਧ ਕੀਤੇ ਗਏ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ ਦੇ ਨੌਜਵਾਨਾਂ ਅਤੇ ਨਗਰ ਦੇ ਹੋਰ ਨੌਜਵਾਨ ਸੇਵਾਦਾਰਾਂ ਨੇ ਸੇਵਾਵਾਂ ਨਿਭਾਈਆਂ, ਲਗਾਏ ਗਏ ਮੁਫ਼ਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਵਿੱਚ ਹਠੂਰ ਸਮੇਤ ਆਸ ਪਾਸ ਦੇ ਪਿੰਡਾਂ ਤੋਂ ਆਏ ਤਕਰੀਬਨ 220 ਮਰੀਜ਼ਾਂ ਨੇ ਇਸ ਕੈਂਪ ਦਾ ਲਾਹਾ ਲਿਆ, ਤੇ ਅਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਨੂੰ ਹਸਪਤਾਲ ਲਿਜਾਇਆ ਗਿਆ, ਅੰਬੀ ਹਠੂਰ ਦੇ ਪਰਿਵਾਰਕ ਮੈਂਬਰਾਂ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਜਿੱਥੇ ਡਾਕਟਰੀ ਟੀਮ ਦਾ ਧੰਨਵਾਦ ਕੀਤਾ ਉੱਥੇ ਕੈਂਪ ਵਿੱਚ ਸੇਵਾਵਾਂ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਗੱਲਬਾਤ ਕਰਦਿਆਂ ਸ਼ੰਕਰਾ ਆਈ ਹਸਪਤਾਲ ਤੋਂ ਡਾਕਟਰ ਐੱਮ ਐੱਸ ਗੁਜਰਾਲ ਨੇ ਕਿਹਾ ਕਿ ਅਜਿਹੇ ਕੈਂਪ ਪਿੰਡਾਂ ਅਤੇ ਕਸਬਿਆਂ ਵਿੱਚ ਲਗਵਾਉਣੇ ਬਹੁਤ ਜ਼ਰੂਰੀ ਹਨ। ਤਾਂ ਜੋ ਲੋੜਵੰਦਾਂ ਨੂੰ ਸਮੇਂ ਸਿਰ ਇਲਾਜ ਮਿਲ ਸਕੇ, ਤੇ ਚਿੱਟੇ ਮੋਤੀਏ ਅਤੇ ਕਾਲੇ ਮੋਤੀਏ ਕਾਰਨ ਕਿਸੇ ਦੀ ਨਜ਼ਰ ਨਾਂ ਜਾਵੇ ਤੇ ਮਰੀਜ਼ ਸਮੇਂ ਸਿਰ ਅਜਿਹੇ ਕੈਂਪਾਂ ਦਾ ਲਾਹਾ ਲੈ ਸਕਣ, ਗੱਲਬਾਤ ਕਰਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤੋਂ ਸੁਰਜੀਤ ਸਿੰਘ ਹਰਮਨ ਹਠੂਰ ਨੇ ਕਿਹਾ ਕਿ ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਦੀ ਯਾਦ ਵਿੱਚ ਅੱਖਾਂ ਦਾ 11ਵਾਂ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ, ਜੋ ਮਰੀਜ਼ ਵੱਡੇ ਸ਼ਹਿਰਾਂ ਵਿੱਚ ਆਪਣੀ ਨਜ਼ਰ ਵਿਖਾਉਣ ਲਈ ਨਹੀਂ ਜਾ ਸਕਦੇ ਤੇ ਬਹੁਤੇ ਮਰੀਜ਼ਾਂ ਦੀ ਮਾਲੀ ਹਾਲਤ ਠੀਕ ਨਾਂ ਹੋਣ ਕਾਰਨ ਅਪ੍ਰੇਸ਼ਨ ਨਹੀਂ ਕਰਵਾ ਸਕਦੇ ਅਜਿਹੇ ਮਰੀਜ਼ਾਂ ਲਈ ਇਸ ਤਰ੍ਹਾਂ ਦੇ ਮੁਫ਼ਤ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਲਾਹੇਬੰਦ ਸਾਬਤ ਹੁੰਦੇ ਹਨ। ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਦੇ ਪਰਿਵਾਰ ਦਾ ਬਹੁਤ ਬਹੁਤ ਧੰਨਵਾਦ ਜੋ ਸ਼ਲਾਘਾਯੋਗ ਕਾਰਜ਼ ਕਰਨ ਲਈ ਆਪਣਾ ਅਹਿਮ ਯੋਗਦਾਨ ਪਾਉਂਦੇ ਹਨ। ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਮੂਹ ਨੌਜਵਾਨਾਂ ਅਤੇ ਨਗਰ ਦੇ ਹੋਰ ਨੌਜਵਾਨਾਂ ਦਾ ਧੰਨਵਾਦ ਜਿੰਨ੍ਹਾਂ ਨੇ ਸੇਵਾਵਾਂ ਨਿਭਾਈਆ, ਇਸ ਮੌਕੇ ਵਰਿੰਦਰ ਦੀਵਾਨਾ, ਗੁਰਮੀਤ ਹਠੂਰ, ਗੁਰਚਰਨ ਸਿੰਘ ਰਾਮਗੜ੍ਹੀਆ, ਗੁਰੂ ਨਾਨਕ ਨਗਰ ਕੀਰਤਨ ਕਮੇਟੀ ਰਸੂਲਪੁਰ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਮਾਸਟਰ ਦੇਵ ਕ੍ਰਿਸ਼ਨ ਹਠੂਰ, ਹਰਪ੍ਰੀਤ ਕਲੇਰ, ਨੇ ਲਗਾਏ ਗਏ ਕੈਂਪ ਦੀ ਸ਼ਲਾਘਾ ਕੀਤੀ, ਅੰਤ ਵਿੱਚ ਪੰਚਾਇਤ ਮੈਂਬਰ ਜਗਦੇਵ ਸਿੰਘ ਬੱਬੂ ਗਰੇਵਾਲ ਨੇ ਡਾਕਟਰੀ ਟੀਮ, ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਸਮੇਤ ਹੋਰ ਸੇਵਾਵਾਂ ਕਰਨ ਵਾਲੇ ਸੇਵਾਦਾਰਾਂ ਦਾ ਧੰਨਵਾਦ ਕੀਤਾ।

**ਹਠੂਰ ਸਮੇਤ ਆਸ ਪਾਸ ਦੇ ਪਿੰਡਾਂ ਦੇ ਮਰੀਜ਼ਾਂ ਨੇ ਲਗਾਏ ਕੈਂਪ ਦਾ ਲਾਹਾ ਲਿਆ : ਸੁਰਜੀਤ ਹਰਮਨ**

## ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਵੱਲੋਂ

# ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਗਤੀਵਿਧੀਆਂ ਆਯੋਜਿਤ




ਫ਼ਿਰੋਜ਼ਪੁਰ, 2 ਜੂਨ (ਮਨੋਹਰ ਲਾਲ) :– ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ 29 ਮਈ 2025 ਤੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਇਫਕੋ ਅਤੇ ਹੋਰ ਖੇਤੀ ਸਬੰਧੀ ਅਦਾਰਿਆਂ ਨਾਲ ਮਿਲ ਕੇ ਲਗਾਤਾਰ ਵੱਖ–ਵੱਖ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਅਧੀਨ ਮਿਤੀ 2 ਜੂਨ 2025 ਨੂੰ ਫਿਰੋਜ਼ਪੁਰ ਜਿਲੇ ਦੇ ਪਿੰਡ ਢੀਂਡਸਾ, ਫਿਰੋਜ਼ਸ਼ਾਹ, ਕਰਮੂਵਾਲਾ ਅਤੇ ਭਾਗੋ ਕੇ ਅਤੇ ਸਹਿਕਾਰੀ ਸਭਾਵਾਂ ਸੈਦਾਂਵਾਲਾ, ਮਾਲਵਾਲ ਕਦੀਮ, ਸ਼ਕੂਰ, ਨੂਰਪੁਰ ਸੇਠਾਂ ਵਿਖੇ ਵੀ ਵਿਭਾਗਾਂ ਦੀਆਂ ਟੀਮਾਂ ਵੱਲੋਂ ਕਿਸਾਨ–ਵਿਗਿਆਨੀ ਮਿਲਣੀਆਂ ਆਯੋਜਿਤ ਕੀਤੀਆਂ ਗਈਆਂ। ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਦੇ ਡਿਪਟੀ ਡਾਇਰੈਕਟਰ (ਸਿਖਲਾਈ), ਡਾ ਗੁਰਮੇਲ ਸਿੰਘ ਦੀ ਅਗਵਾਈ ਹੇਠ ਬਣੀਆਂ ਟੀਮਾਂ ਨੇ ਇਨ੍ਹਾਂ ਕੈਂਪਾਂ ਵਿੱਚ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਦੇ ਉਦੇਸ਼ ਬਾਰੇ ਚਾਨਣਾ ਪਾਇਆ ਅਤੇ ਭਾਰਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣੂ ਕਰਵਾਇਆ ਅਤੇ ਇਸ ਸਬੰਧੀ ਸਾਹਿਤ ਵੀ ਵੰਡਿਆ ਗਿਆ। ਇਨ੍ਹਾਂ ਪਿੰਡਾਂ ਵਿੱਚ ਸਾਉਣੀ ਦੀਆਂ ਫਸਲਾਂ ਵਿੱਚ ਅਗਲੇਰੇ ਤਕਨੀਕੀ ਪ੍ਰਬੰਧ, ਮਿੱਟੀ ਅਤੇ ਪਾਣੀ ਪਰਖ, ਸਬਜ਼ੀਆਂ ਅਤੇ ਫਲਾਂ ਨੂੰ ਵਧੇਰੇ ਤਾਪਮਾਨ ਤੋਂ ਬਚਾਅ ਲਈ ਵਿਗਿਆਨਕ ਸਲਾਹ ਅਤੇ ਫਸਲਾਂ ਵਿੱਚ ਕੀਟ ਅਤੇ ਬੀਮਾਰੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਵੀ ਗਈ। ਕੈਂਪ ਤੋਂ ਬਾਅਦ ਖੇਤਾਂ ਦਾ ਦੌਰਾ ਕਰਕੇ ਵਿਗਿਆਨੀਆਂ ਨੇ ਕਿਸਾਨਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਿਕਲਾਂ ਦਾ ਮੌਕੇ ਤੇ ਹੱਲ ਕੀਤਾ ਅਤੇ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਬਾਰੇ ਜਾਣਕਾਰੀ ਦੇਣ ਦੇ ਨਾਲ–ਨਾਲ ਇਸ ਅਭਿਆਨ ਅਧੀਨ ਟੀਮ ਵਿੱਚ ਮੌਜੂਦ ਮਾਹਿਰਾਂ ਨੇ ਕਿਸਾਨਾਂ ਨੂੰ ਖੇਤੀ ਸਹਾਇਕ ਧੰਦੇ ਅਪਨਾ ਕੇ ਆਮਦਨ ਵਧਾਉਣ ਲਈ ਪ੍ਰੇਰਿਆ। ਕੈਂਪ ਦੇ ਅੰਤ ਵਿੱਚ ਟੀਮ ਵੱਲੋਂ ਕਿਸਾਨਾਂ ਤੋਂ ਫੀਡਬੈਕ ਲਈ ਗਈ ਅਤੇ ਕੈਂਪ ਵਿੱਚ ਸ਼ਾਮਿਲ ਕਿਸਾਨ ਵੀਰਾਂ ਦਾ ਧੰਨਵਾਦ ਕੀਤਾ। ਟੀਮ ਨੇ ਕਿਸਾਨਾਂ ਨੂੰ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਨਾਲ ਜੁੜ ਕੇ ਖੇਤੀ ਪ੍ਰਤੀ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ਲਈ ਪ੍ਰੇਰਿਆ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਹੋਈ ਮੀਟਿੰਗ



ਫ਼ਿਰੋਜ਼ਪੁਰ, 2 ਜੂਨ (ਮਨੋਹਰ ਲਾਲ) :– ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਦੀ ਜਨਰਲ ਮੀਟਿੰਗ ਪ੍ਰਧਾਨ ਭਾਈ ਕੁਲਵੰਤ ਸਿੰਘ ਦੀ ਅਗਵਾਈ ਹੇਠ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਬੂੜ ਸਿੰਘ ਨਗਰ ਵਿਖੇ ਹੋਈ, ਜਿਸ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਇਕ ਸਤੰਬਰ 2025 ਦਿਨ ਸੋਮਵਾਰ ਨੂੰ ਗੁਰਦੁਆਰਾ ਜੱਜਾਂ ਵਾਲਾ ਜੰਜ ਘਰ ਵਿਖੇ ਮਨਾਇਆ ਜਾਵੇਗਾ। ਮੀਟਿੰਗ ਵਿੱਚ ਹੋਰ ਫੁਟਕਲ ਵਿਚਾਰਾਂ ਅਤੇ ਐਡਮਿਨਿਸਟਰੇਸ਼ਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਭਾਈ ਕੁਲਵੰਤ ਸਿੰਘ ਤੋਂ ਇਲਾਵਾ ਮੀਤ ਪ੍ਰਧਾਨ ਕਸ਼ਮੀਰ ਸਿੰਘ ਸਕੱਤਰ ਅੰਮ੍ਰਿਤ ਪ੍ਰੀਤ ਸਿੰਘ ਖਜਾਨਚੀ ਭਾਈ ਬਸੰਤ ਸਿੰਘ, ਭਾਈ ਮਨਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਅਵਤਾਰ ਸਿੰਘ ਫੌਜੀ, ਭਾਈ ਹਰਮੀਤ ਸਿੰਘ, ਭਾਈ ਸਤਨਾਮ ਸਿੰਘ ਸਾਜਨ, ਭਾਈ ਗੁਰਨਾਮ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਦਰਸ਼ਨ ਸਿੰਘ, ਭਾਈ ਮੇਜਰ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਹਰਭਜਨ ਸਿੰਘ ਰੱਖੜੀ, ਭਾਈ ਅਸ਼ਪਾਲ ਸਿੰਘ, ਭਾਈ ਰਣਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਕੁਲਬੀਰ ਸਿੰਘ ਤੋਂ ਇਲਾਵਾ ਹੋਰ ਮੈਂਬਰ ਹਾਜ਼ਰ ਸਨ।

# ਸਮਾਜ ਸੇਵੀ ਕਾਰਜ ਕਰਨ ਵਾਲੇ ਸਾਥੀਆਂ ਨੂੰ ਸੀਨੀਅਰ ਸਿਟੀਜਨ ਫੋਰਮ ਨੇ ਕੀਤਾ ਸਨਮਾਨਿਤ






ਫ਼ਿਰੋਜ਼ਪੁਰ, 2 ਜੂਨ (ਮਨੋਹਰ ਲਾਲ) :– ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਕਮੇਟੀ ਦੀ ਮੀਟਿੰਗ ਬਾਗਬਾਨ ਦਫਤਰ ਬਾਹਰਵਾਰ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਪਰਦੀਪ ਧਵਨ ਪਰਧਾਨ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸ਼੍ਰੀ ਅਸ਼ੋਕ ਬਹਿਲ ਸਮਾਜ ਸੇਵੀ, ਸ਼੍ਰੀ ਵਿਪੁਲ ਨਾਰੰਗ ਸਮਾਜ ਸੇਵੀ ਅਤੇ ਸ਼੍ਰੀ ਅਸ਼ੋਕ ਬੱਬਰ ਵੱਲੋਂ ਨਿਭਾਈ ਗਈ ਸਮਾਜ ਸੇਵਾ ਅਤੇ ਇਮਾਨਦਾਰੀ ਲਈ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਵਲੋਂ ਸਨਮਾਨਤ ਕਰਨ ਲਈ ਬੁਲਾਇਆ ਗਿਆ। ਮੀਟਿੰਗ ਦੇ ਆਰੰਭ ਵਿੱਚ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੇ ਪੈਟਰਨ ਸ਼੍ਰੀ ਦੇਸ਼ ਬੰਧੂ ਤੁਲੀ ਦੇ ਰਿਸ਼ਤੇਦਾਰ ਭਰਾ ਸ਼੍ਰੀ ਭਾਰਤ ਭੂਸ਼ਣ ਸਾਹਨੀ ਫਾਊਂਡਰ ਅਤੇ ਪ੍ਰਧਾਨ ਸੀਨੀਅਰ ਸਿਟੀਜਨ ਫੋਰਮ ਲਾਜਪਤ ਨਗਰ ਨਵੀਂ ਦਿੱਲੀ ਦੀ ਅਚਾਨਕ ਮੌਤ ਹੋਣ ਤੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰਾਂ ਵੱਲੋਂ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਸ਼੍ਰੀ ਅਸ਼ੋਕ ਬਹਿਲ, ਵਿਪੁਲ ਨਾਰੰਗ, ਅਸ਼ੋਕ ਬੱਬਰ ਨੂੰ ਫੋਰਮ ਵਲੋਂ ਸਨਮਾਨਤ ਕੀਤਾ ਗਿਆ।

ਇਸ ਤੋਂ ਇਲਾਵਾ ਫ਼ਿਰੋਜ਼ਪੁਰ ਸ਼ਹਿਰ ਤੇ ਛਾਉਣੀ ਵਿੱਚ ਆਵਾਜਾਈ ਸਮੇਂ ਆਉਂਦੀਆਂ ਸਮੱਸਿਆਂਵਾਂ ਅਵਾਰਾ ਪਸ਼ੂਆਂ ਅਤੇ ਕੁੱਤਿਆਂ ਦੀ ਸੰਭਾਲ ਕਰਨ, ਹਰਿਦੁਆਰ, ਨਾਂਦੇੜ ਸਾਹਿਬ ਅਤੇ ਨਵੀਂ ਦਿੱਲੀ ਲਈ ਰੇਲ ਗੱਡੀਆਂ ਚਲਾਉਣ ਲਈ ਰੇਲਵੇ ਅਧਿਕਾਰੀਆਂ ਨੂੰ ਭੇਜੇ ਪੱਤਰਾਂ ਦੇ ਸਬੰਧ ਵਿੱਚ ਰੇਲਵੇ ਅਧਿਕਾਰੀਆਂ ਦੇ ਆਏ ਪੱਤਰ ਬਾਰੇ ਜਾਣਕਾਰੀ ਦਿੱਤੀ ਗਈ। ਆਗੂਆਂ ਨੇ ਦੱਸਿਆ ਕਿ ਜਲਦੀ ਹੀ ਫੋਰਮ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ, ਵਾਤਾਵਰਨ ਸੁਧਾਰਨ ਲਈ ਵੱਖ–ਵੱਖ ਅਧਿਕਾਰੀਆਂ ਨੂੰ ਮਿਲ ਕੇ ਹੱਲ ਕਰਨ ਦੇ ਉਪਰਾਲੇ ਕੀਤੇ ਜਾਣਗੇ।

ਇਸ ਸਮੇਂ ਸ਼੍ਰੀ ਤਿਲਕ ਰਾਜ ਏਰੀ, ਸਤੀਸ਼ ਪੂਰੀ, ਰਾਕੇਸ਼ ਸ਼ਰਮਾ, ਅਸ਼ੋਕ ਕੱਕੜ, ਬਲਦੇਵ ਸਚਦੇਵਾ, ਬਲਦੇਵ ਸਚਦੇਵਾ, ਸੁਭਾਸ਼ ਦਰਦ, ਪਰਵੇਸ਼ ਕੁਮਾਰ ਸ਼ਿਵ ਦਰਸ਼ਨ, ਰਾਜ ਕੁਮਾਰ ਚੋਪੜਾ ਪ੍ਰੇਮ ਰਸੀਆ, ਰਾਜ ਕੁਮਾਰ ਚੋਪੜਾ, ਅਸ਼ੋਕ ਬਹਿਲ, ਐਸ.ਪੀ ਖੇੜਾ, ਹਰੀਸ਼ ਮੋਂਗਾ, ਨਰਾਇਣ ਕੁਮਾਰ ਗੁਪਤਾ ਆਦਿ ਨੇ ਸੰਬੋਧਨ ਕੀਤਾ। ਇਸ ਸਮੇਂ ਮਹੀਨਾ ਮਈ 2025 ਦੌਰਾਨ ਜਨਮ ਦਿਵਸ ਵਾਲ਼ੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ ਅੰਤ ਵਿੱਚ ਕਮੇਟੀ ਸ਼੍ਰੀ ਪਰਦੀਪ ਧਵਨ ਨੇ ਸਾਥੀਆਂ ਦੇ ਸਵਾਲਾਂ ਬਾਰੇ ਜਾਣਕਾਰੀ ਦਿੱਤੀ ਅਤੇ ਵਿਸ਼ਵਾਸ਼ ਦਵਾਇਆ ਕਿ ਉਪਰੋਕਤ ਮਸਲ਼ਿਆਂ ਦੇ ਹੱਲ ਲਈ ਉੱਚ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾਵੇਗੀ।

### ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਵਿਖੇ

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਸਮਾਗਮ ਕਰਵਾਇਆ





ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਦੇ ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਵਿਖੇ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ, ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਹੋਏ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ

## ਪ੍ਰੀਤ ਸਿੰਘ ਸੰਦਲ ਮਕਸੂਦੜੇ ਵਾਲਿਆਂ ਦੇ ਪ੍ਰਸਿੱਧ ਕਵੀਸ਼ਰੀ ਜੱਥੇ ਨੇ ਗੁਰ ਇਤਿਹਾਸ ਸੁਣਾਇਆ



ਗਏ, ਬਹੁ ਗਿਣਤੀ ਵਿੱਚ ਗੁਰਸੰਗਤਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਸਮਾਗਮ ਵਿੱਚ ਪ੍ਰਸਿੱਧ ਕਵੀਸ਼ਰ ਪ੍ਰੀਤ ਸਿੰਘ ਸੰਦਲ ਮਕਸੂਦੜੇ ਵਾਲਿਆਂ ਦੇ ਕਵੀਸ਼ਰੀ ਜੱਥੇ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਦਾ ਦਿਲ ਮੋਹ ਲਿਆ, ਇਹ ਮੌਕੇ ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਵੀਸ਼ਰੀ ਜੱਥੇ ਦਾ ਸਨਮਾਨ ਕੀਤਾ ਗਿਆ, ਉੱਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਅਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੇ ਪਿੰਡ ਬੁਰਜ ਕੁਲਾਰਾ ਦੇ ਬੱਚਿਆਂ ਨੂੰ ਵੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ, ਤੇ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ, ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਕਿਹਾ ਕਿ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਜੀ ਦੀ ਲਾਸਾਨੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ, ਉਨ੍ਹਾਂ ਕਿਹਾ ਕਿ ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਜੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖੀ ਨਾਲ ਜੋੜਨ ਲਈ ਉਪਰਾਲੇ ਕੀਤੇ ਜਾਂਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਪ੍ਰੀਤ ਸੰਦਲ ਮਕਸੂਦੜੇ ਵਾਲਿਆਂ ਦੇ ਪ੍ਰਸਿੱਧ ਕਵੀਸ਼ਰੀ ਜੱਥੇ ਨੇ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਵਿਸਥਾਰ ਪੂਰਵਕ ਗੁਰਸੰਗਤਾਂ ਨੂੰ ਚਾਨਣਾ ਪਾਇਆ, ਕਵੀਸ਼ਰੀ ਜੱਥੇ ਦਾ ਵੀ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਵੱਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਕੀਤੇ ਸਟੀਕ ਸਤਿਕਾਰ ਸਹਿਤ ਕਵੀਸ਼ਰੀ ਜੱਥੇ ਨੂੰ ਭੇਟ ਕੀਤੇ, ਇਸ ਮੌਕੇ ਜਿੱਥੇ ਗੁਰਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ, ਉੱਥੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਿਆ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਸਮਾਗਮ ਵਿੱਚ ਇਕੱਤਰ ਹੋਈਆਂ ਗੁਰਸੰਗਤਾਂ ਦਾ ਧੰਨਵਾਦ ਕੀਤਾ, ਇਸ ਮੌਕੇ ਬਾਬਾ ਗੁਰਨਾਇਬ ਸਿੰਘ ਰਾਮਾ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਮਿਸਤਰੀ ਪਰਮਜੀਤ ਸਿੰਘ, ਅਵਤਾਰ ਸਿੰਘ ਸਿੱਧੂ, ਮਿੱਠੂ ਸਿੰਘ, ਛਿੰਦਰਪਾਲ ਸ਼ਰਮਾ, ਸਾਬਕਾ ਸਰਪੰਚ ਜਗਦੇਵ ਸਿੰਘ ਜੱਗਾ, ਸੋਹਣ ਸਿੰਘ, ਮਹਿੰਦਰ ਸਿੰਘ, ਚੰਦ ਸਿੰਘ, ਹਰਕਰਨ ਸਿੰਘ, ਸਮੇਤ ਅਨੇਕਾਂ ਸੰਗਤਾਂ ਹਾਜ਼ਰ ਸਨ।

### ਪਿੰਡ ਜਹਾਂਗੀਰ ਵਿਖੇ

# ਮੱਕੀ ਅਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ ਸਿਖਲਾਈ ਕੈਂਪ ਲਾਇਆ




ਧੂਰੀ ( ਰਣਜੀਤ ਸਿੰਘ ਪੇਧਨੀ )-ਮੁੱਖ ਖੇਤੀਬਾੜੀ ਅਫਸਰ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਜਹਾਂਗੀਰ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਰਬਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆ ਕਿਹਾ ਕਿ ਕਿਸਾਨਾਂ ਨੂੰ ਕਣਕ ਤੇ ਬੇਲੋੜੀਆਂ ਸਪਰੇਹਾਂ ਕਰਨ ਤੋਂ ਗਰੇਜ ਕਰਨ ਦੀ ਅਪੀਲ ਵੀ ਕੀਤੀ ਅਤੇ ਆਧੁਨਿਕ ਮਸ਼ੀਨਰੀ ਸਬੰਧੀ ਕਿਸਾਨਾਂ ਨਾਲ ਵਿਚਾਰ ਵੀ ਸਾਂਝੇ ਕੀਤੇ ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਵਿਸਤਾਰਾ ਅਫਸਰ ਨਰੇਸ਼ ਕੁਮਾਰ ਏ,ਐਸ,ਆਈ ਮਨਪ੍ਰੀਤ ਕੌਰ ਏ,ਐਸ,ਆਈ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

# ਬਿਨਾਂ ਤੱਥਾਂ ਦੇ ਗੁਮਰਾਹ ਕਰਨ ਉਤੇ ਕਾਲਕਾ ਨੂੰ ਵਿਰੋਧੀ ਧਿਰ ਨੇ ਦਿੱਤੀ ਸਖ਼ਤ ਚਿਤਾਵਨੀ

## ਝੂਠ ਬੋਲਣ ਦੇ ਕੇਸ 'ਚ ਇਹ ਪਹਿਲਾਂ ਤੋਂ ਜ਼ਮਾਨਤ ਉਤੇ ਹਨ ਤੇ ਇਨ੍ਹਾਂ ਨੂੰ ਇਸ ਝੂਠ ਬੋਲਣ ਕਰਕੇ ਸਜ਼ਾ ਹੋਣੀ ਵੀ ਤਹਿ: ਜੀਕੇ



**ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਕਮੇਟੀ ਵੱਲੋਂ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਿਰ ਚੜ੍ਹੇ 400 ਕਰੋੜ ਰੁਪਏ ਕਰਜ਼ੇ ਦੇ ਕਰਕੇ ਕੌਮੀ ਜਾਇਦਾਦਾਂ ਦੀ ਨੀਲਾਮੀ ਪ੍ਰਕਿਰਿਆ ਦੇ ਸੰਬੰਧ 'ਚ ਅੱਜ ਕੀਤੀ ਗਈ ਪ੍ਰੈਸ ਕਾਨਫਰੰਸ ਉਤੇ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਦਾ ਪ੍ਰਤੀਕਰਮ ਸਾਹਮਣੇ ਆਇਆ ਹੈਂ। ਦੋਵੇਂ ਆਗੂਆਂ ਨੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਕੌਮ ਨੂੰ ਬਿਨਾਂ ਤੱਥਾਂ ਦੇ ਗੁਮਰਾਹ ਕਰਨ ਦਾ ਦੋਸ਼ ਲਾਇਆ ਹੈ। ਉਕਤ ਆਗੂਆਂ ਨੇ ਕਾਲਕਾ ਨੂੰ ਵਿਰੋਧੀ ਧਿਰ ਆਗੂਆਂ ਖ਼ਿਲਾਫ਼ ਸੋਚ ਸਮਝ ਕੇ ਬੋਲਣ ਦੀ ਚਿਤਾਵਨੀ ਦਿੰਦਿਆਂ ਸਵਾਲ ਪੁੱਛੇ ਕਿ ਕਾਲਕਾ ਇਹ ਦੱਸਣ ਕਿ ਜੇਕਰ ਕਮੇਟੀ ਕੌਮੀ ਜਾਇਦਾਦਾਂ ਦੀ ਕੀਮਤ ਲਵਾਉਣ ਨੂੰ ਤਿਆਰ ਨਹੀਂ ਹੈ, ਤਾਂ ਫਿਰ ਕਮੇਟੀ ਦੇ ਵਕੀਲਾਂ ਨੇ ਕਮੇਟੀ ਪ੍ਰਧਾਨ ਤੇ ਜਨਰਲ ਸਕੱਤਰ ਦੀ ਮੌਜੂਦਗੀ ਵਿੱਚ ਕੀਮਤ ਨਿਰਧਾਰਕ ਕਰਤਾ ਦੀ ਨਿਯੁਕਤੀ ਮੌਕੇ ਦਿੱਲੀ ਹਾਈਕੋਰਟ 'ਚ ਉਸ ਨੂੰ ਸਹਿਯੋਗ ਦੇਣ ਦਾ ਭਰੋਸਾ ਕਿਉਂ ਦਿੱਤਾ ਸੀ ? ਕਾਲਕਾ ਇਹ ਵੀ ਦੱਸਣ ਕਿ ਜਦੋਂ ਕੌਮੀ ਜਾਇਦਾਦਾਂ ਦੀ ਕੀਮਤ ਨਿਰਧਾਰਤ ਨਹੀਂ ਕਰਵਾਉਣੀ ਸੀ ਤਾਂ ਫਿਰ ਦਿੱਲੀ ਕਮੇਟੀ ਦੀ ਇਸਟੇਟ ਵਿਭਾਗ ਨੇ ਕੌਮੀ ਜਾਇਦਾਦਾਂ ਦੀ ਸੂਚੀ ਹਾਈਕੋਰਟ 'ਚ ਕਿਉਂ ਜਮ੍ਹਾਂ ਕਰਵਾਈ ਸੀ ? ਜੀ.ਕੇ. ਨੇ ਦਾਅਵਾ ਕੀਤਾ ਕਿ ਜਿਸ ਕਰੋਲ ਬਾਗ ਦੀ ਕਥਿਤ ਪ੍ਰਾਪਰਟੀ ਨੂੰ ਵੇਚਣ ਦਾ ਪ੍ਰਧਾਨ ਤੇ ਜਨਰਲ ਸਕੱਤਰ ਮੇਰੇ ਉਤੇ ਦੋਸ਼ ਲਗਾ ਰਹੇ ਹਨ, ਇਹ ਭੁੱਲ ਜਾਂਦੇ ਹਨ ਕਿ ਉਸੇ ਝੂਠ ਬੋਲਣ ਦੇ ਕੇਸ 'ਚ ਇਹ ਪਹਿਲਾਂ ਤੋਂ ਜ਼ਮਾਨਤ ਉਤੇ ਹਨ ਤੇ ਇਨ੍ਹਾਂ ਨੂੰ ਇਸ ਝੂਠ ਬੋਲਣ ਕਰਕੇ ਸਜ਼ਾ ਹੋਣੀ ਵੀ ਤਹਿ ਹੈ।

# ਸਰਨਾ ਤੇ ਜੀ.ਕੇ. ਹਮੇਸ਼ਾ ਹੀ ਦਿੱਲੀ ਗੁਰਦੁਆਰਾ ਕਮੇਟੀ ਦੇ ਅਕਸ ਨੂੰ ਢਾਹ ਲਾਉਣ ਵਾਸਤੇ ਪੱਬਾਂ ਭਾਰ: ਕਾਲਕਾ/ਕਾਹਲੋਂ




**ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਹਰ ਵੇਲੇ ਦਿੱਲੀ ਗੁਰਦੁਆਰਾ ਕਮੇਟੀ ਦੇ ਅਕਸ ਨੂੰ ਢਾਹ ਲਾਉਣ ਵਾਸਤੇ ਪੱਬਾਂ ਭਾਰ ਰਹਿੰਦੇ ਹਨ ਤੇ ਮਨਜੀਤ ਸਿੰਘ ਜੀ.ਕੇ. ਦੇ ਸਮੇਂ ਦੌਰਾਨ ਹੀ ਕਮੇਟੀ ਦੀਆਂ ਜਾਇਦਾਦਾਂ ਵੇਚੀਆਂ ਗਈਆਂ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਪਿਛਲੇ ਦੋ ਤਿੰਨ ਦਿਨਾਂ ਤੋਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਝੂਠੇ ਤੇ ਗੁੰਮਰਾਹਕੁੰਨ ਬਿਆਨ ਦੇ ਕੇ ਸੰਗਤ ਨੂੰ ਗੁੰਮਰਾਹ ਕਰਨ ਦੇ ਯਤਨਾਂ ਵਿਚ ਲੱਗੇ ਹੋਏ ਹਨ ਪਰ ਸੰਗਤਾਂ ਇਹਨਾਂ ਦੇ ਸੱਚ ਨੂੰ ਜਾਣਦੀਆਂ ਹਨ। ਉਹਨਾਂ ਦੱਸਿਆ ਕਿ ਪਰਮਜੀਤ ਸਿੰਘ ਸਰਨਾ ਦੇ ਸਮੇਂ ਤੋਂ 2006 ਵਿਚ ਛੇਵਾਂ ਤਨਖਾਹ ਕਮਿਸ਼ਨ ਲੱਗਾ ਸੀ। ਇਹ ਭਾਰ ਮਨਜੀਤ ਸਿੰਘ ਜੀ.ਕੇ. ਦੇ ਸਮੇਂ ਵਿਚ ਆਇਆ। ਇਹਨਾਂ ਦੀਆਂ ਨਾਕਾਮਯਾਬੀਆਂ ਤੇ ਗਲਤੀਆਂ ਕਰ ਕੇ ਦਿੱਲੀ ਕਮੇਟੀ ਨੇ ਮਾਮਲੇ ਭੁਗਤੇ ਹਨ। ਉਹਨਾਂ ਦੱਸਿਆ ਕਿ 2016 ਵਿਚ ਸਤਵਾਂ ਤਨਖਾਹ ਕਮਿਸ਼ਨ ਲੱਗਿਆ। ਉਹਨਾਂ ਦੱਸਿਆ ਕਿ ਤਿੰਨ ਸਾਲਾਂ ਵਿਚ ਗੁਰਦੁਆਰਾ ਕਮੇਟੀ ਦੀ ਮੌਜੂਦਾ ਟੀਮ ਨੇ 114 ਕਰੋੜ ਰੁਪਏ ਦੀ ਸਹਾਇਤਾ ਸਕੂਲਾਂ ਵਿਚ ਤਨਖਾਹਾਂ ਤੇ ਛੇਵੇਂ ਤੇ ਸਤਵੇਂ ਤਨਖਾਹ ਕਮਿਸ਼ਨ ਦੇ ਬਕਾਏ ਦੇ ਭੁਗਤਾਨ ਵਾਸਤੇ ਦਿੱਤੇ ਹਨ। ਉਹਨਾਂ ਦੱਸਿਆ ਕਿ ਅਦਾਲਤਾਂ ਵਿਚ ਇਹਨਾਂ ਦੇ ਵਕੀਲਾਂ ਨੇ ਮੰਗ ਕੀਤੀ ਕਿ ਗੁਰੂ ਘਰ ਦੀਆਂ ਜਾਇਦਾਦਾਂ ਵੇਚ ਕੇ ਭੁਗਤਾਨ ਕੀਤਾ ਜਾਵੇ ਪਰ ਅਦਾਲਤ ਤੋਂ ਬਾਹਰ ਇਹ ਸੰਗਤ ਦੇ ਸਾਹਮਣੇ ਗੁੰਮਰਾਹਕੁੰਨ ਪ੍ਰਚਾਰ ਕਰਦੇ ਹਨ। ਉਹਨਾਂ ਕਿਹਾ ਕਿ ਦਿੱਲੀ ਕਮੇਟੀ ਨੇ ਅਦਾਲਤ ਵਿਚ ਹਲਫੀਆ ਬਿਆਨ ਦੇ ਕੇ ਦੱਸਿਆ ਹੈ ਕਿ ਦਿੱਲੀ ਦੇ ਇਤਿਹਾਸਕ ਗੁਰੂ ਘਰ, ਹੋਰ ਗੁਰੂ ਤੇ ਜਾਇਦਾਦਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਜਾਇਦਾਦਾਂ ਹਨ ਤੇ 1971 ਦੇ ਐਕਟ ਮੁਤਾਬਕ ਕੋਈ ਵੀ ਦੁਨੀਆਵੀ ਅਦਾਲਤ ਇਹਨਾਂ ਨੂੰ ਵੇਚ ਨਹੀਂ ਸਕਦੀ। ਉਹਨਾਂ ਦੱਸਿਆ ਕਿ ਅਸੀਂ ਅਦਾਲਤ ਵਿਚ ਅਪੀਲ ਦਾਇਰ ਕਰ ਕੇ 2 ਮਈ 2025 ਦੇ ਹੁਕਮਾਂ ਦੀ ਸਮੀਖਿਆ ਦੀ ਮੰਗ ਕੀਤੀ ਹੈ। ਉਹਨਾਂ ਦੱਸਿਆ ਕਿ ਮਨਜੀਤ ਸਿੰਘ ਜੀ.ਕੇ. ਦੇ ਪ੍ਰਧਾਨ ਹੋਣ ਸਮੇਂ ਕਰੋਲਬਾਗ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੀ ਜਾਇਦਾਦ ਵੇਚੀ ਗਈ ਸੀ। ਉਹਨਾਂ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਹਰ ਹਾਲਤ ਵਿਚ ਕਮੇਟੀ ਦੀਆਂ ਜਾਇਦਾਦਾਂ ਜੋ ਕਿ ਕੌਮ ਤੇ ਸੰਗਤਾਂ ਦੀਆਂ ਜਾਇਦਾਦਾਂ ਹਨ, ਦੀ ਰਾਖੀ ਵਾਸਤੇ ਵਚਨਬੱਧ ਹੈ। ਉਹਨਾਂ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਨੇ ਜਿਥੇ ਇਕ ਲੱਖ ਕੈਨੇਡੀਅਨ ਡਾਲਰ ਦਾ ਗਬਨ ਕੀਤਾ, ਉਥੇ ਹੀ 10 ਲੱਖ ਰੁਪਏ ਦੇ ਫਰਾਡ ਦੇ ਮਾਮਲੇ ਵਿਚ ਹੁਣ ਤਾਂ ਦਿੱਲੀ ਪੁਲਿਸ ਨੇ ਵੀ ਉਹਨਾਂ ਦੇ ਖਿਲਾਫ ਚਾਰਜਸ਼ੀਟ ਦਾਇਰ ਕਰ ਕੇ ਦੱਸ ਦਿੱਤਾ ਹੈ ਕਿ ਉਹਨਾਂ ਨੇ 10 ਲੱਖ ਰੁਪਏ ਦਾ ਗਬਨ ਕੀਤਾ ਹੈ। ਉਹਨਾਂ ਕਿਹਾ ਕਿ ਸਾਰਾ ਸੱਚ ਸੰਗਤਾਂ ਦੇ ਸਾਹਮਣੇ ਹੈ। ਇਹਨਾਂ ਵੱਲੋਂ ਕੀਤੇ ਗਲਤ ਕੰਮਾਂ ਦਾ ਖਮਿਆਜ਼ਾ ਮੌਜੂਦਾ ਪ੍ਰਬੰਧਕ ਭੁਗਤ ਰਹੇ ਹਨ। ਉਹਨਾਂ ਕਿਹਾ ਕਿ ਅਸੀਂ ਜਿਥੇ ਹੁਣ ਤੱਕ 114 ਕਰੋੜ ਰੁਪਏ ਦਾ ਭੁਗਤਾਨ ਕੀਤਾ ਹੈ, ਉਥੇ ਹੀ ਅੱਗੇ ਵਾਸਤੇ ਲਿਖ ਕੇ ਦਿੱਤੀਆਂ ਤਾਰੀਕਾਂ ਮੁਤਾਬਕ ਅਗਲੇ ਭੁਗਤਾਨ ਵੀ ਸੰਗਤਾਂ ਦੇ ਸਹਿਯੋਗ ਨਾਲ ਕਰਾਂਗੇ।

## ਜੂਨ 1984 ਦੇ ਘੱਲੂਘਾਰੇ ਸਮੇਂ

# ਗੋਲੀ ਲੱਗਣ ਨਾਲ ਜ਼ਖ਼ਮੀ ਹੋਏ ਪਾਵਨ ਸਰੂਪ ਨੂੰ ਸੰਗਤ ਦੇ ਦਰਸ਼ਨਾਂ ਲਈ ਕੀਤਾ ਸੁਸ਼ੋਭਿਤ










**ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਜੂਨ 1984 'ਚ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੋਲੀ ਲੱਗਣ ਕਾਰਨ ਜ਼ਖ਼ਮੀ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਦੇ ਸੰਗਤ ਨੂੰ ਦਰਸ਼ਨ ਕਰਵਾਉਣ ਲਈ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸੁਸ਼ੋਭਿਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਸਾਲਾਂ ਤੋਂ ਘੱਲੂਘਾਰਾ ਹਫ਼ਤੇ ਦੌਰਾਨ ਇਸ ਪਾਵਨ ਸਰੂਪ ਦੇ ਸੰਗਤ ਨੂੰ ਦਰਸ਼ਨ ਕਰਵਾਏ ਜਾ ਰਹੇ ਹਨ, ਜਿਸ ਦੀ ਲਗਾਤਾਰਤਾ ਇਸ ਵਾਰ ਵੀ ਜਾਰੀ ਰੱਖੀ ਗਈ ਹੈ। ਇਸ ਪਾਵਨ ਸਰੂਪ ਦੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਸੰਗਤਾਂ 6 ਜੂਨ ਤੱਕ ਰੋਜ਼ਾਨਾ ਸਵੇਰ ਤੋਂ ਸ਼ਾਮ ਤੱਕ ਦਰਸ਼ਨ ਕਰ ਸਕਣਗੀਆਂ। ਇਸ ਜ਼ਖ਼ਮੀ ਹੋਏ ਪਾਵਨ ਸਰੂਪ ਦੇ ਨਾਲ ਇਸ ਵਿਚ ਲੱਗੀ ਗੋਲੀ ਵੀ ਸੰਗਤ ਨੂੰ ਦਿਖਾਈ ਜਾ ਰਹੀ ਹੈ। ਅੱਜ ਇਹ ਪਾਵਨ ਸਰੂਪ ਗੁਰਦੁਆਰਾ ਸਾਹਿਬ ਵਿਖੇ ਸੁਸ਼ੋਭਿਤ ਕਰਨ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੇਵਾ ਨਿਭਾਈ। ਗਿਆਨੀ ਕੇਵਲ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਜ਼ਖ਼ਮੀ ਪਾਵਨ ਸਰੂਪ ਸਿੱਖ ਕੌਮ 'ਤੇ ਹੋਏ ਜ਼ੁਲਮਾਂ ਦੀ ਮੂੰਹ ਬੋਲਦੀ ਤਸਵੀਰ ਹੈ, ਜਿਸ ਨੂੰ ਦੇਖ ਕੇ ਹਰ ਮਨੁੱਖ ਦਾ ਹਿਰਦਾ ਪੀੜਾ ਨਾਲ ਭਰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੌਮ ਸਿੱਖਾਂ 'ਤੇ ਹੋਏ ਇਸ ਅੱਤਿਆਚਾਰ ਨੂੰ ਕਦੇ ਵੀ ਭੁਲਾ ਨਹੀਂ ਸਕਦੀ। ਇਸ ਮੌਕੇ ਪਹੁੰਚੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ 1984 ਵਿਚ ਕੇਂਦਰ ਦੀ ਕਾਂਗਰਸ ਸਰਕਾਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਗੁਰਦੁਆਰਾ ਸਾਹਿਬਾਨ 'ਤੇ ਫ਼ੌਜੀ ਹਮਲਾ ਕਰਕੇ ਸਿੱਖ ਕੌਮ ਨੂੰ ਗਹਿਰੇ ਜ਼ਖ਼ਮ ਦਿੱਤੇ ਹਨ। ਉਨ੍ਹਾਂ ਕਿਹਾ ਕਿ ਆਪਣੇ ਹੀ ਦੇਸ਼ ਦੀ ਸਰਕਾਰ ਵੱਲੋਂ ਕੀਤੇ ਗਏ ਵਹਿਸ਼ੀਆਣਾ ਹਮਲੇ ਨੂੰ ਕੌਮ ਹਮੇਸ਼ਾਂ ਯਾਦ ਰੱਖੇਗੀ। ਇਸੇ ਲਈ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਰਕਾਰ ਦੇ ਜ਼ੁਲਮਾਂ ਤੋਂ ਜਾਣੂ ਕਰਵਾਉਣ ਲਈ ਜਿਥੇ ਜ਼ਖ਼ਮੀ ਹੋਏ ਪਾਵਨ ਸਰੂਪ ਦੇ ਸੰਗਤ ਨੂੰ ਦਰਸ਼ਨ ਕਰਵਾਏ ਜਾ ਰਹੇ ਹਨ, ਉਥੇ ਹੀ ਘੱਲੂਘਾਰੇ ਨਾਲ ਸਬੰਧਤ ਤਸਵੀਰਾਂ ਦੀ ਪ੍ਰਦਰਸ਼ਨੀ ਵੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਬਾਹਰ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਲਗਾਈ ਗਈ ਪ੍ਰਦਰਸ਼ਨੀ ਵਿਚ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਢਹਿ-ਢੇਰੀ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵਾਪਰੇ ਦੁਖਾਂਤ ਨੂੰ ਬਿਆਨ ਕਰਦੀਆਂ ਤਸਵੀਰਾਂ ਹਨ, ਜੋ ਸਰਕਾਰ ਵੱਲੋਂ ਕੀਤੇ ਜਬਰ ਤੇ ਜ਼ੁਲਮ ਨੂੰ ਬਿਆਨ ਕਰਦੀਆਂ ਹਨ। ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਵਿਖੇ 6 ਜੂਨ ਤੱਕ ਰੋਜ਼ਾਨਾ ਸਵੇਰ ਤੋਂ ਲੈ ਕੇ ਸ਼ਾਮ 7 ਵਜੇ ਤੱਕ ਦਰਸ਼ਨ ਕਰਵਾਏ ਜਾਣਗੇ। ਇਸ ਦੇ ਨਾਲ ਹੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਬਾਹਰ ਪ੍ਰਦਰਸ਼ਨੀ ਜਾਰੀ ਰਹੇਗੀ।

ਆਵਾਜ਼ਿ ਕੌਮ
AWAZE QAUM
International Newspaper & WEB TV

**1984 'ਚ ਹੋਏ ਫ਼ੌਜੀ ਹਮਲੇ ਨੂੰ ਬਿਆਨ ਕਰਦੀਆਂ ਤਸਵੀਰਾਂ ਦੀ ਲਗਾਈ ਪ੍ਰਦਰਸ਼ਨੀ**

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਪ੍ਰਕਾਸ਼ ਕਰਨ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਮੀਤ ਮੈਨੇਜਰ ਸ. ਗੁਰਵਿੰਦਰਪਾਲ ਸਿੰਘ ਕਾਦੀਆਂ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਤਰਸੇਮ ਸਿੰਘ, ਭਾਈ ਗੁਰਵਿੰਦਰ ਸਿੰਘ ਖੋਦੇਬੇਟ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

### ਦਮਦਮੀ ਟਕਸਾਲ ਹੈਡਕੁਆਰਟਰ ਵਿਖੇ ਸ਼ਹੀਦੀ ਹਫਤੇ ਦੇ

# ਦੂਜੇ ਦਿਨ ਸਜੇ ਭਾਰੀ ਧਾਰਮਿਕ ਦੀਵਾਨ

## ਸ਼ਹੀਦੀ ਹਫਤੇ ਤੇ 6 ਜੂਨ ਦੇ ਮੁੱਖ ਸਮਾਗਮ ਚ ਸੰਗਤਾਂ ਵੱਧ ਚੜ੍ਹ ਕੇ ਹਾਜ਼ਰੀ ਭਰਨ : ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ










**ਚੌਂਕ ਮਹਿਤਾ, 2 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਸਾਕਾ ਨੀਲਾ ਤਾਰਾ(ਤੀਸਰਾ ਘਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ 'ਚ ਮਨਾਏ ਜਾ ਰਹੇ ਜੂਨ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ ਹੋ ਚੁੱਕੀ ਹੈ,ਜਿਸ ਦੌਰਾਨ ਅੱਜ ਇੱਥੇ ਟਕਸਾਲ ਦੇ ਕੇਂਦਰੀ ਅਸਥਾਨ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੱਜ ਸ਼ਹੀਦੀ ਹਫਤੇ ਦੇ ਦੂਜੇ ਦਿਨ ਦੇ ਦੀਵਾਨ ਸਜਾਏ ਗਏ। ਇਹ ਸਮਾਗਮ ਤੀਸਰੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਨੂੰ ਸਮਰਪਿਤ ਹੋਣਗੇ।ਅੱਜ ਦੇ ਦੀਵਾਨ ਦੀ ਸ਼ੁਰੂਆਤ ਰਸਮਈ ਸ਼ਬਦ ਕੀਰਤਨ ਨਾਲ ਹੋਈ, ਜਿਸ ਦੌਰਾਨ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਤੰਤੀ ਸਾਜਾਂ ਰਾਹੀਂ ਮਨੋਹਰ ਕੀਰਤਨ ਗਾਇਨ ਕੀਤਾ , ਭਾਈ ਗੁਰਲਾਲ ਸਿੰਘ ਦਮਦਮੀ ਟਕਸਾਲ ਵਾਲੇ, ਭਾਈ ਲਵਪਰੀਤ ਸਿੰਘ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀਅਤੇ ਸ੍ਰੀ ਹਰਿਮੰਦਿਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਨਜੀਤ ਸਿੰਘ ਦੇ ਜਥੇ ਨੇ ਵੀ ਆਨੰਦਮਈ ਸ਼ਬਦ ਕੀਰਤਨ ਦੀ ਸੇਵਾ ਨਿਭਾਈ।ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਲੜੀਵਾਰ ਕਥਾ ਨੂੰ ਅੱਗੇ ਤੋਰਦੇ ਹੋਏ ਗੁਰ ਪ੍ਰਤਾਪ ਸੂਰਜ ਗ੍ਰੰਥ 'ਚੋਂ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਅਤੇ ਬਾਦਸ਼ਾਹ ਜਹਾਂਗੀਰ ਦਰਮਿਆਨ ਹੋਈ ਵਾਰਤਾਲਾਪ ਪ੍ਰਸੰਗ ਸੰਗਤਾਂ ਨੂੰ ਸਰਵਨ ਕਰਾਇਆ। ਉਨ੍ਹਾਂ ਨੇ ਚੱਲ ਰਹੇ ਸ਼ਹੀਦੀ ਸਮਾਗਮਾਂ ਦੀ ਮਹੱਤਤਾ ਦੱਸਦੇ ਹੋਏ ਸਮੂਹ ਸੰਗਤਾਂ ਨੂੰ ਪੰਜ ਰੋਜ਼ਾਂ ਚੱਲਣ ਵਾਲੇ ਇੰਨ੍ਹਾਂ ਦੀਵਾਨਾਂ ਤੋਂ ਇਲਾਵਾ 6 ਜੂਨ ਨੂੰ ਵੱਡੇ ਪੱਧਰ 'ਤੇ ਕੀਤੇ ਜਾ ਰਹੇ ਸ਼ਹੀਦੀ ਸਮਾਗਮ 'ਚ ਵੀ ਵੱਧ ਚੜ੍ਹ ਕੇ ਹਾਜ਼ਰੀ ਭਰਨ ਦੀ ਅਪੀਲ ਕੀਤੀ। ਇਸ ਦੌਰਾਨ ਸਟੇਜ ਸੰਚਾਲਕ ਦੀ ਸੇਵਾ ਪ੍ਰਿੰ.ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ।ਅੱਜ ਦੇ ਦੀਵਾਨ 'ਚ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ, ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ, ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ, ਸੰਤ ਬਾਬਾ ਬੀਰ ਸਿੰਘ ਭੰਗਾਲੀ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਸ਼ਮਸ਼ੇਰ ਸਿੰਘ ਜੇਠੂਵਾਲ,

ਗਿ.ਪ੍ਰਗਟ ਸਿੰਘ ਭੀਲੋਵਾਲ, ਜਥੇ.ਅਜੀਤ ਸਿੰਘ, ਜਥੇ.ਸੁਖਦੇਵ ਸਿੰਘ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ, ਜਥੇ.ਬੋਹੜ ਸਿੰਘ, ਗੁਰਸੇਵਕ ਸਿੰਘ ਦਮਦਮੀ ਟਕਸਾਲ, ਪ੍ਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਨਿਹੰਗ ਸਿੰਘ, ਭਾਈ ਜੁਝਾਰ ਸਿੰਘ ਨਿਹੰਗ ਸਿੰਘ,ਭਾਈ ਗੁਰਪ੍ਰੀਤ ਸਿੰਘ ਵੈਦ,ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਜਤਿੰਦਰ ਸਿੰਘ ਲੱਧਾਮੁੰਡਾ, ਤਜਿੰਦਰਪਾਲ ਸਿੰਘ ਲਾਡੀ, ਇਕਬਾਲ ਸਿੰਘ ਮਾਨ, ਗੁਲਜਿੰਦਰ ਸਿੰਘ ਲਾਡੀ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਪਟਵਾਰੀ ਰਛਪਾਲ ਸਿੰਘ ਜਲਾਲ ਉਸਮਾ ਦੀ

# ਸੇਵਾ ਮੁਕਤੀ ’ਤੇ ਨਿੱਘੀ ਵਿਦਾਇਗੀ ਪਾਰਟੀ



**ਚੌਕ ਮਹਿਤਾ, 2 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦੀ ਰੈਵੀਨਿਊ ਪਟਵਾਰ ਯੂਨੀਅਨ ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਸਾ: ਪ੍ਰਧਾਨ ਅਤੇ ਜ਼ਿਲ੍ਹਾ ਨੁਮਾਇੰਦੇ ਪਟਵਾਰੀ ਰਛਪਾਲ ਸਿੰਘ ਜਲਾਲ ਉਸਮਾ ਨੂੰ ਸੇਵਾ ਮੁਕਤ ਹੋਣ ਤੇ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ ।ਰੈਵੀਨਿਊ ਪਟਵਾਰ ਯੂਨੀਅਨ, ਤਹਿਸੀਲ ਬਾਬਾ ਬਕਾਲਾ ਸਾਹਿਬ ਵੱਲੋਂ ਕਰਵਾਏ ਗਏ ਇਕ ਸ਼ਾਨਦਾਰ ਸਮਾਗਮ ਮੌਕੇ ਰਛਪਾਲ ਸਿੰਘ ਜਲਾਲ ਉਸਮਾਂ ਨੂੰ ਸਨਮਾਨਿਤ ਕੀਤਾ ਗਿਆ । ਇਸ ਮੌਕੇ ਐਸ.ਡੀ.ਐਮ. ਸ: ਅਮਨਪ੍ਰੀਤ ਸਿੰਘ, ਤਹਿਸੀਲਦਾਰ ਅਮਿਤ ਕੁਮਾਰ, ਨਾਇਬ ਤਹਿਸੀਲਦਾਰ ਪਵਨ ਕੁਮਾਰ, ਨਾਇਬ ਤਹਿਸੀਲਦਾਰ ਗੁਲਜਾਰ ਸਿੰਘ, ਨਾਇਬ ਤਹਿਸੀਲਦਾਰ ਬਿਆਸ ਗੁਰਨੈਬ ਸਿੰਘ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਗੁਰਜੰਟ ਸਿੰਘ ਸੋਹੀ, ਜ਼ਿਲ੍ਹਾ ਪ੍ਰਧਾਨ ਤਰਨਤਾਰਨ ਸਰਬਜੀਤ ਸਿੰਘ ਸੰਧੂ, ਸੁਖਪ੍ਰੀਤ ਸਿੰਘ ਕਾਨੂੰਗੋ ਨੁਮਾਇੰਦਾ ਕੁਲ ਹਿੰਦ, ਚਾਨਣ ਸਿੰਘ ਖਹਿਰਾ, ਅੰਗਰੇਜ ਸਿੰਘ ਦੇਵੀਦਾਸਪੁਰਾ ਤਹਿਸੀਲ ਪ੍ਰਧਾਨ ਬਾਬਾ ਬਕਾਲਾ ਸਾਹਿਬ, ਗੁਰਦੇਵ ਸਿੰਘ ਬੁੱਟਰ ਜਨਰਲ ਸਕੱਤਰ, ਕਰਨਜੀਤ ਸਿੰਘ ਤਹਿਸੀਲ ਪ੍ਰਧਾਨ ਲੋਪੋਕੇ, ਜੋਬਨਜੀਤ ਸਿੰਘ ਤਹਿਸੀਲ ਪ੍ਰਧਾਨ ਅੰਮ੍ਰਿਤਸਰ-2, ਸੌਰਵ ਸ਼ਰਮਾ ਤਹਿਸੀਲ ਪ੍ਰਧਾਨ ਅੰਮ੍ਰਿਤਸਰ-1, ਕੰਵਲ ਸ਼ਮਸ਼ੇਰ ਤਹਿਸੀਲ ਪ੍ਰਧਾਨ ਮਜੀਠਾ, ਗੁਰਬਾਜ ਸਿੰਘ ਤਹਿਸੀਲ ਪ੍ਰਧਾਨ ਅਜਨਾਲਾ ਨੇ ਸ: ਰਛਪਾਲ ਸਿੰਘ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ । ਇਸ ਮੌਕੇ ਜਸਵਿੰਦਰ ਸਿੰਘ, ਵਰਿੰਦਰਪਾਲ ਸਿੰਘ ਅਜਨਾਲਾ, ਮਨਿੰਦਰ ਸਿੰਘ, ਮਨਜੀਤ ਸਿੰਘ ਸੰਧੂ, ਜਸਵਿੰਦਰ ਸਿੰਘ ਟਾਂਗਰਾ, ਕਾਨੂੰਗੋ ਰਣਜੀਤ ਸਿੰਘ ਸੁਖਦੇਵ ਰਾਜ, ਲਖਵਿੰਦਰ ਸਿੰਘ, ਸਰਬਜੀਤ ਸਿੰਘ, ਸਤਨਾਮ ਸਿੰਘ, ਮਨਦੀਪ ਸਿੰਘ ਕੰਗ ਤੋਂ ਇਲਾਵਾ ਸਬਪ੍ਰੀਤ ਕੌਰ, ਕਿਰਨਦੀਪ ਕੌਰ, ਸ਼ਰਨਜੀਤ ਕੌਰ, ਕੁਲਵਿੰਦਰ ਸਿੰਘ, ਸੁਖਚੈਨ ਸਿੰਘ, ਬਲਵਿੰਦਰ ਸਿੰਘ, ਗੁਰਮੇਜ ਸਿੰਘ, ਸੁਰਿੰਦਰ ਸਿੰਘ, ਸਤਪਾਲ ਸਿੰਘ, ਬਲਵਿੰਦਰ ਸਿੰਘ, ਮੇਹਰਵਾਨ ਸਿੰਘ, ਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਮਨਦੀਪ ਸਿੰਘ, ਗੌਰਵ ਸਿੰਘ, ਹਰਪ੍ਰਤਾਪ ਸਿੰਘ, ਬਿਕਰਮਜੀਤ ਸਿੰਘ, ਬਲਰਾਜ ਸਿੰਘ, ਜਗਜੀਤ ਸਿੰਘ, ਗੌਰਵ ਸਿੰਘ, ਹਰਜਿੰਦਰ ਸਿੰਘ, ਪ੍ਰਭਜੋਤ ਸਿੰਘ, ਮਨਮੀਤ ਸਿੰਘ, ਜਸਕੀਰਤ ਸਿੰਘ ਤੋਂ ਇਲਾਵਾ ਸੁਪਰਡੈਂਟ ਰਣਜੀਤ ਕੌਰ, ਕੰਵਲਜੀਤ ਕੌਰ, ਸੁਖਨੰਦਿਨ ਕੌਰ, ਜਗਰੂਪ ਸਿੰਘ, ਮਾ: ਮਨਜੀਤ ਸਿੰਘ ਵੱਸੀ, ਭੁਪਿੰਦਰ ਸਿੰਘ, ਹਰਪ੍ਰੀਤ ਸਿੰਘ ਏ.ਐੱਸ.ਐੱਮ. ਸੰਦੀਪ ਸਿੰਘ ਤਰਸਿੱਕਾ, ਸਮੂਹ ਅਪਰੇਟਰ ਸਮੇਤ ਸਮੂਹ ਕਰਮਚਾਰੀ ਹਾਜ਼ਰ ਸਨ ।

# ਸਾਬਕਾ ਵਿਧਾਇਕ ਸਿੱਕੀ ਦੀ ਅਗਵਾਹੀ ਹੇਠ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਵਾਰਡ ਨੰਬਰ 60 ਤੋ 63 ’ਚ ਕਾਗਰਸੀਆਂ ਕੀਤਾ ਚੋਣ ਪ੍ਰਚਾਰ

## ਹਲਕਾ ਖਡੂਰ ਸਾਹਿਬ ਦੀ ਸਮੁੱਚੀ ਟੀਮ ਆਸ਼ੂ ਨੂੰ ਜਿਤਾਉਣ ਲਈ ਹੋਈ ਪੱਬਾਂ ਭਾਰ

## ਸਾਬਕਾ ਵਿਧਾਇਕ ਸਿੱਕੀ ਨੇ ਕਿਹਾ ਕਿ ਲੁਧਿਆਣਾ ਪੱਛਮੀ ਦੇ ਸੂਝਵਾਨ ਤੇ ਬਹਾਦਰ ਵੋਟਰਾਂ ਨੇ ਮਨ ਬਣਾ ਲਿਆ ਹੈ







ਤਰਨ ਤਾਰਨ, ਲੁਧਿਆਣਾ, 2 ਜੂਨ (ਆਵਾਜ਼ਿ ਕੌਮ ਬਿਊਰੋ)- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਰਮਨਜੀਤ ਸਿੰਘ ਸਿੱਕੀ ਦੀ ਯੋਗ ਅਗਵਾਈ ਹੇਠ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਜਿਨਾਂ ’ਚ ਰਣਜੀਤ ਸਿੰਘ ਰਾਣਾ ਪਵਾਰ ਪੀ.ਏ ਸਰਦਾਰ ਰਮਨਜੀਤ ਸਿੰਘ ਸਿੱਕੀ,ਸਾਬਕਾ ਸਰਪੰਚ ਮਹਿੰਦਰ ਸਿੰਘ ਚੰਬਾ ਕਲਾਂ,ਸਾਬਕਾ ਸਰਪੰਚ ਮਨਜਿੰਦਰ ਸਿੰਘ ਗੁੱਜਰਪੁਰਾ, ਪ੍ਰਭਦੀਪ ਸਿੰਘ ਕਾਹਲਵਾਂ ਸ਼ੋਸ਼ਲ ਮੀਡੀਆ ਇੰਚਾਰਜ, ਯਾਦਵਿੰਦਰ ਸਿੰਘ ਸੋਨੀ ਭੱਠਲ,ਨਿਸ਼ਾਨ ਸਿੰਘ ਵੜਿੰਗ ਮੋਹਨਪੁਰ, ਵਿਜੇ ਕੁਮਾਰ ਬਾਊ ਮੀਡੀਆ ਇੰਚਾਰਜ,ਗੁਰਪ੍ਰੀਤ ਸਿੰਘ ਸੋਨੀ ਡਿਆਲ,ਨਿਸ਼ਾਨ ਸਿੰਘ ਢੋਟੀ,ਗਗਨਦੀਪ ਸਿੰਘ ਰੰਧਾਵਾ ਖਵਾਸਪੁਰ, ਸਾਬਕਾ ਸਰਪੰਚ ਪਰਮਿੰਦਰ ਸਿੰਘ ਧੂੰਦਾ,ਜਸਵੰਤ ਸਿੰਘ ਧੂੰਦਾ,ਰਾਜੂ ਕਮਾਲਪੁਰ,ਸਰਪੰਚ ਮਨਪ੍ਰੀਤ ਸਿੰਘ ਗੁਲਾਲੀਪੁਰ,ਹਰਵਿੰਦਰ ਸਿੰਘ ਫੇਲੋਕੇ,ਗਗਨ ਫੇਲੋਕੇ, ਬਲਬੀਰ ਸਿੰਘ ਰਾਜੂ ਕਮਾਲਪੁਰੀ,ਦਵਿੰਦਰ ਸਿੰਘ ਲੁਧਿਆਣਾ ਆਦਿ ਹਲਕੇ ਦੇ ਸਿਰਕੱਢ ਸੀਨੀਅਰ ਆਗੂਆਂ ਨੇ ਪੱਛਮੀ ਲੁਧਿਆਣਾ ਤੋਂ ਕਾਂਗਰਸ ਪਾਰਟੀ ਦੇ ਜਿਮਨੀ ਚੋਣ ਤੋਂ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਵਾਰਡ ਨੰਬਰ 60 ਤੋ 63 ਤੱਕ ਡੋਰ ਟੂ ਡੋਰ ਚੋਣ ਪ੍ਰਚਾਰ ਕਰਕੇ ਚੋਣ ਮੁਹਿੰਮ ਨੂੰ ਭਖਾ ਦਿੱਤਾ। ਹਲਕਾ ਖਡੂਰ ਸਾਹਿਬ ਦੀ ਸਮੁੱਚੀ ਟੀਮ ਨੇ ਘਰ-ਘਰ ਜਾ ਕੇ ਕਾਗਰਸ ਪਾਰਟੀ ਦੀਆ ਲੋਕ ਪੱਖੀ ਨੀਤੀਆਂ ਤੋਂ ਜਾਣੂ ਕਰਵਾਇਆ ਅਤੇ ਆਮ ਆਦਮੀ ਪਾਰਟੀ ਵੱਲੋ ਪੰਜਾਬੀਆ ਨਾਲ ਕੀਤੀਆ ਧੱਕੇਸ਼ਾਹੀਆ ਤੇ ਵਾਅਦਾ ਖਿਲਾਫੀਆ ਤੋ ਜਾਣੂ ਕਰਵਾਇਆ ਅਤੇ ਭਾਰਤ ਭੂਸ਼ਣ ਆਸ਼ੂ ਨੂੰ ਜਿਤਾਉਣ ਲਈ ਅਪੀਲ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਸਾਬਕਾ ਵਿਧਾਇਕ ਸਿੱਕੀ ਨੇ ਕਿਹਾ ਕਿ ਲੁਧਿਆਣਾ ਪੱਛਮੀ ਦੇ ਸੂਝਵਾਨ ਤੇ ਬਹਾਦਰ ਵੋਟਰਾਂ ਨੇ ਮਨ ਬਣਾ ਲਿਆ ਹੈ ਕਿ ਉਹ ਆਸ਼ੂ ਜੀ ਨੂੰ ਜਿਤਾ ਕੇ ਵਿਧਾਨ ਸਭਾ ’ਚ ਭੇਜਣਗੇ ਕਿਉਂਕਿ ਵੋਟਰਾਂ ਵਿੱਚ ਭਾਰੀ ਉਤਸਾਹ ਹੈ। ਇਸ ਮੌਕੇ ਬੀਬਾ ਪਰਮਿੰਦਰ ਕੌਰ ਕੌਸਲਰ ਵਾਰਡ ਨੰਬਰ 61,ਕੁਲਬੀਰ ਸਿੰਘ ਵਾਲੀਆ,ਇੰਦਰਜੀਤ ਸਿੰਘ ਇੰਦੀ,ਬਲਦੇਵ ਸਿੰਘ ਵਾਲੀਆ,ਅਵਤਾਰ ਸਿੰਘ,ਰਾਜਿੰਦਰ ਸਿੰਘ,ਨੰਦ ਕਿਸ਼ੋਰ,ਨੀਰਜ ਕੁਮਾਰ ਆਦਿ ਕਾਗਰਸੀ ਆਗੂ ਹਾਜ਼ਰ ਸਨ।

# ਸੰਤ ਬਾਬਾ ਵਰਿਆਮ ਸਿੰਘ ਲੂਆ ਸਾਹਿਬ ਵਾਲਿਆਂ ਦੀ 13ਵੀਂ ਬਰਸੀ 5 ਨੂੰ: ਬਾਬਾ ਪ੍ਰਗਟ ਸਿੰਘ



**ਚੋਹਲਾ ਸਾਹਿਬ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਵਾਸੀ ਸੰਤ ਬਾਬਾ ਦੇਵਾ ਸਿੰਘ ਜੀ ਦੇ ਚਰਨ ਸੇਵਕ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਵਰਿਆਮ ਸਿੰਘ ਜੀ ਬਾਬਾ ਲੂਆ ਸਾਹਿਬ ਵਾਲਿਆਂ ਦੀ 13 ਵੀਂ ਸਲਾਨਾ ਬਰਸੀ ਗੁਰਦੁਆਰਾ ਬਾਬਾ ਲੂਆਂ ਸਾਹਿਬ ਵਿਖੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਮਨਾਈ ਜਾ ਰਹੀ ਹੈ ।ਬਰਸੀ ਸਮਾਗਮ ਸਬੰਧੀ ਬਾਬਾ ਪਰਗਟ ਸਿੰਘ ਸੇਵਾਦਾਰ ਗੁਰਦੁਆਰਾ ਬਾਬਾ ਲੂਆ ਸਾਹਿਬ ਵਾਲਿਆਂ ਨੇ ਦੱਸਿਆ ਕਿ 3 ਜੂਨ ਨੂੰ ਗੁਰਦੁਆਰਾ ਸਾਹਿਬ ਚੋਂ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਭੋਗਾ ਉਪਰੰਤ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕੀਰਤਨੀ ਜੱਥੇ ਕਰਕੇ ਆਈਆ ਸੰਗਤਾਂ ਨੂੰ ਨਿਹਾਲ ਕਰਨਗੇ, ਉਪਰੰਤ ਧਾਰਮਿਕ ਦੀਵਾਨ ਵਿੱਚ ਉੱਚ ਕੋਟੀ ਤੇ ਰਾਗੀ ਢਾਡੀ ਅਤੇ ਕਵੀਸ਼ਰੀ ਜਥੇ ਵਡਮੁੱਲਾ ਸਿੱਖ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਜਾਣੂ ਕਰਵਾਉਣਗੇ। ਇਸ ਮੌਕੇ ਪੁਰਾਤਨ ਬਲਦਾ ਦੀਆਂ ਦੌੜਾਂ ਦੇ ਮੁਕਾਬਲੇ ਹੋਣਗੇ ਸ਼ਾਮ ਨੂੰ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਦੀ ਫਸਵੇ ਮੈਚ ਕਰਾਏ ਜਾਣਗੇ ਜਿੰਨਾਂ ਚ ਸਪੋਰਟਸ ਕਲੱਬ ਸਭਰਾ ਅਤੇ ਧੰਨ-ਧੰਨ ਬਾਬਾ ਦਾਨ ਸਿੰਘ ਸਪੋਰਟਸ ਕਲੱਬ ਖਾਰਾ ਦੇ ਕਬੱਡੀ ਸ਼ੋ ਮੈਚ ਦੇਖਣ ਯੋਗ ਹੋਣਗੇ। ਸਾਰਾ ਦਿਨ ਠੰਡੇ-ਮਿੱਠੇ ਜਲ ਦੀਆਂ ਛਬੀਲਾਂ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਭਗਵੰਤ ਮਾਨ ਸਰਕਾਰ ਨੂੰ ਕਿਸਾਨਾਂ ਦੀ ਜਮੀਨ ਅਕਵੈਰ ਨਹੀਂ ਕਰਨ ਦਿੱਤੀ ਜਾਵੇਗੀ



ਚੋਹਲਾ ਸਾਹਿਬ, 2 ਜੂਨ (ਆਵਾਜ਼ਿ ਕੌਮ ਬਿਊਰੋ)- ਸਰਕਾਰ ਦੇ ਇਸ਼ਾਰੇ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਜੋ ਕਿਸਾਨਾਂ ਦੀ ਜਮੀਨ ਅਕਵੈਰ ਕਰਨ ਜਾ ਰਹੀ ਹੈ ਜੋ ਕਿ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਇਸ ਦੀ ਜਾਣਕਾਰੀ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਭਾਰਤੀ ਕਮਨਿਸਟ ਪਾਰਟੀ ਦੀ ਮੀਟਿੰਗ ਚੋਹਲਾ ਸਾਹਿਬ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਕਾਮਰੇਡ ਪਰਮਜੀਤ ਸਿੰਘ ਚੋਹਲਾ ਸਾਹਿਬ ਨੇ ਕੀਤੀ ਮੀਟਿੰਗ ਨੂੰ ਜਾਣਕਾਰੀ ਦਿੰਦਿਆਂ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਇਨਕਲਾਬ ਦਾ ਨਾਅਰਾ ਲਾ ਕੇ ਸਤਾ ਵਿੱਚ ਆਈ ਸੀ ਇਨਕਲਾਬ ਦਾ ਨਾਅਰਾ ਸ਼ਹੀਦ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਹੋਰ ਦੇਸ਼ ਭਗਤਾਂ ਅਤੇ ਗਦਰੀ ਬਾਬਿਆਂ ਵੱਲੋਂ ਉਸ ਟਾਈਮ ਦਿੱਤਾ ਸੀ ਜਦੋਂ ਅੰਗਰੇਜ਼ ਸਰਕਾਰ ਲੋਕਾਂ ਦੇ ਹੱਕਾਂ ਤੇ ਡਾਕੇ ਮਾਰ ਰਹੀ ਸੀ ਇਨਕਲਾਬ ਦਾ ਨਾਅਰਾ ਲਾਉਣ ਵਾਲੇ ਮਾਨ ਸਰਕਾਰ ਲੋਕਾਂ ਦੇ ਹੱਕਾਂ ਤੇ ਡਾਕੇ ਮਾਰ ਰਹੀ ਹੈ ਜੋ ਕਿ ਜ਼ਬਰਦਸਤੀ ਕਿਸਾਨਾਂ ਦੀ 2400 ਏਕੜ ਜਮੀਨ ਜ਼ਬਰਦਸਤੀ ਅਕਵੈਰ ਕਰਨ ਜਾ ਰਹੀ ਹੈ ਜੇ ਸਰਕਾਰ ਨੇ ਫੈਸਲਾ ਵਾਪਸ ਨਾ ਲਿਆ ਤਾਂ ਹਮਖਿਆਲੀ ਪਾਰਟੀਆਂ ਨਾਲ ਰਲ ਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ। ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ ਇਸ ਵਿੱਚ ਹਾਜੀਰ ਸਾਥੀ ਕਾਮਰੇਡ ਜਗਤਾਰ ਸਿੰਘ ਕਾਮਰੇਡ ਰਜਿੰਦਰ ਸਿੰਘ ਕਾਮਰੇਡ ਸਵਰਨ ਸਿੰਘ ਬਲਵਿੰਦਰ ਸਿੰਘ ਸਾਬ ਸਿੰਘ ਰੂੜੀ ਵਾਲਾ ਕਾਮਰੇਡ ਸਰਜੀਤ ਸਿੰਘ ਨਿਸ਼ਾਨ ਸਿੰਘ ਚੋਹਲਾ ਸਾਹਿਬ ਆਦਿ ਸਾਥੀ ਹਾਜ਼ਰ ਸਨ।

# ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿਖੇ ਸਮਰ ਕੈਂਪ ਲਗਾਇਆ



**ਹੁਸ਼ਿਆਰਪੁਰ, 2 ਜੂਨ (ਆਵਾਜ਼ਿ ਕੌਮ ਬਿਊਰੋ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿੱਖੇ ਪ੍ਰਿੰਸੀਪਲ ਮਲਕੀਤ ਕੌਰ ਦੀ ਪ੍ਰਧਾਨਗੀ ਹੇਠ ਇਕ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਅੱਜ ਪਹਿਲੇ ਦਿਨ ਅੰਤਰ ਹਾਊਸ ਫੁੱਟਬਾਲ ਮੁਕਾਬਲੇ ਕਰਵਾਏ ਗਏ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਲੈਕਚਰਾਰ ਮੁਨੀਸ਼ ਮੌਦਗਿਲ ਨੇ ਦੱਸਿਆ ਕਿ ਅੱਜ ਹੋਏ ਮੁਕਾਬਲਿਆਂ ਵਿਚ ਸ਼ਹੀਦ ਭਗਤ ਸਿੰਘ ਹਾਊਸ ਨੇ ਸ਼ਹੀਦ ਊਧਮ ਸਿੰਘ ਹਾਊਸ ਨੂੰ 2-1 ਗੋਲ ਨਾਲ ਹਰਾਇਆ ਆਏ ਫਾਈਨਲ ਮੁਕਾਬਲੇ ਵਿਚ ਸ਼ਹੀਦ ਭਗਤ ਸਿੰਘ ਹਾਊਸ ਨੇ ਸਰਦਾਰ ਕਰਤਾਰ ਸਿੰਘ ਸਰਾਭਾ ਹਾਊਸ ਨੂੰ 3-2 ਨਾਲ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਸਮਰ ਕੈਂਪ ਦੌਰਾਨ ਲੈਕਚਰਾਰ ਪ੍ਰਭਜੋਤ ਸਿੰਘ, ਲੈਕਚਰਾਰ ਗੁਰਪ੍ਰੀਤ ਕੌਰ, ਲੈਕਚਰਾਰ ਮੁਨੀਸ਼ ਮੌਦਗਿਲ, ਲੈਕਚਰਾਰ ਹਰਵਿੰਦਰ ਕੌਰ, ਲੈਕਚਰਾਰ ਕੁਲਵਿੰਦਰਾ ਦੇਵੀ, ਪੰਜਾਬੀ ਅਧਿਆਪਕ ਹਰਮੇਸ਼ ਕੁਮਾਰੀ, ਸਾਇੰਸ ਅਧਿਆਪਕ ਹਰਕਮਲ ਕੌਰ, ਪੀ ਟੀ ਆਈ ਅਮਰਜੀਤ ਰਾਏ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਮੌਕੇ ਅੰਗਰੇਜ਼ੀ ਅਧਿਆਪਕਾ ਅਮਨਪ੍ਰੀਤ ਕੌਰ, ਗਣਿਤ ਅਧਿਆਪਕ ਬਲਬੀਰ ਸਿੰਘ ਅਤੇ ਮੋਨਿਕਾ ਲਾਂਬਾ, ਸਾਇੰਸ ਅਧਿਆਪਕ ਰਜਨੀ ਰਾਣੀ, ਹਿੰਦੀ ਅਧਿਆਪਕਾ ਸ਼ਬਨਮ, ਸਮਾਜਿਕ-ਸਿਖਿਆ ਅਧਿਆਪਕ ਅਰਵਿੰਦਰ ਕੌਰ, ਕੰਪਿਊਟਰ ਫੈਕਲਟੀ ਸੀਮਾ ਅਤੇ ਬਲਜਿੰਦਰ ਕੌਰ, ਜੂਨੀਅਰ ਸਹਾਇਕ ਸੁਨੀਤਾ ਦੇਵੀ, ਲਾਇਬ੍ਰੇਰੀਅਨ ਜਸਵਿੰਦਰ ਸਿੰਘ, ਕੈਂਪਸ ਮੈਨੇਜਰ ਗੁਰਮੇਲ ਸਿੰਘ ਤੋਂ ਇਲਾਵਾ ਸੋਨੀ, ਨੀਲਮ ਰਾਣੀ, ਪਰਮਜੀਤ ਕੌਰ ਅਤੇ ਬਲਵੀਰ ਕੁਮਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਮੌਕੇ ਹੋਇਆ ਲਾਮਿਸਾਲ ਇਕੱਠ

# ਮੌਜੂਦਾ ਸਮੇਂ 'ਚ ਸਿੱਖ ਕੌਮ 'ਚ ਇਕਜੁੱਟਤਾ ਦੀ ਵੱਡੀ ਲੋੜ : ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ
















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਪਿੰਡ ਰੋਡੇ (ਮੋਗਾ), 2 ਜੂਨ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਉਨ੍ਹਾਂ ਦੇ ਜੱਦੀ ਪਿੰਡ ਰੋਡੇ (ਮੋਗਾ) ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਪੰਜਾਬ ਭਰ ਅਤੇ ਦੇਸ਼-ਵਿਦੇਸ਼ ਤੋਂ ਸੰਗਤਾਂ ਵੱਡੀ ਰਿਕਾਰਡ ਤੋੜ ਗਿਣਤੀ ਵਿੱਚ ਪਹੁੰਚੀਆਂ। ਇਸ ਮੌਕੇ ਗਿਆਨੀ ਰਘਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਰੋਡੇ ਉਹ ਨਗਰ ਹੈ ਜਿਸ ਨਗਰ ਵਿਚ ਪਿਤਾ ਜੋਗਿੰਦਰ ਸਿੰਘ ਦੇ ਗ੍ਰਹਿ ਵਿਖੇ ਇਕ ਪਿਆਰੀ ਰੂਹ 2 ਜੂਨ 1947 ਨੂੰ ਪ੍ਰਗਟ ਹੋਈ। ਇਸ ਰੂਹ ਨੇ ਮਹਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਦੇ ਰੂਪ ਵਿਚ ਦਮਦਮੀ ਟਕਸਾਲ ਦੇ 14ਵੇਂ ਮੁਖੀ ਵਜੋਂ ਸਨਮਾਨ ਪ੍ਰਾਪਤ ਕੀਤਾ। ਜਿਹੜੇ ਕਾਰਜ ਸੰਤਾਂ ਜੀ ਨੇ ਕੀਤੇ ਉਹ ਇਕ ਚਾਨਣ ਮੁਨਾਰੇ ਦੀ ਤਰ੍ਹਾਂ ਹਨ ਉਹ ਕਾਰਜ ਇਤਿਹਾਸ ਦੇ ਪੰਨਿਆਂ 'ਚ ਹਮੇਸ਼ਾ ਕਾਇਮ ਰਹਿਣਗੇ। ਉਨ੍ਹਾਂ ਕਿਹਾ ਕਿ ਟਕਸਾਲ ਦਾ ਇਤਿਹਾਸ ਹੈ ਕਿ ਇਸ ਨੇ ਮਹਾਨ ਪ੍ਰਚਾਰਕ ਤੇ ਮਹਾਨ ਸ਼ਹੀਦ ਵੀ ਪੈਦਾ ਕੀਤੇ। ਟਕਸਾਲ ਵੱਲੋਂ ਪੈਦਾ ਕੀਤੇ ਸ਼ਹੀਦਾਂ ਦੀ ਸੂਚੀ ਬਹੁਤ ਲੰਬੀ ਹੈ। ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਹਰਿਮੰਦਰ ਸਾਹਿਬ 'ਤੇ ਚੜ੍ਹ ਕੇ ਆਈ ਫੌਜ ਦਾ ਡਟ ਕੇ ਮੁਕਾਬਲਾ ਕੀਤਾ ਤੇ ਸ਼ਹਾਦਤ ਪ੍ਰਾਪਤ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੰਤ ਸਿਪਾਹੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਕਹਿਣੀ ਤੇ ਕਰਨੀ ਦੇ ਇਕ ਸਨ । ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂ ਵਾਲਿਆਂ ਦੀ ਵਿਰਾਸਤ ਖਾਲਸੇ ਕੋਲ ਹੈ ਤੇ ਅੱਜ ਸੰਤਾਂ ਦਾ ਹਰ ਇੱਕ ਪੈਰੋਕਾਰ ਤੇ ਸ਼ਰਧਾਲੂ ਉਨ੍ਹਾਂ ਦੀ ਤਸਵੀਰ ਆਪਣੇ ਘਰ ਵਿਚ ਲਾ ਕੇ ਫ਼ਖ਼ਰ ਮਹਿਸੂਸ ਕਰਦਾ ਹੈ। ਸੰਤਾਂ ਦੀ ਕੁਰਬਾਨੀ ਕੋਈ ਨਿੱਜੀ ਮੰਤਵ ਲਈ ਨਹੀਂ ਸੀ ਬਲਕਿ ਉਨ੍ਹਾਂ ਨੇ ਆਪਣੀ ਸ਼ਹਾਦਤ ਸਮੁੱਚੀ ਸਿੱਖ ਕੌਮ ਵਾਸਤੇ ਦਿੱਤੀ ਹੈ। ਸੰਤਾਂ ਨੇ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ ਉੱਪਰ ਪਹਿਰਾ ਦਿੱਤਾ ਅਤੇ ਉਨ੍ਹਾਂ ਨੇ ਸੱਚ ਨੂੰ ਸੱਚ ਕਿਹਾ। ਗਿਆਨੀ ਗੁਰਬਿੰਦਰ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਨੇ ਆਪਣੇ ਸੰਬੋਧਨ ਵਿਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜੀਵਨ ਉੱਪਰ ਰੋਸ਼ਨੀ ਪਾਈ ਤੇ ਸਮੁੱਚੀ ਸੰਗਤ ਨੂੰ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਕਿਹਾ। ਗਿਆਨੀ ਕੇਵਲ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਜਿਨ੍ਹਾਂ ਸ਼ਹੀਦਾਂ ਨੇ ਸਿੱਖ ਕੌਮ ਲਈ ਆਪਣਾ ਖ਼ੂਨ ਵਹਾਇਆ ਤੇ ਸ਼ਹਾਦਤਾਂ ਦਿੱਤੀਆਂ ਉਨ੍ਹਾਂ ਵਿਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸ਼ਹਾਦਤ ਸੁਨਹਿਰੇ ਅੱਖਰਾਂ ਵਿਚ ਲਿਖੀ ਗਈ ਹੈ। ਬਾਬਾ ਸਰਬਜੋਤ ਸਿੰਘ ਬੇਦੀ ਉਨਾ ਸਾਹਿਬ ਵਾਲਿਆਂ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸਿੱਖ ਕੌਮ ਨੂੰ ਬਹੁਤ ਵੱਡੀ ਦੇਣ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖ ਕੌਮ ਬਹੁਤ ਸੰਕਟ ਵਿਚ ਗੁਜ਼ਰ ਰਹੀ ਹੈ। ਕਦੇ ਸੋਚਿਆਂ ਵੀ ਨਹੀਂ ਸੀ ਕਿ ਤਖ਼ਤ ਵੀ ਆਪਸ ਵਿਚ ਭਿੱੜ ਜਾਣਗੇ ਇਸ ਲਈ ਅਜਿਹੇ ਮਾਹੌਲ ਵਿਚ ਸੰਤਾਂ ਦੀ ਯਾਦ ਆਉਣਾ ਕੁਦਰਤੀ ਹੈ। ਸੰਤਾਂ ਦੀ ਇਸ ਸੰਕਟ ਭਰੇ ਸਮੇਂ ਵਿਚ ਅੱਜ ਵੀ ਲੋੜ ਹੈ। ਬੀਬੀ ਸਤਵੰਤ ਕੌਰ ਸਪੁੱਤਰੀ ਭਾਈ ਅਮਰੀਕ ਸਿੰਘ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸੰਤਾਂ ਦੇ ਜੀਵਨ ਬਾਰੇ ਮੇਰੇ ਤੋਂ ਪਹਿਲਾਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਰੋਸ਼ਨੀ ਪਾਈ ਗਈ ਹੈ। ਉਸ ਸਮੇਂ ਇਸ ਤਰ੍ਹਾਂ ਦਾ ਮਾਹੌਲ ਸੀ ਕਿ ਸੰਤ ਜਿੱਥੇ ਵੀ ਪੁੱਜਦੇ ਸਨ ਉੱਥੇ ਸੰਗਤਾਂ ਦਾ ਹੜ੍ਹ ਆ ਜਾਂਦਾ ਸੀ। ਉਨ੍ਹਾਂ ਕਿਹਾ ਕਿ ਭਾਈ ਅਮਰੀਕ ਸਿੰਘ ਤੇ ਬਾਰਾ ਸਿੰਘ ਦੀ ਗ੍ਰਿਫਤਾਰੀ ਮੌਕੇ ਸੰਤਾਂ ਨੂੰ ਬੁਖਾਰ ਸੀ ਪਰ ਉਨ੍ਹਾਂ ਨੇ ਆਪਣੀ ਬਿਮਾਰੀ ਦੀ ਪ੍ਰਵਾਹ ਕੀਤੇ ਬਗੈਰ ਉਸੇ ਵੇਲੇ ਮੋਰਚਾ ਲਾਉਣ ਦਾ ਐਲਾਨ ਕਰ ਦਿੱਤਾ। ਇਸ ਮੌਕੇ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਪਣੇ ਜਜ਼ਬਾਤੀ ਸੰਬੋਧਨ ਵਿਚ ਕਿਹਾ ਕਿ ਅੱਜ ਮਹਿਸੂਸ ਹੁੰਦਾ ਹੈ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵਰਗਾ ਹੋਰ ਕੋਈ ਆਗੂ ਪੈਦਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਮੈਂ ਇਹ ਗੱਲ ਇਸ ਕਰਕੇ ਨਹੀਂ ਕਹਿ ਰਿਹਾ ਕਿ ਮੈਂ ਉਨ੍ਹਾਂ ਦਾ ਭਤੀਜਾ ਹਾਂ ਬਲਕਿ ਇਹ ਇਕ ਹਕੀਕਤ ਹੈ। ਸੰਤ ਕੋਈ ਅੱਤਵਾਦੀ ਨਹੀਂ ਸਨ ਉਹ ਸਹੀ ਅਰਥਾਂ ਵਿਚ ਸੰਤ ਹਨ। ਜਦੋਂ ਸੰਤਾਂ ਨੂੰ ਗ੍ਰਿਫਤਾਰ ਕਰਨ ਦੀਆਂ ਸਾਰੀਆਂ ਸਕੀਮਾਂ ਫੇਲ੍ਹ ਹੋ ਗਈਆਂ, ਉਨ੍ਹਾਂ ਉਪਰ ਲਾਲਾ ਜਗਤ ਨਾਰਾਇਣ ਦਾ ਕੇਸ ਪਾਇਆ ਜੋ ਝੂਠਾ ਨਿਕਲਿਆ। ਉਨ੍ਹਾਂ ਕਿਹਾ ਕਿ ਭਾਈ ਅਮਰੀਕ ਸਿੰਘ ਤੇ ਬਾਬਾ ਥਾਰਾ ਸਿੰਘ ਸੰਤਾਂ ਦੀਆਂ ਬਾਹਾਂ ਸਨ। ਜਿਨ੍ਹਾਂ ਨੂੰ ਜਦੋਂ ਫੜ ਲਿਆ ਗਿਆ ਤਾਂ ਸੰਤਾਂ ਨੇ ਉਸੇ ਦਿਨ ਅਰਦਾਸਾ ਸੋਧ ਕੇ ਮੋਰਚਾ ਲਾ ਦਿੱਤਾ ਤੇ ਜਥਿਆਂ ਦੀ ਗ੍ਰਿਫਤਾਰੀ ਦਾ ਐਲਾਨ ਕਰ ਦਿੱਤਾ। ਇਸ ਐਲਾਨ ਤੋਂ ਬਾਅਦ ਗ੍ਰਿਫਤਾਰ ਸਿੰਘ ਰਿਹਾਅ ਕਰ ਦਿੱਤੇ ਗਏ। ਇਸ ਤਰ੍ਹਾਂ ਸੰਤਾਂ ਦਾ ਮੋਰਚਾ ਤਾਂ ਉਸੇ ਸਮੇਂ ਸਫਲ ਹੋ ਗਿਆ ਸ੍ਰੀ ਅਕਾਲੀ ਦਲ ਦਾ ਵੱਖਰਾ ਮੋਰਚਾ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਚੱਲ ਰਿਹਾ ਸੀ।

### ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਮੌਕੇ ਹੋਇਆ ਲਾਮਿਸਾਲ ਇਕੱਠ

# ਸੰਤਾਂ ਨੇ ਕੁਰਬਾਨੀ ਨਿੱਜੀ ਮੰਤਵ ਲਈ ਨਹੀਂ ਬਲਕਿ ਕੌਮ ਲਈ ਦਿੱਤੀ : ਐਡਵੋਕੇਟ ਧਾਮੀ








ਪ੍ਰੰਤੂ ਸੰਗਤਾਂ ਦਾ ਝੁਕਾਅ ਆਪ ਮੁਹਾਰੇ ਸੰਤਾਂ ਵੱਲ ਵੱਧਦਾ ਗਿਆ। ਭਾਈ ਰੋਡੇ ਨੇ ਕਿਹਾ ਕਿ ਅਨੰਦਪੁਰ ਸਾਹਿਬ ਦਾ ਮਤਾ ਸੰਘੀ ਢਾਂਚੇ ਤੋਂ ਵੱਖਰਾ ਨਹੀਂ ਹੈ। ਲੋਕਤੰਤਰ ਤੇ ਸੰਘੀ ਢਾਂਚਾ ਅਨੰਦਪੁਰ ਸਾਹਿਬ ਦਾ ਮਤਾ ਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੇ ਸੋਚੀ ਸਮਝੀ ਸਕੀਮ ਤਹਿਤ ਸਿੱਖ ਕੌਮ ਦੀ ਨਸਲਕੁਸ਼ੀ ਕੀਤੀ। ਭਾਈ ਰੋਡੇ ਨੇ ਕਿਹਾ ਕਿ ਜਦੋਂ ਸੰਤ ਜਰਨੈਲ ਸਿੰਘ ਨੂੰ ਪੁੱਛਿਆ ਗਿਆ ਕਿ ਕੀ ਉਹ ਖਾਲਿਸਤਾਨ ਚਾਹੁੰਦੇ ਹਨ ਤਾਂ ਸੰਤਾਂ ਨੇ ਜੁਆਬ ਦਿੱਤਾ ਸੀ ਕਿ ਭਾਰਤ ਸਰਕਾਰ ਦੱਸੇ ਕਿ ਉਹ ਸਿੱਖਾਂ ਨੂੰ ਆਪਣੇ ਨਾਲ ਰੱਖਣਾ ਚਾਹੁੰਦੀ ਹੈ ਜਾਂ ਨਹੀਂ। ਉਨ੍ਹਾਂ ਕਿਹਾ ਸੀ ਕਿ ਜਿਸ ਦਿਨ ਦਰਬਾਰ ਸਾਹਿਬ 'ਤੇ ਹਮਲਾ ਹੋਵੇਗਾ ਉਸੇ ਦਿਨ ਖਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਸ਼ਹੀਦ ਬੇਅੰਤ ਸਿੰਘ ਦੇ ਪੁੱਤਰ ਭਾਈ ਸਰਬਜੀਤ ਸਿੰਘ ਦੀ ਲੋਕ ਸਭਾ ਸੀਟ ਤੋਂ ਜਿੱਤ ਦੀ ਗੱਲ ਵੀ ਕੀਤੀ। ਉਨਾਂ ਕਿਹਾ ਕਿ ਪਹਿਲੀ ਮੀਟਿੰਗ ਵਿਚ ਕੇਵਲ 13 ਬੰਦਿਆਂ ਦਾ ਇਕੱਠ ਸੀ। ਪਰ ਅਸੀਂ ਇਸ ਚੋਣ ਮੁਹਿੰਮ ਦੀ ਸ਼ੁਰੂਆਤ ਗੁਰਦੁਆਰਾ ਸੰਤ ਖਾਲਸਾ ਤੋਂ ਮਾਰਚ ਕੱਢ ਕੇ ਕੀਤੀ। ਇਸ ਤੋਂ ਬਾਅਦ ਜਗ੍ਹਾ-ਜਗ੍ਹਾ ਭਾਈ ਸਰਬਜੀਤ ਸਿੰਘ ਦਾ ਸਨਮਾਨ ਕੀਤਾ ਗਿਆ। ਜਿਹੜੇ ਲੋਕ ਸੰਤ ਜਰਨੈਲ ਸਿੰਘ ਖਾਲਸਾ ਨੂੰ ਆਪਣੇ ਮਨਾਂ ਵਿਚ ਵਸਾਈ ਬੈਠੇ ਸਨ ਉਹ ਸਾਰੇ ਨਾਲ ਆ ਰਲੇ ਤੇ ਸਰਬਜੀਤ ਸਿੰਘ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਜਿੱਤ ਦੇ ਹੋਰ ਵੀ ਕਾਰਨ ਹੋ ਸਕਦੇ ਹਨ ਪ੍ਰੰਤੂ ਸੰਤ ਜਰਨੈਲ ਸਿੰਘ ਖਾਲਸਾ ਦੀ ਵਿਰਾਸਤ ਇਕ ਪ੍ਰਮੁੱਖ ਕਾਰਨ ਸੀ। ਭਾਈ ਰੋਡੇ ਨੇ ਕਿਹਾ ਕਿ ਮੈਨੂੰ ਕਿਸੇ ਪ੍ਰਧਾਨਗੀ ਜਾਂ ਚੌਧਰ ਦੀ ਲੋੜ ਨਹੀਂ ਹੈ ਤੇ ਮੈਂ ਕੇਵਲ ਇਹ ਚਾਹੁੰਦਾ ਹਾਂ ਕਿ ਇਥੇ ਆਏ ਆਗੂ ਤੇ ਪੁੱਜੀ ਸੰਗਤ ਦਾ ਉਮੀਦਵਾਰ ਇਕ ਹੋਵੇ। ਉਨ੍ਹਾਂ ਕਿਹਾ ਕਿ ਸੰਗਤਾਂ ਆਪਣੀ ਸਰਕਾਰ ਬਣਾਉਣ ਲਈ ਦ੍ਰਿੜ ਸੰਕਲਪ ਹੋਣ ਤੇ ਇਸ ਮਕਸਦ ਦੀ ਪ੍ਰਾਪਤੀ ਲਈ ਉਨ੍ਹਾਂ ਨੂੰ ਜੇਕਰ ਕਿਸੇ ਨੂੰ ਬੇਨਤੀ ਵੀ ਕਰਨੀ ਪਈ ਤਾਂ ਉਹ ਕਰਨਗੇ। ਭਾਈ ਰੋਡੇ ਨੇ ਕਿਹਾ ਕਿ ਸੰਤਾਂ ਨੇ ਲੱਖਾਂ ਨੌਜਵਾਨਾਂ ਨੂੰ ਸਿੰਘ ਸਜਾਇਆ ਤੇ ਸ਼ਹੀਦ ਪੈਦਾ ਕੀਤੇ। ਇਸ ਸਮੇਂ ਹਾਲਾਤ ਇਹ ਹਨ ਕਿ ਜੇਲ੍ਹਾਂ 'ਚ ਬੰਦ ਸਿੰਘਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਇਨਸਾਫ ਦੀ ਕੋਈ ਉਮੀਦ ਨਹੀਂ ਹੈ। ਇਸ ਲਈ ਤਕੜੇ ਹੋਵੇ ਇਕਜੁੱਟ ਹੋਵੇ ਜੇ ਆਪਾਂ ਸੰਤਾਂ ਤੋਂ ਥੋੜ੍ਹੀ ਜਿਹੀ ਵੀ ਸੇਧ ਲੈਣੀ ਹੈ ਤਾਂ ਕੁੱਝ ਤਾਂ ਕਰੀਏ। ਕੌਮੀ ਘਰ ਬਣਾਉਣਾ ਹੈ ਤਾਂ ਪਹਿਲਾਂ ਆਪਣਾ ਘਰ ਇਕੱਠਾ ਕਰੀਏ। ਇਸ ਮੌਕੇ ਸਿੰਘ ਸਾਹਿਬਾਨ ਸਿੱਖ ਸੰਪਰਦਾਵਾਂ ਨਿਹੰਗ ਸਿੰਘ ਜਥੇਬੰਦੀਆਂ ਉਦਾਸੀਨ ਸੰਪਰਦਾਇ ਨਿਰਮਲ ਸੰਪਰਦਾਇ ਕਿਸਾਨ ਜਥੇਬੰਦੀਆਂ ਰਾਜਨੀਤਕ ਜਥੇਬੰਦੀਆਂ ਨੌਜਵਾਨ ਜਥੇਬੰਦੀਆਂ ਤੇ ਸਮਾਗਮ ਵਿਚ ਪੁੱਜੀਆਂ ਹੋਰ ਸੰਸਥਾਵਾਂ ਤੇ ਸ਼ਖਸੀਅਤਾਂ ਦਾ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਮਾਣ-ਸਨਮਾਨ ਕੀਤਾ ਗਿਆ।

ਇਸ ਮੌਕੇ ਸਮਾਗਮ ਵਿੱਚ ਪਹੁੰਚੀਆਂ ਸ਼ਖਸੀਅਤਾਂ ਜਿਨ੍ਹਾਂ 'ਚ ਸੰਤ ਬਾਬਾ ਚਰਨਜੀਤ ਸਿੰਘ ਜੱਸਵਾਲ ਮੈਂਬਰ ਐੱਸਜੀਪੀਸੀ ਬੁਲਾਰਾ ਦਮਦਮੀ ਟਕਸਾਲ, ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਸੰਪਰਦਾਇ, ਸਿੰਘ ਸਾਹਿਬ ਜਥੇਦਾਰ ਬਾਬਾ ਬਲਵੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਵੱਲੋਂ ਜਥੇਦਾਰ ਲਖਵੀਰ ਸਿੰਘ, ਸਿੰਘ ਸਾਹਿਬ ਜਥੇਦਾਰ ਬਾਬਾ ਅਵਤਾਰ ਸਿੰਘ ਜੀ ਸੰਪਰਦਾਇ ਦਲ ਪੰਥ ਬਾਬਾ ਬਿਧੀਚੰਦ ਸਾਹਿਬ ਸੁਰ ਸਿੰਘ ਵਾਲਿਆਂ ਵੱਲੋਂ ਬਾਬਾ ਨਿਹਾਲ ਸਿੰਘ ਜੀ, ਜਥੇਦਾਰ ਬਾਬਾ ਜਗਜੀਤ ਸਿੰਘ ਜੀ ਮੁਖੀ ਗੁਰੂ ਨਾਨਕ ਦਲ ਮੜੀਆਂ ਵਾਲੇ, ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਵੱਲੋਂ ਜਥੇਦਾਰ ਸ਼ਮਸ਼ੇਰ ਸਿੰਘ, ਸੰਤ ਬਾਬਾ ਰਣਜੀਤ ਸਿੰਘ ਜੀ ਸੰਪਰਦਾਇ ਸੇਵਾ ਪੰਥੀ ਗੋਨਿਆਣਾ ਮੰਡੀ, ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਲੁਧਿਆਣੇ ਵਾਲੇ, ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲ ਵਾਲਿਆਂ ਵੱਲੋਂ ਗਿਆਨੀ ਗੁਰਪ੍ਰੀਤ ਸਿੰਘ ਜੀ, ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਜੀ ਖੋਸੇ ਕੋਟਲੇ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਜੀ ਮਾਲਕਾ ਫੱਤਾ, ਬਾਬਾ ਗੁਰਮੇਲ ਸਿੰਘ ਜੀ ਸਰਦੂਲੇ ਵਾਲੇ, ਸੰਤ ਬਾਬਾ ਨਰਿੰਦਰ ਸਿੰਘ ਜੀ, ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰ ਸੇਵਾ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਬਾਬਾ ਕਰਨੈਲ ਸਿੰਘ ਜੀ ਮੋਗੇ ਵਾਲੇ, ਬਾਬਾ ਮੋਗਾ ਜੀ ਧਰਮਕੋਟ ਕਾਰ ਸੇਵਾ, ਮਹੰਤ ਬਾਬਾ ਚਮਕੌਰ ਸਿੰਘ ਜੀ ਪੰਜ ਗਰਾਈਆਂ ਵਾਲੇ, ਸੰਤ ਬਾਬਾ ਬੋਹੜ ਸਿੰਘ ਜੀ ਛਾਪੜੀ ਸਾਹਿਬ ਤੂਤਾਂ ਵਾਲੇ, ਸੁਆਮੀ ਬਾਬਾ ਹਰਨਾਮ ਸਿੰਘ ਜੀ ਮਾਹਿਲਪੁਰ ਬੁੰਗੇ ਵਾਲਿਆਂ ਵੱਲੋਂ ਜਲੇਬੀਆਂ ਦੇ ਲੰਗਰ ਦੀ ਸੇਵਾ, ਸੰਤ ਬਾਬਾ ਗੁਰਦਿਆਲ ਸਿੰਘ ਜੀ ਲਵੇਆਣੇ ਵਾਲੇ, ਸੰਤ ਬਾਬਾ ਲੀਡਰ ਸਿੰਘ ਜੀ ਸੈਫਲਾਬਾਦ ਵਾਲੇ ਕਪੂਰਥਲਾ, ਸੰਤ ਬਾਬਾ ਅਮਰੀਕ ਸਿੰਘ ਖੁਖਰੈਣ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣੇ ਵਾਲੇ, ਸੰਤ ਬਾਬਾ ਹਰਵਿੰਦਰ ਸਿੰਘ ਜੀ ਰੌਲੀ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਜੀ ਕੱਟੂ ਵਾਲੇ, ਸੰਤ ਬਾਬਾ ਰੇਸ਼ਮ ਸਿੰਘ ਜੀ ਖੁਖਰਾਣੇ ਵਾਲੇ, ਸੰਤ ਬਾਬਾ ਹਰਜਿੰਦਰ ਸਿੰਘ ਜੀ ਮਟੀਲੀ ਵਾਲੇ, ਸੰਤ ਬਾਬਾ ਸੁਖਪ੍ਰੀਤ ਸਿੰਘ ਰਾਜੇਆਣੇ ਵਾਲੇ, ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲਿਆਂ ਵੱਲੋਂ ਗਿਆਨੀ ਸਤਨਾਮ ਸਿੰਘ ਜਨੇਰ ਵਾਲੇ, ਭਾਈ ਗੁਰਪ੍ਰੀਤ ਸਿੰਘ ਰੋਡੇ ਫਲਾਇੰਗ ਇੰਚਾਰਜ ਐੱਸਜੀਪੀਸੀ, ਗਿ. ਪਰਮਿੰਦਰ ਸਿੰਘ ਦਮਦਮੀ ਟਕਸਾਲ, ਗਿ. ਬਿੱਕਰਮਜੀਤ ਸਿੰਘ ਦਮਦਮੀ ਟਕਸਾਲ, ਜਥੇਦਾਰ ਬਾਬਾ ਜਗਤਾਰ ਸਿੰਘ ਜੀ, ਭਾਈ ਨਰੈਣ ਸਿੰਘ ਚੌੜਾ, ਭਾਈ ਸੁਖਹਰਪ੍ਰੀਤ ਸਿੰਘ ਰੋਡ ਐਗਜੈਕਟਿਵ ਮੈਂਬਰ ਐੱਸ.ਜੀ.ਪੀ.ਸੀ., ਭਾਈ ਕੁਲਦੀਪ ਸਿੰਘ ਰੋਡੇ ਸਕੱਤਰ ਐੱਸਜੀਪੀਸੀ, ਸ. ਕੁਲਦੀਪ ਸਿੰਘ ਵਜੀਦਪੁਰ ਪ੍ਰਧਾਨ ਕਿਸਾਨ ਯੂਨੀਅਨ ਦੋਆਬਾ, ਕੁਲਦੀਪ ਸਿੰਘ ਦਿਆਲਾ ਕਿਸਾਨ ਆਗੂ, ਪ੍ਰਿਤਪਾਲ ਸਿੰਘ ਪ੍ਰਧਾਨ ਗੁ. ਦੁਖ ਨਿਵਾਰਨ ਸਾਹਿਬ ਲੁਧਿਆਣਾ, ਬਾਬਾ ਹਰਭਜਨ ਸਿੰਘ ਜੰਡ ਸਾਹਿਬ ਮੁਕਤਸਰ ਸਾਹਿਬ ਵਾਲੇ, ਸੰਤ ਬਾਬਾ ਬੂਟਾ ਸਿੰਘ ਗੁੜਥੜੀ ਵਾਲੇ ਮੈਂਬਰ ਐੱਸਜੀਪੀਸੀ, ਸੰਤ ਸੁਖਚੈਨ ਸਿੰਘ ਮਾਣੇਵਾਲਾ, ਮਹੰਤ ਸੁਧਮੁਨੀ ਜੀ ਚੂਹੜ ਚੱਕ ਵਾਲੇ, ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ



ਦਲ, ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਜੀ, ਭਾਈ ਪ੍ਰੇਮ ਸਿੰਘ ਜੀ ਮੁੱਖ ਅਰਦਾਸੀਏ ਸੱਚਖੰਡ ਸ੍ਰੀ ਦਰਬਾਰ ਸਾਹਿਬ, ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਮੈਂਬਰ ਐੱਸਜੀਪੀਸੀ, ਬਾਬਾ ਮਲਕ ਸਿੰਘ ਜੀ ਜਲੰਧਰ ਵਾਲੇ, ਬਾਬਾ ਭੋਲਾ ਸਿੰਘ ਘੁਰਕਣੀ ਵਾਲੇ, ਬਾਬਾ ਲਾਲ ਸਿੰਘ ਧੂਲਕੋਟ ਵਾਲੇ, ਬਾਬਾ ਅਜੀਤ ਸਿੰਘ ਸ਼ੇਖੂਪੁਰਾ, ਬਾਬਾ ਮਲਕੀਤ ਸਿੰਘ ਜਲੰਧਰ ਵਾਲੇ, ਬਾਬਾ ਅਮਰਜੀਤ ਸਿੰਘ ਗਗੜਾ, ਸੰਤ ਬਾਬਾ ਸੁੱਚਾ ਸਿੰਘ ਕਾਰ ਸੇਵਾ ਕਿਲ੍ਹਾ ਆਨੰਦਗੜ੍ਹ, ਬਾਬਾ ਮੋਹਣ ਦਾਸ ਬਰਗਾੜੀ, ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲ ਵਾਲੇ, ਬਾਬਾ ਮਨਪ੍ਰੀਤ ਸਿੰਘ ਫਰੀਦਕੋਟ, ਬਾਬਾ ਗੁਰਮੀਤ ਸਿੰਘ ਦਬੜੀਖਾਨਾ, ਭਾਈ ਮੱਖਣ ਸਿੰਘ ਜੀ ਦਰਬਾਰ ਸਾਹਿਬ ਵਾਲੇ ਹਜ਼ੂਰੀ ਰਾਗੀ ਜਥਾ, ਮਾਸਟਰ ਜੋਹਲ ਸਿੰਘ ਗੁ. ਛੋਟਾ ਘੱਲੂਘਾਰਾ ਕਾਹਨੂੰਵਾਨ ਛੰਭ, ਭਾਈ ਅਮੋਲਕ ਸਿੰਘ ਅਖਾੜਾ, ਭਾਈ ਕ੍ਰਿਪਾ ਸਿੰਘ ਨੱਥੂਵਾਲਾ ਪ੍ਰਧਾਨ ਕਿਸਾਨ ਬਚਾਓ ਮੋਰਚਾ, ਬਲਵੰਤ ਸਿੰਘ ਬਹਿਰਾਮ ਕੇ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ ਭਾਰਤੀ ਕਿਸਾਨ ਯੂਨੀਅਨ, ਸੰਤ ਬਾਬਾ ਸੁੱਚਾ ਸਿੰਘ, ਸ. ਤੇਜਵੰਤ ਸਿੰਘ ਗਰੇਵਾਲ ਨਾਰੰਗਵਾਲਾ, ਬਾਬਾ ਅਮਰਜੀਤ ਸਿੰਘ ਜੀ ਗੁ. ਗੋਪਾਲਸਰ ਪਿੰਡ ਗਗੜਾ ਜਗਰਾਵਾਂ, ਸੂਬਾ ਸਿੰਘ ਸਿਦਕੀ, ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੀ ਸਪੁੱਤਰੀ ਬੀਬੀ ਸਤਵੰਤ ਕੌਰ ਜੀ, ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ, ਸੰਤ ਬਾਬਾ ਅਵਤਾਰ ਸਿੰਘ ਜੀ ਸਾਧਾਂ ਵਾਲੇ, ਜਥੇਦਾਰ ਜੋਗਿੰਦਰ ਸਿੰਘ ਬਠਿੰਡਾ, ਬਾਬਾ ਪਰਮਿੰਦਰ ਸਿੰਘ ਕੁਲਾਰ ਬਠਿੰਡਾ, ਜਥੇਦਾਰ ਰਵਿੰਦਰ ਸਿੰਘ ਖਾਲਸਾ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਰਣਜੀਤ ਸਿੰਘ ਵਾਦਰ ਡੋਡ, ਸੰਤ ਸਾਵਣ ਦਾਸ ਕੋਟ ਈਸੇ ਖਾਂ, ਸੰਤ ਜਗਦੇਵ ਮੁਨੀ ਜੀ ਖਾਈ ਵਾਲੇ, ਬਾਬਾ ਬੀਰ ਸਿੰਘ ਸੇਖਾ ਕਲਾਂ, ਬਾਬਾ ਚਮਕੌਰ ਸਿੰਘ ਗੱਜਣਵਾਲ, ਸੰਤ ਗੁਰਬੰਤ ਦਾਸ ਰੋਤੇ ਵਾਲੇ, ਬੀਬੀ ਅੰਮ੍ਰਿਤ ਕੌਰ ਜੀ ਮਲੋਆ ਸ਼ਹੀਦ ਭਾਈ ਬੇਅੰਤ ਸਿੰਘ ਦੀ ਸਪੁੱਤਰੀ, ਬਾਬਾ ਰੇਸ਼ਮ ਸਿੰਘ ਖੁਖਰਾਣੇ ਵਾਲੇ, ਗਿ. ਤੇਜਬੀਰ ਸਿੰਘ ਦਮਦਮੀ ਟਕਸਾਲ, ਬਾਬਾ ਗੁਰਮੀਤ ਸਿੰਘ ਮੱਲਕੇ, ਗਿ. ਗੁਰਦਿੱਤ ਸਿੰਘ ਹਰੀਏਵਾਲਾ, ਬਾਬਾ ਬਲਵਿੰਦਰ ਸਿੰਘ ਕਾਰ ਸੇਵਾ ਪੱਖਕੇ ਵਾਲੇ, ਸੁਖਦੇਵ ਸਿੰਘ ਬੱਬਰ ਨਿਹਾਲ ਸਿੰਘ ਵਾਲਾ, ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਜੀ, ਭਾਈ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਅਮਰ ਸ਼ਹੀਦ ਭਾਈ ਸਤਵੰਤ ਸਿੰਘ ਜੀ, ਬਾਬਾ ਖੁਸ਼ਵੰਤ ਸਿੰਘ ਰਾਜੂ ਜੀ ਇਸ਼ਨਾਨ ਸੇਵਾ ਵਾਲੇ, ਬਾਬਾ ਨਿਹਾਲ ਸਿੰਘ ਜੀ, ਜਥੇ, ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ, ਸੰਪਰਦਾਇ ਦਲ ਪੰਥ ਬਾਬਾ ਬਿਧੀਚੰਦ ਜੀ, ਐੱਮ.ਐੱਲ.ਏ. ਅੰਮ੍ਰਿਤਪਾਲ ਸਿੰਘ ਸੁਖਾਨੰਦ, ਭਾਈ ਅਮਰਜੀਤ ਸਿੰਘ ਕੁਲਾਰ, ਮਹੰਤ ਸਾਵਣ ਦਾਸ ਬਖਤਗੜ੍ਹ, ਬਾਬਾ ਗੁਰਦਿਆਲ ਸਿੰਘ ਲੇਵੇਆਣਾ, ਕੇਵਲ ਸਿੰਘ ਥਰਾਜ, ਸੰਤ ਬਾਬਾ ਬੰਤ ਸਿੰਘ ਜੀ ਮਦਨਪੁਰ ਚਲਹੇੜੀ ਰਾਜਪੁਰਾ, ਜਥੇਦਾਰ ਬੂਟਾ ਸਿੰਘ ਰਣਸੀਹ, ਮੱਖਣ ਸਿੰਘ ਬਰਾੜ, ਬਾਪੂ ਤਰਸੇਮ ਸਿੰਘ (ਵਾਰਿਸ ਪੰਜਾਬ ਦੇ ਅਕਾਲੀ ਦਲ ਜਥੇਬੰਦੀ), ਸੰਤ ਬਾਬਾ ਜਸਵੰਤ ਸਿੰਘ ਸੋਢੀ ਵਿਦਿਆਲਾ ਆਸਲ ਉਠਾੜਵਾਲੇ, ਸੰਤ ਬਾਬਾ ਮੌਜਦਾਸ ਜੀ ਮਾੜੀ ਕੰਬੋਕੀ, ਬਾਬਾ ਸ਼ਮਸ਼ੇਰ ਸਿੰਘ ਅਰਬਾਂ-ਖਰਬਾਂ ਵਾਲੇ, ਭਾਈ ਮਨਜੀਤ ਸਿੰਘ ਜੀ ਸਪੁੱਤਰ ਸੰਤ ਬਾਬਾ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲੇ, ਭਾਈ ਪਰਮਜੀਤ ਸਿੰਘ ਸਹੇਲੀ, ਭਾਈ ਸੰਤਾ ਸਿੰਘ ਜੀ ਉਮੈਦਪੁਰੀ, ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ, ਹਰਿਆਣਾ ਸਿੱਖ ਗੁ. ਪ੍ਰਬੰਧਕ ਕਮੇਟੀ ਚੇਅਰਮੈਨ ਧਾਰਮਿਕ ਵਿੰਗ, ਬਾਬਾ ਬੱਗਾ ਸਿੰਘ ਜੀ ਨਾਨਕਸਰ ਵਿਰਕਾਂ ਵਾਲੇ, ਬਾਬਾ ਧਰਮਪਾਲ ਸਿੰਘ ਸੰਗੋਵਾਲ ਵਾਲੇ, ਬਾਬਾ ਅਜਮੇਰ ਸਿੰਘ ਭਰੋਵਾਲ ਕਲਾਂ, ਭਾਈ ਸਵਰਨ ਸਿੰਘ ਬੰਗਾ ਮੈਂਬਰ ਹਰਿਆਣਾ ਕਮੇਟੀ, ਗਿ. ਗਗਨਦੀਪ ਸਿੰਘ ਨਾਢਾ ਸਾਹਿਬ, ਭਾਈ ਸਤਿੰਦਰ ਸਿੰਘ ਬਗਣਾ ਇਚਾਰਜ ਧਰਮ ਪ੍ਰਚਾਰ ਸਬ ਦਫਤਰ ਨਾਢਾ ਸਾਹਿਬ, ਐਡਵੋਕੇਟ ਛਿੰਦਰਪਾਲ ਸਿੰਘ ਬਰਾੜ, ਗਿ. ਦਮਨਪ੍ਰੀਤ ਸਿੰਘ ਗੁਰਦਾਸਪੁਰ, ਮਲਕੀਤ ਸਿੰਘ ਰੰਧਾਵਾ, ਜਥੇਦਾਰ ਬਾਬਾ ਸਰਵਣ ਸਿੰਘ ਰਸਾਲਦਾਸ, ਭਾਈ ਸੁਖਦੇਵ ਸਿੰਘ, ਗਿਆਨੀ ਸੁਰਜੀਤ ਸਿੰਘ ਸੋਂਧੀ, ਸੰਤ ਬਾਬਾ ਸੁੱਖਾ ਸਿੰਘ ਜੀ, ਸੰਤ ਬਾਬਾ ਹਾਕਮ ਸਿੰਘ ਕਾਰ ਸੇਵਾ ਸਰਹਾਲੀ ਸਾਹਿਬ, ਸੁੱਖ ਗਿੱਲ ਮੋਗਾ, ਭਾਰਤੀ ਕਿਸਾਨ ਯੂਨੀਅਨ ਤੋਤੇਵਾਲ, ਬਾਬਾ ਸਤਨਾਮ ਵੱਲੀਆਂ ਵਾਲੇ ਧਾਰਮਿਕ ਵਿੰਗ ਆਈਪੀਡੀ, ਸੰਤ ਬਾਬਾ ਹਰਵਿੰਦਰ ਸਿੰਘ ਰੋਲੀ ਵਾਲੇ, ਸਾਬਕਾ ਐੱਮਪੀ ਰਾਜਦੇਵ ਸਿੰਘ, ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ, ਬਾਬਾ ਜਸਵਿੰਦਰ ਸਿੰਘ ਖੰਜਰਵਾਲ ਠਾਠ ਵਾਲੇ, ਬਾਬਾ ਪ੍ਰੀਤਮ ਸਿੰਘ ਰਾਜਪੁਰੇ ਵਾਲੇ, ਭਾਈ ਸਤਵੰਤ ਸਿੰਘ ਜੀ ਪੁੱਤਰ ਸ਼ਹੀਦ ਭਾਈ ਕੇਹਰ ਸਿੰਘ, ਸੰਤ ਬਾਬਾ ਹਰਚਰਨ ਸਿੰਘ ਜੀ ਰਾਮਦਾਸ ਪੁਰਾ ਵਾਲੇ, ਭਾਈ ਅਮਰਜੀਤ ਸਿੰਘ ਮਰਿਯਾਦਾ, ਬਾਬਾ ਜਸਵਿੰਦਰ ਸਿੰਘ ਰਾਜੇਆਣਾ, ਬਾਬਾ ਭਜਨ ਸਿੰਘ ਔਲਖ, ਗਿ. ਕਰਨਬੀਰ ਸਿੰਘ ਦਮਦਮੀ ਟਕਸਾਲ, ਗਿ.ਅਮਰੀਕ ਸਿੰਘ, ਗਿ. ਕਨਵਰ ਸਿੰਘ ਦਮਦਮੀ ਟਕਸਾਲ, ਗਿ. ਮਨਦੀਪ ਸਿੰਘ, ਭਾਈ ਗੁਰਪ੍ਰੀਤ ਸਿੰਘ, ਦਮਦਮੀ ਟਕਸਾਲ, ਭਾਈ ਗੁਰਪ੍ਰੀਤ ਸਿੰਘ ਫਰਾਂਸ, ਜਥੇ. ਦਲੀਪ ਸਿੰਘ ਚੱਕਰ ਕਨਵੀਨਰ ਆਈਪੀਡੀ, ਸ਼ਹੀਦ ਭਾਈ ਹੁਸਨ ਸਿੰਘ ਡਾਲਾ, ਸੰਤ ਬਾਬਾ ਸੁਖਵਿੰਦਰ ਸਿੰਘ, ਸੰਤ ਬਾਬਾ ਬਲਕਾਰ ਸਿੰਘ ਘਲੀਆ, ਸੰਤ ਬਾਬਾ ਨਰਿੰਦਰ ਸਿੰਘ ਸੰਤ ਬਾਬਾ ਬਲਵਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲਿਆਂ ਵੱਲੋਂ, ਬਾਬਾ ਕਰਨੈਲ ਸਿੰਘ ਜੀ ਮੋਗੇ ਵਾਲੇ, ਬਾਬਾ ਮੰਗਾ ਸਿੰਘ ਧਰਮਪੁਰੇ ਵਾਲੇ, ਜਥੇਦਾਰ ਬਾਬਾ ਸੁਖਦੇਵ ਸਿੰਘ ਲੋਪੋ ਵਾਲੇ, ਜਥੇਦਾਰ ਮੇਜਰ ਸਿੰਘ ਸੋਢੀ, ਜਥੇਦਾਰ ਬਾਬਾ ਜਸਵੰਤ ਸਿੰਘ ਰੋਡੇ, ਬਾਬਾ ਸੁਖਵਿੰਦਰ ਸਿੰਘ ਕਾਦਰਾਬਾਦ ਵਾਲੇ, ਭਾਈ ਸਰਬਜੀਤ ਸਿੰਘ ਖਾਲਸਾ ਐੱਮਪੀ. ਫਰੀਦਕੋਟ, ਸੰਤ ਬਾਬਾ ਬਖਸ਼ੀਸ਼ ਸਿੰਘ ਚੱਕ ਮਰਹਾਣੇ ਵਾਲੇ, ਬਾਬਾ ਲਖਵੀਰ ਸਿੰਘ, ਬਾਬਾ ਜੋਗਾ, ਸ਼ੇਰ ਸਿੰਘ, ਭਾਈ ਖੰਡਾ ਯੂਕੇ. ਦੇ ਮਾਤਾ ਜੀ ਚਰਨਜੀਤ ਕੌਰ, ਸੰਤ ਬਾਬਾ ਸੋਹਣ ਸਿੰਘ ਖੁਸ਼ਿਦਲ, ਜਥੇਦਾਰ ਅਵਤਾਰ ਸਿੰਘ ਵਣਾਂਵਾਲੀ, ਸ. ਦਇਆ ਸਿੰਘ ਲਹੌਰੀਆ ਸੰਤ ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ,ਕੁਲਵੰਤ ਸਿੰਘ, ਰੇਸ਼ਮ ਸਿੰਘ ਬੁਰਜ ਮਹਿਮਾ ਭਾਈ ਹਰਵਿੰਦਰ ਸਿੰਘ ਹਜ਼ੂਰੀ ਰਾਗੀ ਜਥਾ ਗੁ. ਸੰਤ ਖਾਲਸਾ, ਭਾਈ ਸਾਹਿਬ ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਜਥਾ, ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਪੰਥ ਪ੍ਰਸਿੱਧ ਕਵੀਸ਼ਰੀ

ਜੱਥਾ ਗਿਆਨੀ ਗੁਰਮੁੱਖ ਸਿੰਘ ਐੱਮ.ਏ. ਨੇ ਆਪਣੀ ਹਾਜਰੀ ਲਵਾਈ। ਅੱਜ ਦੇ ਸਮੁੱਚੇ ਸਮਾਗਮ ਦੀ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਸੰਤ ਬਾਬਾ ਸਵਰਨਜੀਤ ਸਿੰਘ ਪਠਲਾਵੇ ਵਾਲਿਆਂ ਨੇ ਬੜੇ ਸੁਚੱਜੇ ਢੰਗ ਨਾਲ ਨਿਭਾਈ। ਅੱਜ ਦੇ ਰਿਕਾਰਡਤੋੜ ਸੰਗਤਾਂ ਦੇ ਇਕੱਠ ਨੂੰ ਢਾਡੀ ਜੱਥਿਆਂ ਨੇ ਆਪਣੀ ਕਵੀਸ਼ਰੀ ਅਤੇ ਵਾਰਾਂ ਨਾਲ ਨਿਹਾਲ ਕੀਤਾ। ਸਮੂਹ ਸੰਗਤਾਂ ਲਈ ਗੁਰੂ ਕੇ ਅਤੁੱਟ ਲੰਗਰ ਦੇ ਪ੍ਰਵਾਹ ਚੱਲਦੇ ਰਹੇ। ਅੰਤ ਵਿਚ ਕੈਪਟਨ ਹਰਚਰਨ ਸਿੰਘ ਰੋਡੇ ਭਰਾਤਾ ਸੰਤ ਜਰਨੈਲ ਸਿੰਘ ਜੀ ਭਿੰਡਰਾਂ ਵਾਲਿਆਂ ਨੇ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ••